Designer & Customized
WEDDING
CARDS & BOXES
Shagun Envelopes & Saha Chithi
More Than 500 Designs
of Wedding Cards & Boxes
More Info Call us or Whatsapp:
+91-988881 88887, 988882 88887
weddingsea@gmail.com
SEA DESIGN COMPANY

ਰੋਜ਼ਾਨਾ

# ਸ਼ਹੀਦ-ਏ-ਆਜ਼ਮ

SHAHEED-E-AZAM, DAILY PUNJABI NEWSPAPER, PATIALA ਰੋਜ਼ਾਨਾ ਪੰਜਾਬੀ ਅਖ਼ਬਾਰ, ਪਟਿਆਲਾ

Shaheed-e-Azam
PRINTING PRESS
Customized and Designer
- Wedding Invitations
- Wedding Boxes
(MDF/Acrylic/Folding)
- Shagan Envelop
- Sahi Chithi
98881-88887

PRGI (RNI) Regd. No. 42354 | Website : www.shaheedeazamnews.com | e-mail:seanewspatiala@gmail.com | Tel.: 0175-5124275, 9814632807 | Facebook: ShaheedeAzamnews | Youtube: @ShaheedeAzamnews

Year: 43 Issue : 76 Chief Editor : Chowdhary Prabhjit Singh, Editor : Chhatarpal Singh 98146-32807, Saturday 5 September 2026 Price : 2 Rs. Page : 6

## ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ ਵੱਲੋਂ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨਾਲ ਮੁਲਾਕਾਤ



**ਨਵੀਂ ਦਿੱਲੀ, 4 ਸਤੰਬਰ**
**-ਚੌਧਰੀ ਪ੍ਰਭਜੀਤ ਸਿੰਘ-**

ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਨੇ ਕਲ ਇੱਥੇ ਕੇਂਦਰੀ ਗ੍ਰਹਿ ਮੰਤਰੀ ਸ੍ਰੀ ਅਮਿਤ ਸ਼ਾਹ ਨਾਲ ਮੁਲਾਕਾਤ ਕੀਤੀ ਅਤੇ ਦਿੱਲੀ ਦੀ ਸਿੱਖ ਸੰਗਤ ਨਾਲ ਸਬੰਧਤ ਮਾਮਲਿਆਂ ਸਮੇਤ ਸਿੱਖ ਪੰਥ ਦੇ ਵੱਖ-ਵੱਖ ਅਹਿਮ ਮੁੱਦਿਆਂ ’ਤੇ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ।

ਮੁਲਾਕਾਤ ਦੌਰਾਨ ਸਰਦਾਰ ਹਰਮੀਤ ਸਿੰਘ ਕਾਲਕਾ ਨੇ ਕੇਂਦਰੀ ਗ੍ਰਹਿ ਮੰਤਰੀ ਨੂੰ ਸਿੱਖ ਭਾਈਚਾਰੇ ਦੀ ਭਲਾਈ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੀਆਂ ਧਾਰਮਿਕ ਅਤੇ ਸੱਭਿਆਚਾਰਕ ਸੰਸਥਾਵਾਂ ਦੇ ਕੰਮਕਾਜ ਤੇ ਵਿਕਾਸ ਅਤੇ ਸਿੱਖ ਕੌਮ ਨਾਲ ਸਬੰਧਤ ਹੋਰ ਮਹੱਤਵਪੂਰਨ ਮਾਮਲਿਆਂ ਬਾਰੇ ਜਾਣੂ ਕਰਵਾਇਆ।

ਸਰਦਾਰ ਹਰਮੀਤ ਸਿੰਘ ਕਾਲਕਾ ਨੇ ਕਿਹਾ ਕਿ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਆਪਣੀਆਂ ਸੇਵਾ-ਮੁਖੀ ਗਤੀਵਿਧੀਆਂ ਨੂੰ ਹੋਰ ਮਜ਼ਬੂਤ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਇਹ ਯਕੀਨੀ ਬਣਾਉਣ ਲਈ ਲਗਾਤਾਰ ਯਤਨਸ਼ੀਲ ਹੈ ਕਿ ਸੰਗਤ ਨੂੰ ਕਮੇਟੀ ਵੱਲੋਂ ਮੁਹੱਈਆ ਕਰਵਾਈ ਜਾ ਰਹੀ ਮਿਆਰੀ ਸਿੱਖਿਆ, ਸਿਹਤ ਸੇਵਾਵਾਂ, ਧਾਰਮਿਕ ਸੇਵਾਵਾਂ ਅਤੇ ਹੋਰ ਭਲਾਈ ਕਾਰਜਾਂ ਦਾ ਵੱਧ ਤੋਂ ਵੱਧ ਲਾਭ ਮਿਲ ਸਕੇ। ਉਨ੍ਹਾਂ ਕਿਹਾ ਕਿ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਸਿੱਖ ਭਾਈਚਾਰੇ ਨਾਲ ਸਬੰਧਤ ਮੁੱਦਿਆਂ ਦੇ ਹੱਲ ਅਤੇ ਸਿੱਖ ਕੌਮ ਦੀਆਂ ਧਾਰਮਿਕ, ਸੱਭਿਆਚਾਰਕ ਅਤੇ ਵਿੱਦਿਅਕ ਸੰਸਥਾਵਾਂ ਦੀ ਸੁਰੱਖਿਆ ਤੇ ਪ੍ਰਚਾਰ-ਪ੍ਰਸਾਰ ਲਈ ਕੇਂਦਰ ਸਰਕਾਰ ਅਤੇ ਹੋਰ ਸਬੰਧਤ ਅਧਿਕਾਰੀਆਂ ਨਾਲ ਉਸਾਰੂ ਢੰਗ ਨਾਲ ਵਿਚਾਰ-ਵਟਾਂਦਰਾ ਜਾਰੀ ਰੱਖੇਗੀ।

ਸਰਦਾਰ ਕਾਲਕਾ ਨੇ ਕਿਹਾ ਕਿ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਸੰਗਤ ਦੀ ਭਲਾਈ ਲਈ ਪੂਰੀ ਲਗਨ, ਸਮਰਪਣ ਅਤੇ ਇਮਾਨਦਾਰੀ ਨਾਲ ਸੇਵਾ ਕਰਦੀ ਰਹੇਗੀ ਅਤੇ ਇਸ ਨੂੰ ਸੌਂਪੀਆਂ ਗਈਆਂ ਸੰਸਥਾਵਾਂ ਨੂੰ ਹੋਰ ਮਜ਼ਬੂਤ ਕਰਨ ਦੇ ਨਾਲ-ਨਾਲ ਸਿੱਖ ਪੰਥ ਦੀ ਅਮੀਰ ਵਿਰਾਸਤ, ਕਦਰਾਂ-ਕੀਮਤਾਂ ਅਤੇ ਪ੍ਰੰਪਰਾਵਾਂ ਨੂੰ ਸੁਰੱਖਿਅਤ ਰੱਖਣ ਲਈ ਵਚਨਬੱਧ ਰਹੇਗੀ।

## ਭਗਵੰਤ ਮਾਨ ਸਰਕਾਰ ਵੱਲੋਂ 85000 ਮੁਲਾਜ਼ਮਾਂ ਨੂੰ 60% 41 ਦੇਣ ਦਾ ਫ਼ੈਸਲਾ: ਅਮਨ ਅਰੋੜਾ ਨੇ ਕੀਤਾ ਐਲਾਨ

**ਚੰਡੀਗੜ੍ਹ 4 ਸਤੰਬਰ**
**-ਛਤਰਪਾਲ ਸਿੰਘ-**

ਭਗਵੰਤ ਮਾਨ ਸਰਕਾਰ ਨੇ 17 ਜੁਲਾਈ 2020 ਤੋਂ ਬਾਅਦ ਭਰਤੀ ਹੋਏ ਕਰੀਬ 85 ਹਜ਼ਾਰ ਮੁਲਾਜ਼ਮਾਂ ਨੂੰ ਵੱਡੀ ਰਾਹਤ ਦੇਣ ਦੀ ਤਿਆਰੀ ਕਰ ਲਈ ਹੈ। ਕੈਬਨਿਟ ਸਬ-ਕਮੇਟੀ ਨੇ ਇਨ੍ਹਾਂ ਮੁਲਾਜ਼ਮਾਂ ਨੂੰ ਮਿਲ ਰਹੇ ਮਹਿੰਗਾਈ ਭੱਤੇ (41) ਨੂੰ ਮੌਜੂਦਾ 42 ਫ਼ੀਸਦੀ ਤੋਂ ਵਧਾ ਕੇ 60 ਫ਼ੀਸਦੀ ਕਰਨ ਦੀ ਸਿਫ਼ਾਰਸ਼ ਮੁੱਖ ਮੰਤਰੀ ਭਗਵੰਤ ਮਾਨ ਨੂੰ ਭੇਜਣ ਦਾ ਫ਼ੈਸਲਾ ਕੀਤਾ ਹੈ। ਸਰਕਾਰ ਵੱਲੋਂ ਇਸ ਫ਼ੈਸਲੇ ਨੂੰ ਮੁਲਾਜ਼ਮ ਵਰਗ ਲਈ ਵੱਡੇ ਤੋਹਫ਼ੇ ਵਜੋਂ ਪੇਸ਼ ਕੀਤਾ ਗਿਆ ਹੈ।

ਕੈਬਨਟ ਸਬ-ਕਮੇਟੀ ਦੇ ਮੈਂਬਰ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਪਹਿਲੇ ਦਿਨ ਤੋਂ ਹੀ ਪੰਜਾਬ ਦੇ ਹਰ ਵਰਗ ਦੀ ਭਲਾਈ ਲਈ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸਰਕਾਰੀ ਮੁਲਾਜ਼ਮ ਸਰਕਾਰ ਅਤੇ ਇਸ ਦੀ ਗੁੱਡ ਗਵਰਨੈਂਸ ਦਾ ਅਹਿਮ ਹਿੱਸਾ ਹਨ ਅਤੇ ਉਨ੍ਹਾਂ ਤੋਂ ਬਿਨਾਂ ਪ੍ਰਸ਼ਾਸਨ ਨੂੰ ਸੁਚਾਰੂ ਢੰਗ ਨਾਲ ਚਲਾਉਣ ਦੀ ਕਲਪਨਾ ਨਹੀਂ ਕੀਤੀ ਜਾ ਸਕਦੀ। ਸਰਕਾਰ ਮੁਲਾਜ਼ਮਾਂ ਨੂੰ ਆਪਣੇ ਪਰਿਵਾਰ ਦਾ ਹਿੱਸਾ ਮੰਨਦੀ ਹੈ ਅਤੇ ਉਨ੍ਹਾਂ ਦੇ ਹਿੱਤਾਂ ਦੀ ਰੱਖਿਆ ਲਈ ਵਚਨਬੱਧ ਹੈ।

ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਹੁਣ ਤੱਕ ਕਰੀਬ 71 ਹਜ਼ਾਰ ਨੌਜਵਾਨਾਂ ਨੂੰ ਬਿਨਾਂ ਕਿਸੇ ਪੈਸੇ ਜਾਂ ਸਿਫ਼ਾਰਸ਼ ਦੇ ਸਰਕਾਰੀ ਨੌਕਰੀਆਂ ਦਿੱਤੀਆਂ ਜਾ ਚੁੱਕੀਆਂ ਹਨ, ਜਦਕਿ ਹਜ਼ਾਰਾਂ ਕਰਮਚਾਰੀਆਂ ਨੂੰ ਰੈਗੂਲਰ ਕਰਨ ਦੀ ਦਿਸ਼ਾ ਵਿੱਚ ਵੀ ਕੰਮ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ 17 ਜੁਲਾਈ 2020 ਨੂੰ ਉਸ ਸਮੇਂ ਦੀ ਪੰਜਾਬ ਸਰਕਾਰ ਵੱਲੋਂ ਫ਼ੈਸਲਾ ਕੀਤਾ ਗਿਆ ਸੀ ਕਿ ਇਸ ਤਾਰੀਖ ਤੋਂ ਬਾਅਦ ਪੰਜਾਬ ਸਰਕਾਰ ਵਿੱਚ ਭਰਤੀ ਹੋਣ ਵਾਲੇ ਨਵੇਂ ਮੁਲਾਜ਼ਮਾਂ ਨੂੰ ਪੰਜਾਬ ਦੇ ਪਹਿਲਾਂ ਤੋਂ ਲਾਗੂ ਪੇ ਸਕੇਲ ਦੀ ਬਜਾਏ, ਕੇਂਦਰ ਸਰਕਾਰ ਦੇ ਪੇ ਸਕੇਲ ਅਨੁਸਾਰ ਤਨਖ਼ਾਹ ਦਿੱਤੀ ਜਾਵੇਗੀ। ਇਸ ਫ਼ੈਸਲੇ ਤੋਂ ਬਾਅਦ ਹੁਣ ਤੱਕ ਵੱਡੀ ਗਿਣਤੀ ਵਿੱਚ ਨਵੇਂ ਮੁਲਾਜ਼ਮ ਸਰਕਾਰੀ ਸੇਵਾ ਵਿੱਚ ਭਰਤੀ ਹੋਏ ਹਨ।



ਅਮਨ ਅਰੋੜਾ ਨੇ ਦੱਸਿਆ ਕਿ ਇਨ੍ਹਾਂ ਕਰੀਬ 85 ਹਜ਼ਾਰ ਮੁਲਾਜ਼ਮਾਂ ਨੂੰ ਕੇਂਦਰੀ ਪੇ ਸਕੇਲ ਅਨੁਸਾਰ ਬੇਸਿਕ ਪੇ ਤਾਂ ਮਿਲ ਰਹੀ ਹੈ, ਪਰ ਡੀਏ ਦੇ ਮਾਮਲੇ ਵਿੱਚ ਉਨ੍ਹਾਂ ਨੂੰ ਕੇਂਦਰ ਸਰਕਾਰ ਦੇ ਮੁਲਾਜ਼ਮਾਂ ਦੇ ਮੁਕਾਬਲੇ ਘੱਟ ਭੱਤਾ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਦੇ ਮੁਲਾਜ਼ਮਾਂ ਨੂੰ 60 ਫ਼ੀਸਦੀ ਡੀਏ ਮਿਲ ਰਿਹਾ ਹੈ, ਜਦਕਿ ਪੰਜਾਬ ਦੇ ਇਨ੍ਹਾਂ ਮੁਲਾਜ਼ਮਾਂ ਨੂੰ ਇਸ ਵੇਲੇ 42 ਫ਼ੀਸਦੀ ਡੀਏ ਮਿਲ ਰਿਹਾ ਹੈ। ਇਸ ਅੰਤਰ ਨੂੰ ਖ਼ਤਮ ਕਰਨ ਲਈ ਡੀਏ ਨੂੰ 60 ਫ਼ੀਸਦੀ ਕਰਨ ਦੀ ਸਿਫ਼ਾਰਸ਼ ਕੀਤੀ ਗਈ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ 17 ਜੁਲਾਈ 2020 ਤੋਂ ਪਹਿਲਾਂ ਪੰਜਾਬ ਸਰਕਾਰ ਵਿੱਚ ਭਰਤੀ ਹੋਏ ਮੁਲਾਜ਼ਮ ਜੇਕਰ ਵੱਧ ਤਨਖ਼ਾਹ ਅਤੇ ਹੋਰ ਲਾਭ ਲੈ ਰਹੇ ਹਨ ਤਾਂ ਸਰਕਾਰ ਨੂੰ ਇਸ ’ਤੇ ਕੋਈ ਇਤਰਾਜ਼ ਨਹੀਂ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦੀ ਚਿੰਤਾ ਉਨ੍ਹਾਂ ਮੁਲਾਜ਼ਮਾਂ ਨੂੰ ਲੈ ਕੇ ਹੈ, ਜੋ 17 ਜੁਲਾਈ 2020 ਤੋਂ ਬਾਅਦ ਭਰਤੀ ਹੋਏ ਅਤੇ ਜਿਨ੍ਹਾਂ ਨੂੰ ਕੇਂਦਰ ਸਰਕਾਰ ਦੇ ਮੁਲਾਜ਼ਮਾਂ ਦੇ ਮੁਕਾਬਲੇ ਘੱਟ ਡੀਏ ਮਿਲ ਰਿਹਾ ਹੈ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦਾ ਸਟੈਂਡ ਇਸ ਮਾਮਲੇ ’ਤੇ ਪਹਿਲਾਂ ਵੀ ਸਪੱਸ਼ਟ ਰਿਹਾ ਹੈ ਅਤੇ ਹਾਈ ਕੋਰਟ ਵਿੱਚ ਵੀ ਇਹੀ ਪੱਖ ਰੱਖਿਆ ਗਿਆ ਸੀ। ਹੁਣ ਪੰਜਾਬ ਸਰਕਾਰ ਵੱਲੋਂ ਹਾਈ ਕੋਰਟ ਦੇ ਫ਼ੈਸਲੇ ਸਬੰਧੀ ਸੁਪਰੀਮ ਕੋਰਟ ਵਿੱਚ ਐਸਐਲਪੀ ਵੀ ਦਾਇਰ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦਾ ਮੰਨਣਾ ਹੈ ਕਿ ਪੰਜਾਬ ਸਰਕਾਰ ਦਾ ਕੋਈ ਵੀ ਮੁਲਾਜ਼ਮ ਕੇਂਦਰ ਸਰਕਾਰ ਦੇ ਮੁਲਾਜ਼ਮ ਨਾਲੋਂ ਘੱਟ ਪੈਸਾ ਘਰ ਲੈ ਕੇ ਨਾ ਜਾਵੇ।

## ਬੱਚਿਆਂ ਦੇ ਅਗਵਾ ਮਾਮਲਿਆਂ ਦੀ ਸਮਾਂ-ਬੱਧ ਜਾਂਚ ਲਈ ਸੁਪਰੀਮ ਕੋਰਟ ’ਚ PIL ਦਾਖ਼ਲ

**ਨਵੀਂ ਦਿੱਲੀ, 4 ਸਤੰਬਰ**
**-ਚੌਧਰੀ ਪ੍ਰਭਜੀਤ ਸਿੰਘ-**

ਸੁਪਰੀਮ ਕੋਰਟ ਵਿੱਚ ਬੱਚਿਆਂ ਦੇ ਅਗਵਾ ਅਤੇ ਅਗਵਾ ਕਰਨ ਦੇ ਮਾਮਲਿਆਂ ਦੀ ਜਾਂਚ ਲਈ ਇੱਕ ਦੇਸ਼-ਵਿਆਪੀ ਇੱਕੋ ਜਿਹੀ ਵਿਧੀ, ਜਿਸ ਵਿੱਚ ਸਮਾਂ-ਬੱਧ ਜਾਂਚ ਅਤੇ ਤੇਜ਼ੀ ਨਾਲ ਸੁਣਵਾਈ ਸ਼ਾਮਲ ਹੈ, ਦੀ ਮੰਗ ਕਰਦਿਆਂ ਇੱਕ ਜਨਹਿਤ ਪਟੀਸ਼ਨ ਦਾਖ਼ਲ ਕੀਤੀ ਗਈ ਹੈ।

ਵਕੀਲ ਅਸ਼ਵਨੀ ਕੁਮਾਰ ਉਪਾਧਿਆਏ ਵੱਲੋਂ ਦਾਖ਼ਲ ਕੀਤੀ ਗਈ ਇਸ ਪਟੀਸ਼ਨ ਵਿੱਚ ਕੇਂਦਰ ਅਤੇ ਰਾਜਾਂ ਨੂੰ ਅਜਿਹੇ ਮਾਮਲਿਆਂ ਲਈ ਮਿਆਰੀ ਪ੍ਰਸ਼ਨ ਪੱਤਰ ਅਤੇ ਵਿਸ਼ੇਸ਼ ਜਾਂਚ ਪ੍ਰਕਿਰਿਆਵਾਂ ਤਿਆਰ ਕਰਨ ਦੀ ਮੰਗ ਕੀਤੀ ਗਈ ਹੈ।

ਇਹ ਵੀ ਮੰਗ ਕੀਤੀ ਗਈ ਹੈ ਕਿ ਜਾਂਚ ਏ.ਸੀ.ਪੀ. ਜਾਂ ਐੱਸ.ਐੱਚ.ਓ. ਦੇ ਅਹੁਦੇ ਤੋਂ ਹੇਠਲੇ ਰੈਂਕ ਦੇ ਅਧਿਕਾਰੀ ਵੱਲੋਂ ਨਾ ਕੀਤੀ ਜਾਵੇ ਅਤੇ ਸੰਸਦ ਮੈਂਬਰਾਂ ਅਤੇ ਵਿਧਾਇਕਾਂ ਲਈ ਵਿਸ਼ੇਸ਼ ਅਦਾਲਤਾਂ ਦੀ ਤਰਜ਼ ’ਤੇ ਸਮਰਪਿਤ ਅਦਾਲਤਾਂ ਬਣਾਈਆਂ ਜਾਣ ਤਾਂ ਜੋ ਬੱਚਿਆਂ ਨੂੰ ਅਗਵਾ ਕਰਨ ਦੇ ਮਾਮਲਿਆਂ ਦਾ ਇੱਕ ਸਾਲ ਦੇ ਅੰਦਰ ਨਿਪਟਾਰਾ ਕੀਤਾ ਜਾ ਸਕੇ।



ਪਟੀਸ਼ਨ ਵਿੱਚ ਅੱਗੇ ਦੋਸ਼ੀਆਂ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਦੀ ਚੱਲ ਅਤੇ ਅਚੱਲ ਜਾਇਜ਼ਤਾਂ ਨੂੰ ਜ਼ਬਤ ਕਰਨ ਅਤੇ ਮਨੀ ਲਾਂਡਰਿੰਗ, ਬੇਨਾਮੀ ਜਾਇਦਾਦ ਅਤੇ ਕਾਲੇ ਧਨ ਨਾਲ ਸਬੰਧਤ ਕਾਨੂੰਨਾਂ ਨੂੰ ਲਾਗੂ ਕਰਨ ਦੀ ਵੀ ਮੰਗ ਕੀਤੀ ਗਈ ਹੈ।

ਇਸ ਵਿੱਚ ਇਹ ਵੀ ਮੰਗ ਕੀਤੀ ਗਈ ਹੈ ਕਿ ਅਗਵਾ ਕਰਨ ਦੀਆਂ ਸਜ਼ਾਵਾਂ ਨੂੰ ਨਾਲ-ਨਾਲ ਚਲਾਉਣ ਦੀ ਬਜਾਏ ਲਗਾਤਾਰ ਕੀਤਾ ਜਾਵੇ ਤਾਂ ਜੋ ਡਰ ਦਾ ਮਾਹੌਲ ਪੈਦਾ ਕੀਤਾ ਜਾ ਸਕੇ।

ਪਟੀਸ਼ਨ ਵਿੱਚ ਦੋਸ਼ ਲਾਇਆ ਗਿਆ ਹੈ ਕਿ FIRs ਦਰਜ ਕਰਨ ਅਤੇ ਗੁੰਮਸ਼ੁਦਾ ਬੱਚਿਆਂ ਨਾਲ ਸਬੰਧਤ ਸ਼ਿਕਾਇਤਾਂ ਦੀ ਜਾਂਚ ਵਿੱਚ ਦੇਰੀ ਉਨ੍ਹਾਂ ਦੀ ਰਿਕਵਰੀ ਵਿੱਚ ਰੁਕਾਵਟ ਬਣਦੀ ਹੈ ਅਤੇ ਉਨ੍ਹਾਂ ਨੂੰ ਤਸਕਰੀ, ਜਿਨਸੀ ਸ਼ੋਸ਼ਣ, ਮਜ਼ਬੂਰੀ ਵਿੱਚ ਮਜ਼ਦੂਰੀ ਅਤੇ ਗੈਰ-ਕਾਨੂੰਨੀ ਗੋਦ ਲੈਣ ਦੇ ਖ਼ਤਰੇ ਵਿੱਚ ਪਾਉਂਦੀ ਹੈ।

ਇਹ ਵੀ ਦੋਸ਼ ਲਾਇਆ ਗਿਆ ਹੈ ਕਿ ਗੁੰਮਸ਼ੁਦਾ ਬੱਚਿਆਂ ਨਾਲ ਸਬੰਧਤ ਸ਼ਿਕਾਇਤਾਂ ਨੂੰ ਕਈ ਵਾਰ ਪੂਰੀ ਤਰ੍ਹਾਂ ਅਪਰਾਧਿਕ ਜਾਂਚ ਵਿੱਚ ਦੇਰੀ ਕਰਦਿਆਂ, ਐੱਫ.ਆਈ.ਆਰ. ਦੀ ਬਜਾਏ ਸਿਰਫ਼ ਗੁੰਮਸ਼ੁਦਾ ਜਾਂ ਗੁਮਸ਼ੁਦਾ ਰਿਪੋਰਟਾਂ ਵਜੋਂ ਦਰਜ ਕੀਤਾ ਜਾਂਦਾ ਹੈ।

ਪਟੀਸ਼ਨਰ ਨੇ ਪਟੀਸ਼ਨ ਵਿੱਚ ਕਈ ਹਾਲ ਹੀ ਦੀਆਂ ਘਟਨਾਵਾਂ ਦਾ ਹਵਾਲਾ ਦਿੰਦੇ ਹੋਏ ਦੋਸ਼ ਲਾਇਆ ਕਿ ਬੱਚਿਆਂ ਦੀ ਤਸਕਰੀ ਅਤੇ ਗੈਰ-ਕਾਨੂੰਨੀ ਗੋਦ ਲੈਣ ਵਿੱਚ ਸ਼ਾਮਲ ਸੰਗਠਿਤ ਨੈੱਟਵਰਕ ਰਾਜ ਦੀਆਂ ਸੀਮਾਵਾਂ ਤੋਂ ਪਾਰ ਕੰਮ ਕਰਦੇ ਹਨ, ਜਿਸ ਲਈ ਪੁਲਿਸ ਬਲਾਂ ਅਤੇ ਵਿਸ਼ੇਸ਼ ਏਜੰਸੀਆਂ ਵਿੱਚ ਵਧੇਰੇ ਤਾਲਮੇਲ ਦੀ ਲੋੜ ਹੁੰਦੀ ਹੈ।

ਪਟੀਸ਼ਨਰ ਨੇ ਸਾਰੇ ਰਾਜਾਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ, ਸਿੱਖਿਆ, ਕਾਨੂੰਨ ਅਤੇ ਨਿਆਂ ਅਤੇ ਗ੍ਰਹਿ ਮੰਤਰਾਲੇ, ਅਤੇ ਲਾਅ ਕਮਿਸ਼ਨ ਨੂੰ ਧਿਰ ਬਣਾਇਆ ਹੈ।

## ਸਿੱਖ ਨੌਜਵਾਨ ’ਤੇ ਤਸ਼ੱਦਦ ਅਤੇ ਕਕਾਰਾਂ ਦੀ ਬੇਅਦਬੀ ਕਰਨ ਵਾਲੇ ਪੁਲਿਸ ਮੁਲਾਜ਼ਮਾਂ ਖ਼ਿਲਾਫ਼ ਹੋਵੇ ਕਾਰਵਾਈ: ਜਥੇਦਾਰ ਗੜਗੱਜ

**ਅੰਮ੍ਰਿਤਸਰ, 4 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸੰਗਰੂਰ ਜ਼ਿਲ੍ਹੇ ਦੇ ਸ਼ੇਰੋਂ ਪਿੰਡ ਵਿੱਚ ਸਿੱਖ ਨੌਜਵਾਨ ਮੋਹਣਜੀਤ ਸਿੰਘ ਵੱਲੋਂ ਨਸ਼ਿਆਂ ਵਿਰੁੱਧ ਆਵਾਜ਼ ਉਠਾਉਣ ਅਤੇ ਮੁੱਖ ਮੰਤਰੀ ਦੇ ਦੌਰੇ ਮੌਕੇ ਵਿਰੋਧ ਕਰਨ ’ਤੇ ਪੰਜਾਬ ਪੁਲੀਸ ਵੱਲੋਂ ਸਰਕਾਰੀ ਸ਼ੈਅ ਉੱਤੇ ਉਸ ਨਾਲ ਕੀਤੀ ਗਈ ਕੁੱਟਮਾਰ ਅਤੇ ਕਕਾਰਾਂ ਦੀ ਬੇਅਦਬੀ ਦਾ ਸਖ਼ਤ ਨੋਟਿਸ ਲੈਂਦਿਆਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਇਸ ਘਟਨਾ ਦੇ ਦੋਸ਼ੀ ਪੁਲੀਸ ਅਧਿਕਾਰੀਆਂ ਵਿਰੁੱਧ ਸਖ਼ਤ ਕਾਰਵਾਈ ਲਈ ਆਖਿਆ। ਮੀਡੀਆ ਨਾਲ ਗੱਲ ਕਰਦਿਆਂ ਜਥੇਦਾਰ ਗੜਗੱਜ ਨੇ ਕਿਹਾ ਕਿ ਸ਼ੇਰੋਂ ਪਿੰਡ ਦੇ ਸਿੱਖ ਨੌਜਵਾਨ ਮੋਹਣਜੀਤ ਸਿੰਘ ਨੇ ਗੁਰੂ ਦੋਖੀ ਤੇ ਖ਼ਾਲਸਾ ਪੰਥ ਵਿਰੋਧੀ ਮੁੱਖ ਮੰਤਰੀ ਨੂੰ ਆਪਣੇ ਗੁਆਂਢੀ ਦੀ ਛੱਤ ਤੋਂ ਸ਼ਾਂਤਮਈ ਰਹਿੰਦਿਆਂ ਕਾਲਾ ਝੰਡਾ ਦਿਖਾਇਆ, ਜੋ ਕਿ ਉਸ ਦਾ ਜਮਹੂਰੀ ਹੱਕ ਹੈ। ਉਨ੍ਹਾਂ ਕਿਹਾ ਕਿ ਕਾਲਾ ਝੰਡਾ ਦਿਖਾਉਣਾ ਕੋਈ ਅਪਰਾਧ ਨਹੀਂ, ਪਰ ਸਥਾਨਕ ਡੀਐੱਸਪੀ ਨੇ ਸਿੱਖ ਨੌਜਵਾਨ ਨੂੰ ਝੰਡਾ ਉਸ ਦੇ ਗਲ ਵਿੱਚ ਪਾ ਕੇ ਧੂਹਿਆ ਅਤੇ ਬਾਅਦ ਵਿੱਚ ਉਸ ਉੱਤੇ ਗ਼ੈਰ-ਕਾਨੂੰਨੀ ਢੰਗ ਨਾਲ ਬਹੁਤ ਤਸ਼ੱਦਦ ਕੀਤਾ। ਉਨ੍ਹਾਂ ਨੇ ਇਸ ਮਾਮਲੇ ਵਿੱਚ ਸੰਗਰੂਰ ਜ਼ਿਲ੍ਹੇ ਦੇ ਪੁਲੀਸ ਕਪਤਾਨ ਨਾਲ ਵੀ ਗੱਲ ਕੀਤੀ ਹੈ ਕਿ ਸਿੱਖ ਨੌਜਵਾਨ ਉੱਤੇ ਤਸ਼ੱਦਦ ਕਰਨ ਅਤੇ ਉਸ ਦੇ ਕਕਾਰਾਂ ਦੀ ਬੇਅਦਬੀ ਕਰਨ ਵਾਲੇ ਦੋਸ਼ੀ ਡੀਐੱਸਪੀ ਅਤੇ ਥਾਣਾ ਮੁਖੀ ਨੂੰ ਤੁਰੰਤ ਬਰਖ਼ਾਸਤ ਕਰਕੇ ਉਨ੍ਹਾਂ ਵਿਰੁੱਧ ਕਾਨੂੰਨੀ ਕਾਰਵਾਈ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਨੌਜਵਾਨ ਦੇ ਦੱਸਣ ਮੁਤਾਬਕ ਪੁਲੀਸ ਨੇ ਤਾਰਾਂ ਵਾਲਾ ਬੁਰਸ਼ ਉਸ ਦੇ ਲੱਕ ਵਿੱਚ ਮਾਰ ਕੇ ਉੱਤੇ ਲੂਣ ਪਾਇਆ, ਉਸ ਦੇ ਸਿਰ ਵਿੱਚ ਜੁੱਤੀਆਂ ਮਾਰੀਆਂ ਗਈਆਂ, ਦਾੜ੍ਹੇ ਅਤੇ ਕੇਸਾਂ ਦੀ ਬੇਅਦਬੀ ਕੀਤੀ, ਉਸ ਦਾ ਕਛਹਿਰਾ ਉਤਾਰ ਕੇ ਪਾੜਿਆ ਗਿਆ। ਉਨ੍ਹਾਂ ਕਿਹਾ ਕਿ ਜੇਕਰ ਪੁਲੀਸ ਨੇ ਮੁਲਜ਼ਮ ਅਧਿਕਾਰੀਆਂ ਨੂੰ ਬਰਖ਼ਾਸਤ ਕਰਕੇ ਉਨ੍ਹਾਂ ਵਿਰੁੱਧ ਧਾਰਮਿਕ ਭਾਵਨਾਵਾਂ ਨੂੰ ਸੱਟ ਮਾਰਨ ਅਤੇ ਜਬਰ ਜ਼ੁਲਮ ਕਰਨ ਦਾ ਪਰਚਾ ਨਾ ਦਰਜ ਕੀਤਾ ਤਾਂ ਸ੍ਰੀ ਅਕਾਲ ਤਖ਼ਤ ਸਾਹਿਬ ਪੀੜਤ ਸਿੱਖ ਨੌਜਵਾਨ ਦੇ ਨਾਲ ਖੜ੍ਹਾ ਹੈ ਅਤੇ ਇਸ ਮਾਮਲੇ ਵਿੱਚ ਅਗਾਂਹ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਉਹ ਜਲਦ ਹੀ ਨੌਜਵਾਨ ਨੂੰ ਮਿਲਣ ਲਈ ਵੀ ਜਾਣਗੇ।



ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਜੇਕਰ ਕੋਈ ਨੌਜਵਾਨ ਨਸ਼ੇ ਤੋਂ ਪੀੜਤ ਹਨ ਤਾਂ ਉਨ੍ਹਾਂ ਨੂੰ ਮਦਦ ਅਤੇ ਸਹਿਯੋਗ ਦੀ ਲੋੜ ਹੈ ਨਾ ਕਿ ਉਨ੍ਹਾਂ ਨੂੰ ਸਮਾਜ ਵਿੱਚ ਵੱਖ ਕਰ ਦਿੱਤਾ ਜਾਵੇ। ਉਨ੍ਹਾਂ ਦੋਸ਼ ਲਾਇਆ ਕਿ ਨਸ਼ਾ ਸਰਕਾਰ ਦੀ ਨੱਕ ਥੱਲੇ ਵਿਕ ਰਿਹਾ ਹੈ। ਉਨ੍ਹਾਂ ਨੌਜਵਾਨਾਂ ਨੂੰ ਸੰਦੇਸ਼ ਦਿੱਤਾ ਕਿ ਉਹ ਨਸ਼ੇ ਛੱਡਣ ਅਤੇ ਪਤਿੱਤਪੁਣਾ ਛੱਡ ਕੇ ਘਰ ਵਾਪਸੀ ਕਰਨ, ਕੇਸ ਰੱਖਣ ਅਤੇ ਗੁਰੂ ਦੀ ਸਿੱਖੀ ਨਾਲ ਜੁੜਨ।

**SGPC ਪ੍ਰਧਾਨ ਧਾਮੀ ਨੇ ਵੀ ਕੀਤੀ ਕਾਰਵਾਈ ਦੀ ਮੰਗ**

ਇਸ ਦੌਰਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਨਸ਼ਿਆਂ ਖ਼ਿਲਾਫ਼ ਆਵਾਜ਼ ਉਠਾਉਣ ਵਾਲੇ ਨੌਜਵਾਨ ਨੂੰ ਸਵਾਲ ਪੁੱਛਣ ਦੀ ਸਜ਼ਾ ਦੇਣ ਦੀ ਬਜਾਏ ਸਰਕਾਰ ਨੂੰ ਉਸ ਦਾ ਜਵਾਬ ਦੇਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਵਿਰੋਧ ਕਰਨ ਵਾਲੇ ਨੌਜਵਾਨ ਪ੍ਰਤੀ ਸਰਕਾਰ ਦੀ ਪਹੁੰਚ ਤਾਨਾਸ਼ਾਹੀ ਤੇ ਨਾਦਰਸ਼ਾਹੀ ਪਹੁੰਚ ਦਾ ਪ੍ਰਗਟਾਵਾ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਕਕਾਰ ਸਿੱਖ ਦੀ ਧਾਰਮਿਕ ਪਛਾਣ, ਰਹਿਤ ਅਤੇ ਗੁਰੂ ਪ੍ਰਤੀ ਆਸਥਾ ਦੇ ਪ੍ਰਤੀਕ ਹਨ। ਕਿਸੇ ਸਿੱਖ ਦੇ ਕਕਾਰਾਂ ਦੀ ਜਾਣਬੁੱਝ ਕੇ ਬੇਅਦਬੀ ਜਾਂ ਅਪਮਾਨਜਨਕ ਵਿਵਹਾਰ ਕਦੇ ਵੀ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ।

ਉਨ੍ਹਾਂ ਕਿਹਾ ਕਿ ਸਰਕਾਰ ਨੂੰ ਇਹ ਵੀ ਯਾਦ ਰੱਖਣਾ ਚਾਹੀਦਾ ਹੈ ਕਿ ਪੁਲੀਸ ਦੀ ਵਰਦੀ ਲੋਕਾਂ ਨੂੰ ਡਰਾਉਣ ਲਈ ਨਹੀਂ, ਲੋਕਾਂ ਦੀ ਸੁਰੱਖਿਆ ਲਈ ਹੈ। ਜੇਕਰ ਪੁਲੀਸ ਕਰਮਚਾਰੀਆਂ ਵੱਲੋਂ ਕਾਨੂੰਨ ਤੋਂ ਬਾਹਰ ਜਾ ਕੇ ਕਿਸੇ ਦੀਆਂ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਈ ਗਈ ਹੈ ਤਾਂ ਇਸ ਦੀ ਜ਼ਿੰਮੇਵਾਰੀ ਤੈਅ ਹੋਣੀ ਚਾਹੀਦੀ ਹੈ ਅਤੇ ਤਸ਼ੱਦਦ ਕਰਨ ਵਾਲੇ ਪੁਲੀਸ ਅਧਿਕਾਰੀਆਂ ਖ਼ਿਲਾਫ਼ ਸਖ਼ਤ ਕਾਰਵਾਈ ਹੋਣੀ ਚਾਹੀਦੀ ਹੈ। ਉਨ੍ਹਾਂ ਦੱਸਿਆ ਕਿ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਕੁਲਵੰਤ ਸਿੰਘ ਮੰਨਣ, ਅੰਤਰਿੰਗ ਕਮੇਟੀ ਮੈਂਬਰ ਗੁਰਪ੍ਰੀਤ ਸਿੰਘ ਝੱਬਰ ਤੇ ਸਕੱਤਰ ਬਲਵਿੰਦਰ ਸਿੰਘ ਕਾਹਲਵਾਂ ਨੂੰ ਪੀੜਤ ਨੌਜਵਾਨ ਦੇ ਕੋਲ ਭੇਜਿਆ ਗਿਆ ਹੈ, ਜੋ ਲੋੜੀਂਦੀ ਮਦਦ ਵਾਸਤੇ ਜਾਣਕਾਰੀ ਲੈਣਗੇ।

## ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਲਈ ਮਾਤਾ ਗੁਜਰੀ ਕਾਲਜ ਵਚਨਬੱਧ : ਅਵਤਾਰ ਸਿੰਘ ਰਿਆ



ਸ੍ਰ. ਅਵਤਾਰ ਸਿੰਘ ਰਿਆ ਨੂੰ ਸਨਮਾਨਿਤ ਕਰਦੇ ਹੋਏ ਪ੍ਰਿੰਸੀਪਲ ਡਾ. ਬਿਕਰਮਜੀਤ ਸਿੰਘ

**ਫ਼ਤਹਿਗੜ੍ਹ ਸਾਹਿਬ, 4 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਜੂਨੀਅਰ ਮੀਤ ਪ੍ਰਧਾਨ ਸ੍ਰ. ਅਵਤਾਰ ਸਿੰਘ ਰਿਆ ਨੇ ਮਾਤਾ ਗੁਜਰੀ ਕਾਲਜ ਦਾ ਵਿਸ਼ੇਸ਼ ਦੌਰਾ ਕੀਤਾ।

ਇਸ ਦੌਰਾਨ ਉਨ੍ਹਾਂ ਨੇ ਵਿਦਿਆਰਥੀਆਂ ਲਈ ਕਾਲਜ ਵਿਖੇ ਉਪਲੱਬਧ ਵਿੱਦਿਅਕ ਅਤੇ ਹੋਰ ਸਹੂਲਤਾਂ ਦਾ ਜਾਇਜ਼ਾ ਲਿਆ ਅਤੇ ਨਵੇਂ ਅਕਾਦਮਿਕ ਸੈਸ਼ਨ ਲਈ ਕੀਤੇ ਗਏ ਸੁਚੱਜੇ ਪ੍ਰਬੰਧਾਂ ਦੀ ਭਰਪੂਰ ਸ਼ਲਾਘਾ ਕੀਤੀ। ਸ੍ਰ. ਰਿਆ ਨੇ ਵਿੱਦਿਅਕ ਸੈਸ਼ਨ 2026-27 ਵਿੱਚ ਉਮੀਦ ਨਾਲੋਂ ਵੱਧ ਦਾਖਲੇ ਹੋਣ ’ਤੇ ਖ਼ੁਸ਼ੀ ਦਾ ਪ੍ਰਗਟਾਵਾ ਕਰਦਿਆਂ ਸਮੂਹ ਸਟਾਫ਼ ਅਤੇ ਪ੍ਰਿੰਸੀਪਲ ਨੂੰ ਵਧਾਈ ਦਿੱਤੀ ਅਤੇ ਆਪਣੇ ਵੱਲੋਂ ਪੂਰਨ ਸਹਿਯੋਗ ਦੇਣ ਦਾ ਭਰੋਸਾ ਦਿੱਤਾ। ਉਨ੍ਹਾਂ ਨੇ ਕਾਲਜ ਦੀਆਂ ਸ਼ਾਨਦਾਰ ਉਪਲਬਧੀਆਂ ’ਤੇ ਤਸੱਲੀ ਪ੍ਰਗਟ ਕਰਦਿਆਂ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਲਈ ਕੀਤੇ ਜਾ ਰਹੇ ਨਿਰੰਤਰ ਅਤੇ ਪ੍ਰਭਾਵਸ਼ਾਲੀ ਯਤਨਾਂ ਦੀ ਵੀ ਸ਼ਲਾਘਾ ਕੀਤੀ।

ਸ੍ਰ. ਅਵਤਾਰ ਸਿੰਘ ਰਿਆ ਨੂੰ ਕਾਲਜ ਦੇ ਵਿੱਦਿਅਕ ਮਾਮਲਿਆਂ ਵਿੱਚ ਅਹਿਮ ਯੋਗਦਾਨ ਪਾਉਣ ਕਾਰਨ ਵਿਸ਼ੇਸ਼ ਤੌਰ @ਤੇ ਸਨਮਾਨਿਤ ਕੀਤਾ ਗਿਆ।
ਕਾਲਜ ਦੇ ਪ੍ਰਿੰਸੀਪਲ ਡਾ. ਬਿਕਰਮਜੀਤ ਸਿੰਘ ਨੇ ਜਥੇਦਾਰ ਅਵਤਾਰ ਸਿੰਘ ਰਿਆ ਦਾ ਭਰਵਾਂ ਸਵਾਗਤ ਕਰਦਿਆਂ ਕਾਲਜ ਦੀਆਂ ਅਕਾਦਮਿਕ, ਧਾਰਮਿਕ, ਸਹਿ ਵਿੱਦਿਅਕ, ਸੱਭਿਆਚਾਰਕ ਅਤੇ ਖੇਡਾਂ ਦੇ ਖੇਤਰ ਵਿੱਚ ਕੀਤੀਆਂ ਸ਼ਾਨਦਾਰ ਪ੍ਰਾਪਤੀਆਂ ਬਾਰੇ ਜਾਣਕਾਰੀ ਸਾਂਝੀ ਕੀਤੀ। ਇਸ ਮੌਕੇ ਸ੍ਰ. ਜਸਵੰਤ ਸਿੰਘ, ਡਾ. ਗਗਨਦੀਪ ਸਿੰਘ, ਸ੍ਰ. ਮਨਜਿੰਦਰ ਸਿੰਘ ਅਤੇ ਹੋਰ ਸਟਾਫ਼ ਮੈਂਬਰ ਵੀ ਮੌਜੂਦ ਸਨ।

## ਡਵੀਜ਼ਨਲ ਕਮਿਸ਼ਨਰ ਵਿਨੈ ਬੁਬਲਾਨੀ 8 ਤੇ 11 ਸਤੰਬਰ ਨੂੰ ਵਿਧਾਨ ਸਭਾ ਚੋਣ ਹਲਕਿਆਂ ‘ਚ ਚੋਣਕਾਰ ਰਜਿਸਟਰੇਸ਼ਨ ਅ.ਫਸਰਾਂ ਦੇ ਦ.ਫਤਰਾਂ ਦਾ ਦੌਰਾ ਕਰਨਗੇ

**ਪਟਿਆਲਾ, 4 ਸਤੰਬਰ**
**-ਛਤਰਪਾਲ ਸਿੰਘ-**

ਭਾਰਤ ਚੋਣ ਕਮਿਸ਼ਨ ਵੱਲੋਂ ਸਪੈਸ਼ਲ ਇੰਨਟੈਨਸਿਵ ਰਵੀਜ਼ਨ ਦੇ ਦੂਜੇ ਪੜ੍ਹਾਅ ਨੋਟਿਸ ਫੇਜ/ਦਾਅਵੇ ਅਤੇ ਇੰਤਰਾਜ਼ਾ ਦੇ ਨਿਪਟਾਰੇ ਦੇ ਕੰਮ ਨੂੰ ਮੁੱਖ ਰੱਖਦੇ ਹੋਏ ਪਟਿਆਲਾ ਜ਼ਿਲ੍ਹੇ ਲਈ ਲਗਾਏ ਗਏ ਰੋਲ ਅਬਜ਼ਰਵਰ, ਪਟਿਆਲਾ ਡਵੀਜ਼ਨ ਦੇ ਕਮਿਸ਼ਨਰ ਸ੍ਰੀ ਵਿਨੈ ਬੁਬਲਾਨੀ ਵੱਲੋਂ ਮਿਤੀ 08 ਅਤੇ 11 ਸਤੰਬਰ 2026 ਨੂੰ ਵਿਧਾਨ ਸਭਾ ਚੋਣ ਹਲਕਿਆਂ ਵਿੱਚ ਚੋਣਕਾਰ ਰਜਿਸਟਰੇਸ਼ਨ ਅ.ਫਸਰਾਂ ਦੇ ਦ.ਫਤਰਾਂ ਦਾ ਦੌਰਾ ਕੀਤਾ ਜਾਣਾ ਹੈ।

ਰੋਲ ਅਬਜ਼ਰਵਰ ਦੇ ਦ.ਫਤਰ ਵੱਲੋਂ ਇਹ ਵਿਸ਼ੇਸ ਤੌਰ ‘ਤੇ ਸੂਚਿਤ ਕੀਤਾ ਗਿਆ ਹੈ ਕਿ ਡਵੀਜ਼ਨਲ ਕਮਿਸ਼ਨਰ ਸ਼੍ਰੀ ਵਿਨੈ ਬੁਬਲਾਨੀ ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਰੀ ਸੁਧਾਈ ਦੇ ਸਮੇਂ ਦੌਰਾਨ ਰੋਜ਼ਾਨਾ ਕੰਮ-ਕਾਜ ਵਾਲੇ ਦਿਨ ਸ਼ਾਮ 4.00 ਵਜੇ ਤੋਂ ਲੈ ਕੇ 5.00 ਵਜੇ (ਸਿਵਾਏ ਮਿਤੀ 08.09.2026 ਅਤੇ 11.09.2026) ਤੱਕ ਰਾਜਨੀਤਿਕ ਪਾਰਟੀਆਂ, ਆਮ ਪਬਲਿਕ/ਵੋਟਰਾਂ ਪਾਸੋਂ ਇਸ ਕੰਮ ਸਬੰਧੀ ਕਿਸੇ ਤਰ੍ਹਾਂ ਦੀ ਸ਼ਿਕਾਇਤ ਸੁਣਨ ਜਾ ਸੁਝਾਅ ਲੈਣ ਸਬੰਧੀ ਉਪਲੱਬਧ ਰਹਿਣਗੇ। ਇਸ ਤੋਂ ਇਲਾਵਾ ਕੋਈ ਸ਼ਿਕਾਇਤ ਜਾਂ ਸੁਝਾਅ ਦੇਣ ਸਬੰਧੀ ਉਨ੍ਹਾਂ ਦੇ ਦ.ਫਤਰ ਦੇ ਟੈਲੀਫੋਨ ਨੰਬਰ 0175-2970029 ‘ਤੇ ਵੀ ਸੰਪਰਕ ਕੀਤਾ ਜਾ ਸਕਦਾ ਹੈ।



ਰੋਲ ਅਬਜ਼ਰਵਰ-ਕਮ-ਕਮਿਸ਼ਨਰ ਪਟਿਆਲਾ ਮੰਡਲ ਸ੍ਰੀ ਵਿਨੈ ਬੁਬਲਾਨੀ ਵੱਲੋਂ ਚੋਣਕਾਰ ਰਜਿਸਟ੍ਰੇਸ਼ਨ ਅ.ਫਸਰਾਂ ਦੇ ਦ.ਫਤਰਾਂ ਦੇ ਦੌਰੇ ਕਰਨ ਦੌਰਾਨ ਉਹ 08 ਸਤੰਬਰ ਨੂੰ
ਸਵੇਰੇ 10:30 ਵਜੇ ਐਸ ਡੀ ਐਮ ਦ.ਫਤਰ, ਰਾਜਪੁਰਾ, ਮਿਨੀ ਸਕੱਤਰੇਤ, ਦੁਪਹਿਰ 12:30 ਵਜੇ ਐਸ ਡੀ ਐਮ ਦ.ਫਤਰ, ਦੂਧਨਸਾਧਾਂ, ਦੁਪਹਿਰ 03:00 ਵਜੇ ਐਸ ਡੀ ਐਮ, ਪਟਿਆਲਾ, ਦ.ਫਤਰ ਪਹਿਲੀ ਮੰਜਿਲ, ਬਲਾਕ-ਏ, ਮਿਨੀ ਸਕੱਤਰੇਤ, ਪਟਿਆਲਾ ਵਿਖੇ ਦੌਰਾ ਕਰਨਗੇ। ਇਸੇ ਤਰ੍ਹਾਂ ਮਿਤੀ 11 ਸਤੰਬਰ ਨੂੰ ਦੁਪਹਿਰ 12:00 ਵਜੇ ਪਟਿਆਲਾ ਦਿਹਾਤੀ ਹਲਕੇ ਦੇ ਦ.ਫਤਰ ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਤੀਸਰੀ ਮੰਜਿਲ, ਬਲਾਕ-ਏ, ਮਿਨੀ ਸਕੱਤਰੇਤ, ਪਟਿਆਲਾ ਵਿਖੇ, ਦੁਪਹਿਰ 01:00 ਵਜੇ ਐਸ ਡੀ ਐਮ, ਨਾਭਾ ਦ.ਫਤਰ, ਦੁਪਹਿਰ 02:30 ਵਜੇ ਐਸ ਡੀ ਐਮ ਦ.ਫਤਰ ਸਮਾਣਾ ਵਿਖੇ ਅਤੇ ਸ਼ਾਮ 04:00 ਵਜੇ ਸ਼ੁਤਰਾਣਾ ਹਲਕੇ ਵਿੱਚ ਐਸ ਡੀ ਐਮ,ਦ.ਫਤਰ ਪਾਤੜਾਂ ਦਾ ਦੌਰਾ ਕਰਕੇ ਜਾਇਜ਼ਾ ਲੈਣਗੇ।


## ਐੱਮ ਪੀ ਧਰਮਵੀਰ ਗਾਂਧੀ ਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਦੇ ਨਾਂ ਵੋਟਰ ਸੂਚੀ ਵਿੱਚ ਸ਼ਾਮਲ: ਚੋਣ ਕਮਿਸ਼ਨ

**ਨਵੀਂ ਦਿੱਲੀ, 4 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਵੋਟਰ ਸੂਚੀਆਂ ਦੀ ਵਿਸ਼ੇਸ਼ ਸੁਧਾਈ ਦੇ ਵਿੱਚ ਚੋਣ ਕਮਿਸ਼ਨ ਇਸ ਗੱਲ ਲਈ ਜ਼ਿਆਦਾ ਸੁਰਖੀਆਂ ਵਿੱਚ ਰਿਹਾ ਹੈ ਕਿ ਕਿਸ ਦੀ ਵੋਟ ਕੱਟੀ ਗਈ ਹੈ ਨਾ ਕਿ ਕਿਸ ਦੀ ਵੋਟ ਜੋੜੀ ਗਈ ਹੈ।

ਇਸੇ ਸਬੰਧਤ ਇੱਕ ਮਾਮਲੇ ਵਿੱਚ ਅੱਜ ਫਿਰ ਚੋਣ ਕਮਿਸ਼ਨ ਨੇ ਕੁੱਝ ਰਿਪੋਰਟਾਂ ਸਬੰਧੀ ਜਵਾਬ ਦਿੱਤਾ ਹੈ, ਜਿਨ੍ਹਾਂ ਵਿੱਚ ਦਾਅਵਾ ਕੀਤਾ ਗਿਆ ਸੀ ਕਿ ਪੰਜਾਬ ਵਿੱਚ ਐੱਸ.ਆਈ.ਆਰ. ਸੂਚੀਆਂ ਵਿੱਚੋਂ ਕਾਂਗਰਸ ਦੇ ਪਟਿਆਲਾ ਤੋਂ ਸੰਸਦ ਮੈਂਬਰ ਧਰਮਵੀਰ ਗਾਂਧੀ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਦੇ ਨਾਂ ਗਾਇਬ ਹਨ।

ਚੋਣ ਕਮਿਸ਼ਨ ਨੇ ਹੁਣ ਇੱਥੇ ਇੱਕ ਬਿਆਨ ਜਾਰੀ ਕਰਕੇ ਉਨ੍ਹਾਂ ਰਿਪੋਰਟਾਂ ਨੂੰ ਰੱਦ ਕਰ ਦਿੱਤਾ ਹੈ ਜਿਨ੍ਹਾਂ ਵਿੱਚ ਕਿਹਾ ਗਿਆ ਸੀ ਕਿ ਪਟਿਆਲਾ ਦੇ ਸੰਸਦ ਮੈਂਬਰ ਡਾ. ਧਰਮਵੀਰ ਗਾਂਧੀ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਦੇ ਨਾਂ 13 ਅਗਸਤ 2026 ਨੂੰ ਪ੍ਰਕਾਸ਼ਤ ਰਾਜ ਦੀ ਖਰੜਾ ਵੋਟਰ ਸੂਚੀ (ਡਰਾਫਟ ਇਲੈਕਟੋਰਲ ਰੋਲ) ਵਿੱਚੋਂ ਗਾਇਬ ਹਨ।



ਬਿਆਨ ਵਿੱਚ ਕਿਹਾ ਗਿਆ ਹੈ, ÷ਸੰਸਦ ਮੈਂਬਰ ਡਾ. ਧਰਮਵੀਰ ਗਾਂਧੀ ਅਤੇ ਨਾਲ ਹੀ ਉਨ੍ਹਾਂ ਦੇ ਪਰਿਵਾਰਕ ਮੈਂਬਰ, ਪਤਨੀ ਜਗਦੰਬਾ ਕੌਸ਼ਲ, ਧੀ ਰੋਹਣੀ ਪਰਾਸ਼ਰ, ਨੂੰਹ ਚਾਹਤ ਸਾਹੂਜਾ, ਅਤੇ ਪੁੱਤਰ ਨਬੇਂਦੂ, 13 ਅਗਸਤ 2026 ਨੂੰ ਪ੍ਰਕਾਸ਼ਤ ਖਰੜਾ ਵੋਟਰ ਸੂਚੀ ਦਾ ਪੂਰੀ ਤਰ੍ਹਾਂ ਹਿੱਸਾ ਹਨ। ਉਹ ਵਿਧਾਨ ਸਭਾ ਹਲਕਾ (AC No) 115 - ਪਟਿਆਲਾ, ਭਾਗ ਨੰਬਰ (Part No) 98, ਵਿੱਚ ਲੜੀ ਨੰਬਰ (Serial numbers) 44 ਤੋਂ 48 ’ਤੇ ਵੋਟਰ ਵਜੋਂ ਰਜਿਸਟਰਡ ਹਨ।




## ਹਰਜੋਤ ਬੈਂਸ ਨੇ ਕੀਤਾ ਵਾਅਦਾ ਪੂਰਾ, ਏ.ਪੀ.ਐਲ. ਜੇਤੂ ਘਨਾਰੂ ਕ੍ਰਿਕਟ ਟੀਮ ਦਾ ਵਧਾਇਆ ਹੌਸਲਾ

**ਸ੍ਰੀ ਅਨੰਦਪੁਰ ਸਾਹਿਬ, 4 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**


ਆਪਣੇ ਵਾਅਦੇ ਪੂਰੇ ਕਰਨ ਲਈ ਜਾਣੇ ਜਾਂਦੇ ਪੰਜਾਬ ਦੇ ਨੌਜਵਾਨ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਵੱਲੋਂ ਹਲਕੇ ਦੇ ਕਿਸੇ ਵੀ ਪਿੰਡ, ਸ਼ਹਿਰ, ਖੇਡ ਮੈਦਾਨ ਜਾਂ ਸਮਾਗਮ ਵਿੱਚ ਕੀਤਾ ਗਿਆ ਐਲਾਨ ਪੂਰਾ ਕਰਨ ਦੀ ਪ੍ਰੰਪਰਾ ਨੂੰ ਜਾਰੀ ਰੱਖਿਆ ਜਾ ਰਿਹਾ ਹੈ। ਏ.ਪੀ.ਐਲ. ਕ੍ਰਿਕਟ ਮੈਚ ਦੌਰਾਨ ਜੇਤੂ ਘਨਾਰੂ ਕ੍ਰਿਕਟ ਟੀਮ ਦੇ ਹੌਸਲੇ ਨੂੰ ਵਧਾਉਂਦਿਆਂ ਪਿੰਡ ਦੇ ਵਿਕਾਸ ਲਈ 10 ਲੱਖ ਰੁਪਏ ਦੀ ਗ੍ਰਾਂਟ ਦੇਣ ਦਾ ਕੀਤਾ ਵਾਅਦਾ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਪਿੰਡ ਵਾਸੀਆਂ ਨੂੰ 10 ਲੱਖ ਰੁਪਏ ਦਾ ਚੈੱਕ ਸੌਂਪ ਕੇ ਪੂਰਾ ਕਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨਾ ਅਤੇ ਪਿੰਡਾਂ ਵਿੱਚ ਖੇਡ ਪ੍ਰਤਿਭਾ ਨੂੰ ਉਤਸ਼ਾਹਿਤ ਕਰਨਾ ਸਰਕਾਰ ਦੀਆਂ ਮੁੱਖ ਤਰਜੀਹਾਂ ਵਿੱਚ ਸ਼ਾਮਲ ਹੈ। ਕੈਬਨਿਟ ਮੰਤਰੀ ਹਰਜੋਤ ਬੈਂਸ ਨੇ ਘਨਾਰੂ ਪਿੰਡ ਦੀਆਂ ਸਮੱਸਿਆਵਾ/ ਮੁਸ਼ਕਿਲਾਂ ਸੁਣੀਆਂ ਅਤੇ ਅਧਿਕਾਰੀਆਂ ਨੂੰ ਸਮੱਸਿਆਵਾ ਜਲਦ ਹੱਲ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾ ਕਿਹਾ ਕਿ ਅਸੀ ਪਿੰਡ ਪਿੰਡ ਜਾ ਕੇ ਲੋਕਾਂ ਦੀਆਂ ਸਮੱਸਿਆਵਾ ਹੱਲ ਕਰਾਂਗੇ ਤਾਂ ਜੋ ਲੋਕਾਂ ਨੂੰ ਦਫਤਰਾਂ ਦੀ ਬੇਲੋੜੀ ਖੱਜਲ ਖੁਆਰੀ ਤੋ ਬਚਾਇਆ ਜਾ ਸਕੇ। ਪਿੰਡ ਘਨਾਰੂ ਦੇ ਵਿਕਾਸ ਦੀ ਗੱਲ ਕਰੀਏ ਤਾਂ ਇੱਥੇ ਕਰੀਬ 1.5 ਕਰੋੜ ਰੁਪਏ ਦੀ ਲਾਗਤ ਨਾਲ ਵੱਖ-ਵੱਖ ਵਿਕਾਸ ਕਾਰਜ ਮੁਕੰਮਲ ਕੀਤੇ ਗਏ ਹਨ। ਇਨ੍ਹਾਂ ਕਾਰਜਾਂ ਤਹਿਤ ਸਰਕਾਰੀ ਸਕੂਲ ਦਾ ਨਵੀਨੀਕਰਨ, ਪਿੰਡ ਵਿੱਚ ਸੌਲਿਡ ਵੇਸਟ ਮੈਨੇਜਮੈਂਟ ਪ੍ਰੋਜੈਕਟ, ਪੀਣ ਵਾਲੇ ਪਾਣੀ ਦੀ ਬਿਹਤਰ ਸਪਲਾਈ, ਸੜਕਾਂ ਦਾ ਨਵੀਨੀਕਰਨ, ਨਵੀਂ ਸ਼ੈੱਡ ਦੀ ਉਸਾਰੀ ਅਤੇ ਪਾਣੀ ਵਾਲੀ ਟੈਂਕੀ ਸਮੇਤ ਕਈ ਮਹੱਤਵਪੂਰਨ ਕੰਮ ਕੀਤੇ ਗਏ ਹਨ। ਇਨ੍ਹਾਂ ਵਿਕਾਸ ਕਾਰਜਾਂ ਨਾਲ ਪਿੰਡ ਵਾਸੀਆਂ ਨੂੰ ਰੋਜ਼ਾਨਾ ਜੀਵਨ ਨਾਲ ਸਬੰਧਤ ਬੁਨਿਆਦੀ ਸਹੂਲਤਾਂ ਮਿਲੀਆਂ ਹਨ ਅਤੇ ਪਿੰਡ ਦੀ ਦਿੱਖ ਵਿੱਚ ਵੀ ਵੱਡਾ ਸੁਧਾਰ ਆਇਆ ਹੈ।



ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਿੰਡਾਂ ਦੇ ਸਰਬਪੱਖੀ ਵਿਕਾਸ ’ਤੇ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ। ਉਨ੍ਹਾਂ ਦਾ ਉਦੇਸ਼ ਪਿੰਡਾਂ ਦੇ ਲੋਕਾਂ ਨੂੰ ਵੀ ਸ਼ਹਿਰਾਂ ਦੀ ਤਰਜ਼ ’ਤੇ ਬਿਹਤਰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣਾ ਹੈ। ਘਨਾਰੂ ਵਿੱਚ ਕੀਤੇ ਗਏ ਵਿਕਾਸ ਕਾਰਜ ਇਸੇ ਸੋਚ ਦਾ ਪ੍ਰਗਟਾਵਾ ਹਨ। ਉਨ੍ਹਾਂ ਕਿਹਾ ਕਿ ਸਾਫ਼-ਸੁਥਰਾ ਵਾਤਾਵਰਣ, ਪੀਣ ਵਾਲਾ ਸਾਫ਼ ਪਾਣੀ, ਬਿਹਤਰ ਸੜਕਾਂ, ਸੁਧਰੇ ਸਕੂਲ ਅਤੇ ਹੋਰ ਬੁਨਿਆਦੀ ਸਹੂਲਤਾਂ ਲੋਕਾਂ ਦਾ ਹੱਕ ਹਨ ਅਤੇ ਸਰਕਾਰ ਵੱਲੋਂ ਇਨ੍ਹਾਂ ਨੂੰ ਯਕੀਨੀ ਬਣਾਉਣ ਲਈ ਲਗਾਤਾਰ ਕੰਮ ਕੀਤਾ ਜਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਲੋਕਾਂ ਨਾਲ ਕੀਤੇ ਵਾਅਦਿਆਂ ਨੂੰ ਪੂਰਾ ਕਰਨ ਦੇ ਨਾਲ-ਨਾਲ ਕਈ ਅਜਿਹੇ ਲੋਕਪੱਖੀ ਫੈਸਲੇ ਵੀ ਲਏ ਗਏ ਹਨ, ਜੋ ਚੋਣ ਵਾਅਦਿਆਂ ਦਾ ਹਿੱਸਾ ਨਹੀਂ ਸਨ। ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਸ੍ਰੀ ਅਨੰਦਪੁਰ ਸਾਹਿਬ ਹਲਕੇ ਵਿੱਚ ਸਰਕਾਰ ਦੀਆਂ ਲੋਕ ਭਲਾਈ ਸਕੀਮਾਂ ਅਤੇ ਵਿਕਾਸ ਕਾਰਜਾਂ ਦਾ ਲਾਭ ਹਰ ਯੋਗ ਅਤੇ ਲੋੜਵੰਦ ਵਿਅਕਤੀ ਤੱਕ ਪਹੁੰਚਾਉਣ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਹਲਕੇ ਦਾ ਕੋਈ ਵੀ ਪਿੰਡ ਵਿਕਾਸ ਪੱਖੋਂ ਪਿੱਛੇ ਨਹੀਂ ਰਹਿਣ ਦਿੱਤਾ ਜਾਵੇਗਾ ਅਤੇ ਲੋਕਾਂ ਨਾਲ ਕੀਤੇ ਹਰ ਵਾਅਦੇ ਨੂੰ ਪੂਰਾ ਕਰਨਾ ਉਨ੍ਹਾਂ ਦੀ ਪਹਿਲੀ ਤਰਜੀਹ ਹੈ।

ਪਿੰਡ ਵਾਸੀਆਂ ਅਤੇ ਏ.ਪੀ.ਐਲ. ਜੇਤੂ ਕ੍ਰਿਕਟ ਟੀਮ ਦੇ ਖਿਡਾਰੀਆਂ ਨੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਵੱਲੋਂ ਖੇਡਾਂ ਨੂੰ ਉਤਸ਼ਾਹਿਤ ਕਰਨ ਦੇ ਨਾਲ-ਨਾਲ ਪਿੰਡ ਦੇ ਵਿਕਾਸ ਵੱਲ ਵੀ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ। 10 ਲੱਖ ਰੁਪਏ ਦੀ ਗ੍ਰਾਂਟ ਨਾਲ ਪਿੰਡ ਵਿੱਚ ਹੋਰ ਲੋੜੀਂਦੇ ਵਿਕਾਸ ਕਾਰਜ ਕਰਵਾਉਣ ਵਿੱਚ ਮਦਦ ਮਿਲੇਗੀ। ਪਿੰਡ ਵਾਸੀਆਂ ਨੇ ਕਿਹਾ ਕਿ ਸਕੂਲ ਦੇ ਨਵੀਨੀਕਰਨ, ਸਫਾਈ ਪ੍ਰਬੰਧ, ਪਾਣੀ ਦੀ ਸਪਲਾਈ, ਸੜਕਾਂ ਅਤੇ ਹੋਰ ਸਹੂਲਤਾਂ ਨਾਲ ਘਨਾਰੂ ਦੀ ਤਸਵੀਰ ਵਿੱਚ ਵੱਡਾ ਬਦਲਾਅ ਆਇਆ ਹੈ। ਇਸ ਮੌਕੇ ਰਘੁਵੀਰ ਸਿੰਘ ਸਰਪੰਚ, ਜਗਮੋਹਨ ਸਿੰਘ ਸਰਪੰਚ,ਓਮ ਪ੍ਰਕਾਸ਼ ਮਥੁਰਾ ਸਰਪੰਚ, ਦਇਆ ਸਿੰਘ ਸਿੱਖਿਆ ਕੋਆਰਡੀਨੇਟਰ, ਦਵਿੰਦਰ ਸਿੰਘ ਯੂਥ ਪ੍ਰਧਾਨ, ਨੱਡਾ ਤੇ ਪਿੰਡ ਵਾਸੀ ਵੱਡੀ ਗਿਣਤੀ ਵਿਚ ਹਾਜ਼ਰ ਸਨ।



# ਪੋਲੀਟਿਕਸ



## ਟ੍ਰੈਫਿਕ ਨਿਯਮਾਂ ਦੀ ਪਾਲਣਾ ਨਾ ਕਰਨ ਅਤੇ ਨਸ਼ੇ ਕਰਕੇ ਵਹੀਕਲਜ਼ ਚਲਾਉਣ ਨਾਲ ਹਰ ਸਾਲ ਅਨੇਕਾਂ ਕੀਮਤੀ ਜਾਨਾਂ ਅਜਾਈਂ ਚੱਲੀਆ ਜਾਂਦੀਆਂ ਹਨ : ਐਸ ਪੀ ਟ੍ਰੈਫਿਕ ਅਸ਼ੋਕ ਕੁਮਾਰ

**ਪਟਿਆਲਾ, 4 ਸਤੰਬਰ**
**-ਜੀ. ਐਸ. ਤੁੰਗ-**



ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ ਇੰਡੀਆ, ਪਾਵਰ ਹਾਊਸ ਯੂਥ ਕਲੱਬ ਅਤੇ ਯੁਵਕ ਸੇਵਾਵਾਂ ਕਲੱਬ ਦੀਪ ਨਗਰ ਦੇ ਸਰਪ੍ਰਸਤ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਮੈਂਬਰ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਪੁਲਿਸ, ਮੈਂਬਰ ਜ਼ਿਲ੍ਹਾ ਯੁਵਾ ਸਾਂਝ ਕਮੇਟੀ ਪਟਿਆਲਾ ਪੁਲਿਸ, ਮੈਂਬਰ ਵੂਮੈਨ ਕੌਂਸਲਿੰਗ ਸੈਲ ਪਟਿਆਲਾ ਪੁਲਿਸ ਅਤੇ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ ਵੱਲੋਂ ਅੱਜ ਐਸ.ਪੀ. ਟ੍ਰੈਫਿਕ ਪਟਿਆਲਾ ਸ੍ਰੀ ਅਸ਼ੋਕ ਕੁਮਾਰ ਜੀ ਨਾਲ ਉਨ੍ਹਾਂ ਦੇ ਦਫਤਰ ਵਿਖੇ ਵਿਸ਼ੇਸ਼ ਮੁਲਾਕਾਤ ਕੀਤੀ ਗਈ।

ਇਸ ਮੁਲਾਕਾਤ ਦੌਰਾਨ ਮੁੱਖ ਤੌਰ ਤੇ ਸਮਾਜ ਵਿੱਚ ਦਿਨੋ-ਦਿਨ ਵੱਧ ਰਹੀ ਨਸ਼ਿਆਂ ਦੀ ਸਮੱਸਿਆ ਅਤੇ ਟ੍ਰੈਫਿਕ ਨਿਯਮਾਂ ਦੀ ਉਲੰਘਣਾ ਕਾਰਨ ਹੋ ਰਹੇ ਸੜਕ ਹਾਦਸਿਆਂ ਨੂੰ ਰੋਕਣ ਸਬੰਧੀ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ ਗਿਆ।

ਇਸ ਮੌਕੇ ਐਸ ਪੀ ਟ੍ਰੈਫਿਕ ਅਸ਼ੋਕ ਕੁਮਾਰ ਨੇ ਕਿਹਾ ਕਿ ਸਮਾਜ ਸੇਵੀ ਸੰਸਥਾ ਯੂਥ ਫੈਡਰੇਸ਼ਨ ਆਫ ਇੰਡੀਆ ਅਤੇ ਉਨ੍ਹਾਂ ਦੀਆਂ ਸਹਿਯੋਗੀ ਸੰਸਥਾਵਾਂ ਵੱਲੋਂ ਪਿਛਲੇ ਕਈ ਸਾਲਾਂ ਤੋਂ ਜ਼ਿਲ੍ਹਾ ਪਟਿਆਲਾ ਵਿੱਚ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਅਤੇ ਨਸ਼ਾ ਮੁਕਤ ਭਾਰਤ ਅਭਿਆਨ ਤਹਿਤ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਜਾਗਰੂਕਤਾ ਸੈਮੀਨਾਰ, ਖੇਡ ਟੂਰਨਾਮੈਂਟ, ਸਾਈਕਲ ਰੈਲੀਆਂ ਅਤੇ ਡੋਰ-ਟੂ-ਡੋਰ ਅਭਿਆਨ ਚਲਾਏ ਜਾ ਰਹੇ ਹਨ ,ਉਹੋ ਬਹੁਤ ਹੀ ਸ਼ਲਾਘਾਯੋਗ ਉਪਰਾਲਾ ਹੈ।

ਉਹਨਾਂ ਨੇ ਕਿਹਾ ਕਿ ਅੱਜ ਦਾ ਨੌਜਵਾਨ ਵਰਗ ਗੁੰਮਰਾਹ ਹੋ ਕੇ ਨਸ਼ਿਆਂ ਦੇ ਦਲਦਲ ਵਿੱਚ ਫਸ ਰਿਹਾ ਹੈ, ਜਿਸ ਨੂੰ ਬਚਾਉਣ ਲਈ ਪੁਲਿਸ ਅਤੇ ਸਮਾਜ ਸੇਵੀ ਸੰਸਥਾਵਾਂ ਨੂੰ ਰਲ ਕੇ ਕੰਮ ਕਰਨਾ ਪਵੇਗਾ।ਉਹਨਾਂ ਨੇ ਕਿਹਾ ਕਿ ਪਟਿਆਲਾ ਪੁਲਿਸ ਨਸ਼ਿਆਂ ਖਿਲਾਫ ਜ਼ੀਰੋ ਟਾਲਰੈਂਸ ਦੀ ਨੀਤੀ ਤੇ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਨਸ਼ਾ ਤਸਕਰਾਂ ਖਿਲਾਫ ਸਖਤ ਕਾਰਵਾਈ ਦੇ ਨਾਲ-ਨਾਲ ਨੌਜਵਾਨਾਂ ਨੂੰ ਜਾਗਰੂਕ ਕਰਨਾ ਵੀ ਬਹੁਤ ਜ਼ਰੂਰੀ ਹੈ। ਇਸ ਤੋਂ ਇਲਾਵਾ ਉਨ੍ਹਾਂ ਕਿਹਾ ਕਿ ਟ੍ਰੈਫਿਕ ਨਿਯਮਾਂ ਦੀ ਪਾਲਣਾ ਨਾ ਕਰਨ ਕਾਰਨ ਅਤੇ ਨਸ਼ੇ ਕਰਕੇ ਵਹੀਕਲਜ਼ ਚਲਾਉਣ ਨਾਲ ਹਰ ਸਾਲ ਸੈਂਕੜੇ ਕੀਮਤੀ ਜਾਨਾਂ ਅਜਾਈਂ ਚਲੀਆਂ ਜਾਂਦੀਆਂ ਹਨ।

ਉਨ੍ਹਾਂ ਦੱਸਿਆ ਕਿ ਪਟਿਆਲਾ ਪੁਲਿਸ ਵੱਲੋਂ ਜਲਦ ਹੀ ਸਮਾਜ ਸੇਵੀ ਸੰਸਥਾਵਾਂ ਦੇ ਸਹਿਯੋਗ ਨਾਲ ਜ਼ਿਲ੍ਹੇ ਭਰ ਵਿੱਚ ਵਿਸ਼ੇਸ਼ ਮੁਹਿੰਮ ਚਲਾਈ ਜਾਵੇਗੀ। ਇਸ ਮੌਕੇ ਉਹਨਾਂ ਕਿਹਾ ਕਿ ਸਕੂਲਾਂ-ਕਾਲਜਾਂ, ਯੂਨੀਵਰਸਿਟੀਆ, ਪਿੰਡਾਂ, ਕਸਬਿਆਂ,ਵਾਰਡਾ ਵਿੱਚ ਟ੍ਰੈਫਿਕ ਨਿਯਮਾਂ ਅਤੇ ਨਸ਼ਾ ਮੁਕਤੀ ਸਬੰਧੀ ਸੈਮੀਨਾਰ ਲਗਾਏ ਜਾਣਗੇ।ਬਿਨਾਂ ਹੈਲਮਟ, ਬਿਨਾਂ ਸੀਟ ਬੈਲਟ, ਓਵਰ ਸਪੀਡ ਅਤੇ ਨਸ਼ਾ ਕਰਕੇ ਵਾਹਨ ਚਲਾਉਣ ਵਾਲਿਆਂ ਖਿਲਾਫ ਜਾਗਰੂਕਤਾ ਦੇ ਨਾਲ-ਨਾਲ ਸਖਤੀ ਵੀ ਕੀਤੀ ਜਾਵੇਗੀ।

ਇਸ ਮੌਕੇ ਪਰਮਿੰਦਰ ਭਲਵਾਨ ਅਤੇ ਜਤਵਿੰਦਰ ਗਰੇਵਾਲ ਨੇ ਐਸ.ਪੀ. ਟ੍ਰੈਫਿਕ ਪਟਿਆਲਾ ਅਸ਼ੋਕ ਕੁਮਾਰ ਦਾ ਆਪਣਾ ਕੀਮਤੀ ਸਮਾਂ ਦੇਣ ਅਤੇ ਸਹਿਯੋਗ ਦਾ ਭਰੋਸਾ ਦੇਣ ਲਈ ਧੰਨਵਾਦ ਕੀਤਾ ਅਤੇ ਵਿਸ਼ਵਾਸ ਦਿਵਾਇਆ ਕਿ ਉਨ੍ਹਾਂ ਦੀਆਂ ਸੰਸਥਾਵਾਂ ਹਮੇਸ਼ਾ ਪੁਲਿਸ ਅਤੇ ਪ੍ਰਸ਼ਾਸਨ ਦੇ ਮੋਢੇ ਨਾਲ ਮੋਢਾ ਜੋੜ ਕੇ ਸਮਾਜ ਭਲਾਈ ਦੇ ਕੰਮਾਂ ਵਿੱਚ ਅੱਗੇ ਰਹਿਣਗੀਆਂ।

## ਮਿਸ਼ਨ ਕਲੀਨ ਪੰਜਾਬ ਤਹਿਤ ਪਾਠਕ ਵਿਹਾਰ ਖੇੜਾ ਤੋਂ ਭਗਤ ਸਿੰਘ ਚੌਂਕ ਤੱਕ ਸਫ਼ਾਈ ਮੁਹਿੰਮ




**ਪਟਿਆਲਾ, 4 ਸਤੰਬਰ**
**-ਛਤਰਪਾਲ ਸਿੰਘ-**

ਪੰਜਾਬ ਸਰਕਾਰ ਵੱਲੋਂ ਸੂਬੇ ਨੂੰ ਸਾਫ਼-ਸੁਥਰਾ, ਹਰਿਆ-ਭਰਿਆ ਅਤੇ ਪ੍ਰਦੂਸ਼ਣ ਮੁਕਤ ਬਣਾਉਣ ਦੇ ਮਕਸਦ ਨਾਲ ਚਲਾਏ ਜਾ ਰਹੇ 'ਮਿਸ਼ਨ ਕਲੀਨ ਪੰਜਾਬ' ਤਹਿਤ ਅੱਜ ਪਟਿਆਲਾ ਵਿਖੇ ਪਾਠਕ ਵਿਹਾਰ ਖੇੜਾ ਤੋਂ ਭਗਤ ਸਿੰਘ ਚੌਂਕ (ਸੰਜੇ ਕਲੋਨੀ ਰੋਡ) ਤੱਕ ਵਿਸ਼ੇਸ਼ ਸਫ਼ਾਈ ਮੁਹਿੰਮ ਚਲਾਈ ਗਈ।

ਇਸ ਮੌਕੇ ਵਿਧਾਇਕ ਅਜੀਤਪਾਲ ਕੋਹਲੀ, ਮੇਅਰ ਕੁੰਦਨ ਗੋਗੀਆ ਅਤੇ ਨਗਰ ਨਿਗਮ ਕਮਿਸ਼ਨਰ ਪੂਜਾ ਸਿਆਲ ਦੀ ਅਗਵਾਈ ਹੇਠ ਸਫ਼ਾਈ ਕਾਰਜਾਂ ਦਾ ਜਾਇਜ਼ਾ ਲਿਆ ਗਿਆ ਅਤੇ ਇਲਾਕੇ ਦੀ ਸਫ਼ਾਈ ਨੂੰ ਹੋਰ ਬਿਹਤਰ ਬਣਾਉਣ ਲਈ ਲੋੜੀਂਦੇ ਦਿਸ਼ਾ-ਨਿਰਦੇਸ਼ ਦਿੱਤੇ ਗਏ। ਮੁਹਿੰਮ ਦੌਰਾਨ ਸੜਕਾਂ, ਆਲੇ-ਦੁਆਲੇ ਦੇ ਖੇਤਰਾਂ ਅਤੇ ਜਨਤਕ ਥਾਵਾਂ ਤੋਂ ਕੂੜਾ-ਕਰਕਟ ਹਟਾ ਕੇ ਸਫ਼ਾਈ ਯਕੀਨੀ ਬਣਾਈ ਗਈ।

ਇਸ ਮੌਕੇ ਨਗਰ ਨਿਗਮ ਦੇ ਵਾਰਡ ਨੰਬਰ 33 ਤੋਂ ਕੌਂਸਲਰ ਗੀਤਾ ਦੇਵੀ, ਵਾਰਡ ਨੰਬਰ 39 ਦੇ ਇੰਚਾਰਜ ਜੋਤੀ, ਵਾਰਡ ਨੰਬਰ 35 ਦੇ ਇੰਚਾਰਜ ਰੋਹਿਤ ਸਿੰਗਲਾ ਅਤੇ ਵਾਰਡ ਨੰਬਰ 40 ਦੇ ਇੰਚਾਰਜ ਗੁਰਪ੍ਰੀਤ ਗੁਰੀ ਸਮੇਤ ਹੋਰ ਪਤਵੰਤੇ ਅਤੇ ਸਫ਼ਾਈ ਕਰਮਚਾਰੀ ਮੌਜੂਦ ਰਹੇ। ਇਸ ਮੌਕੇ ਦਵਿੰਦਰਪਾਲ ਸਿੰਘ ਮਿੱਕੀ, ਹਲਕਾ ਕੋਆਰਡੀਨੇਟਰ ਐਨ.ਐਮ.ਐਮ. ਨੇ ਵੀ ਸਫ਼ਾਈ ਮੁਹਿੰਮ ਵਿੱਚ ਸ਼ਿਰਕਤ ਕੀਤੀ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਆਲੇ-ਦੁਆਲੇ ਸਫ਼ਾਈ ਬਣਾਈ ਰੱਖਣ, ਕੂੜਾ ਨਿਰਧਾਰਤ ਸਥਾਨ 'ਤੇ ਹੀ ਸੁੱਟਣ ਅਤੇ ਪੰਜਾਬ ਸਰਕਾਰ ਦੇ ਇਸ ਸਫ਼ਾਈ ਅਭਿਆਨ ਨੂੰ ਸਫ਼ਲ ਬਣਾਉਣ ਲਈ ਆਪਣਾ ਸਹਿਯੋਗ ਦੇਣ।

## ਕ੍ਰਿਸ਼ੀ ਵਿਗਿਆਨ ਕੇਂਦਰ ਨੇ ਪਿੰਡ ਚੱਠੇ ਸੇਖਵਾਂ ਵਿਖੇ ਪਰਾਲੀ ਪ੍ਰਬੰਧਨ ਬਾਰੇ ਜਾਗਰੂਕਤਾ ਕੈਂਪ ਲਗਾਇਆ

**ਸੰਗਰੂਰ, 4 ਸਤੰਬਰ**
**-ਜਗਦੇਵ ਰੰਚਨਾਂ-**
**-ਸ਼ਹੀਦ-ਏ-ਆਜ਼ਮ-ਬਿਊਰੋ-**



ਝੋਨੇ ਦੀ ਪਰਾਲੀ ਦੇ ਸੁਚੱਜੇ ਪ੍ਰਬੰਧਨ ਬਾਰੇ ਵਿੱਢੀ ਮੁਹਿੰਮ ਅਧੀਨ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਕ੍ਰਿਸ਼ੀ ਵਿਗਿਆਨ ਕੇਂਦਰ, ਸੰਗਰੂਰ ਵੱਲੋਂ ਪਿੰਡ ਚੱਠੇ ਸੇਖਵਾਂ, ਬਲਾਕ ਸੰਗਰੂਰ ਵਿਖੇ ਇੱਕ -ਰੋਜ਼ਾ ਕਿਸਾਨ ਜਾਗਰੂਕਤਾ ਕੈਂਪ ਲਗਾਇਆ ਗਿਆ। ਜਿਸ ਵਿੱਚ ਪਿੰਡ ਦੀ ਸਮੁੱਚੀ ਗ੍ਰਾਮ ਪੰਚਾਇਤ ਸਮੇਤ ਲੱਗਭੱਗ 80 ਕਿਸਾਨਾਂ ਨੇ ਸ਼ਮੂਲੀਅਤ ਕੀਤੀ।

ਇਸ ਮੌਕੇ ਡਾ. ਮਨਦੀਪ ਸਿੰਘ, ਇੰਚਾਰਜ, ਪੀ.ਏ.ਯੂ.-ਕ੍ਰਿਸ਼ੀ ਵਿਗਿਆਨ ਕੇਂਦਰ, ਸੰਗਰੂਰ ਨੇ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਨੂੰ ਖੇਤ ਵਿੱਚ ਹੀ ਸੰਭਾਲਦੇ ਹੋਏ ਕਣਕ ਬੀਜਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਸਾਨਾਂ ਨੂੰ ਪਰਾਲੀ ਨੂੰ ਅੱਗ ਲਾਉਣ ਨਾਲ ਵਾਤਾਵਰਣ, ਮਿੱਟੀ ਦੀ ਸਿਹਤ ਅਤੇ ਮਨੁੱਖੀ ਸਿਹਤ ਉੱਤੇ ਪੈਣ ਵਾਲੇ ਪ੍ਰਭਾਵਾਂ ਬਾਰੇ ਵਿਸਥਾਰਪੂਰਵਕ ਜਾਗਰੂਕ ਕੀਤਾ। ਉਹਨਾਂ ਪਰਾਲੀ ਨੂੰ ਖੇਤ ਵਿੱਚ ਸੰਭਾਲਣ ਨਾਲ ਹੋਣ ਵਾਲੇ ਫ਼ਾਇਦਿਆਂ ਅਤੇ ਮਿੱਟੀ ਦੀ ਸਿਹਤ ਵਿੱਚ ਹੋਣ ਵਾਲੇ ਸੁਧਾਰ ਸੰਬੰਧੀ ਵੀ ਦੱਸਿਆ। ਉਹਨਾਂ ਕ੍ਰਿਸ਼ੀ ਵਿਗਿਆਨ ਕੇਂਦਰ, ਸੰਗਰੂਰ ਵੱਲੋਂ ਕਿਸਾਨਾਂ ਲਈ ਲਗਾਏ ਜਾ ਰਹੇ ਕਿੱਤਾਮੁਖੀ ਸਿਖਲਾਈ ਕੋਰਸਾਂ, ਮਿੱਟੀ-ਪਾਣੀ ਪਰਖ ਸੇਵਾਵਾਂ, ਸੀ.ਆਰ.ਐਮ. ਮਸ਼ੀਨਰੀ ਬੈਂਕ ਅਤੇ ਵੱਖ-ਵੱਖ ਫ਼ਸਲਾਂ ਦੇ ਤਿਆਰ ਕੀਤੇ ਜਾ ਰਹੇ ਬੀਜਾਂ, ਆਦਿ ਬਾਰੇ ਵੀ ਚਾਨਣਾ ਪਾਇਆ। ਡਾ. ਸੁਨੀਲ ਕੁਮਾਰ, ਸਹਾਇਕ ਪ੍ਰੋਫੈਸਰ (ਫਾਰਮ ਮਸ਼ੀਨਰੀ) ਨੇ ਕਿਸਾਨਾਂ ਨੂੰ ਪਰਾਲੀ ਨੂੰ ਖੇਤ ਵਿੱਚ ਸਾਂਭਦੇ ਹੋਏ ਕਣਕ ਦੀ ਬਿਜਾਈ ਲਈ ਉਪਲਬਧ ਖੇਤੀ ਮਸ਼ੀਨਰੀ ਅਤੇ ਇਸ ਦੀ ਸੁਚੱਜੀ ਵਰਤੋਂ ਬਾਬਤ ਵਿਸਤਾਪੂਰਵਕ ਜਾਣਕਾਰੀ ਦਿੱਤੀ। ਉਨ੍ਹਾਂ ਨੇ ਕਿਸਾਨਾਂ ਨੂੰ ਪਰਾਲੀ ਨੂੰ ਖੇਤ ਵਿੱਚੋਂ ਬਾਹਰ ਕੱਢ ਕੇ ਕਣਕ ਦੀ ਬਿਜਾਈ ਕਰਨ ਤੋਂ ਗੁਰੇਜ਼ ਕਰਨ ਲਈ ਵੀ ਕਿਹਾ।

ਡਾ. ਰੁਕਿੰਦਰਪ੍ਰੀਤ ਸਿੰਘ, ਸਹਾਇਕ ਪ੍ਰੋਫੈਸਰ (ਫ਼ਸਲ ਵਿਗਿਆਨ) ਨੇ ਕਿਸਾਨਾਂ ਨਾਲ ਝੋਨੇ ਦੀ ਕਾਸ਼ਤ ਵਿੱਚ ਦਰਪੇਸ਼ ਆ ਰਹੀਆਂ ਸਮੱਸਿਆਵਾਂ ਜਿਵੇਂ ਕਿ ਬੌਣਾ ਰੋਗ, ਭੂਰੇ ਪਿੱਠ ਵਾਲਾ ਟਿੱਡਾ, ਝੰਡਾ ਰੋਗ, ਹਲਦੀ ਰੋਗ ਅਤੇ ਹੋਰ ਬਿਮਾਰੀਆਂ ਦੀ ਰੋਕਥਾਮ ਸੰਬੰਧੀ ਜਾਣਕਾਰੀ ਦਿੱਤੀ। ਉਨ੍ਹਾਂ ਕਿਸਾਨਾਂ ਨੂੰ ਝੋਨੇ ਵਿੱਚ ਪੋਟਾਸ਼ੀਅਮ ਨਾਈਟ੍ਰੇਟ (13:0:45) ਦੀ ਵਰਤੋਂ ਦੇ ਫਾਇਦਿਆਂ ਬਾਰੇ ਦੱਸਦੇ ਹੋਏ ਇਸ ਦਾ ਸਪਰੇਅ ਕਰਨ ਲਈ ਆਖਿਆ। ਉਹਨਾਂ ਕਿਹਾ ਕਿ ਜਦੋਂ ਝੋਨਾ ਗੋਭ ਵਿੱਚ ਆਵੇ ਤਾਂ 1.5% ਪੋਟਾਸ਼ੀਅਮ ਨਾਈਟ੍ਰੇਟ (3 ਕਿਲੋ ਪੋਟਾਸ਼ੀਅਮ ਨਾਈਟ੍ਰੇਟ 200 ਲਿਟਰ ਪਾਣੀ ਪ੍ਰਤੀ ਏਕੜ) ਦਾ ਛਿੜਕਾਅ ਕਰੋ।

ਡਾ. ਰਵਿੰਦਰ ਕੌਰ, ਸਹਿਯੋਗੀ ਪ੍ਰੋਫੈਸਰ (ਬਾਗਬਾਨੀ) ਨੇ ਕਿਸਾਨਾਂ ਨੂੰ ਸਰਦੀ ਰੁੱਤ ਦੀ ਘਰੇਲੂ ਸਬਜ਼ੀ ਬਗੀਚੀ ਲਗਾਉਣ ਲਈ ਪ੍ਰੇਰਿਤ ਕੀਤਾ। ਉਹਨਾਂ ਸਬਜ਼ੀਆਂ ਦੀਆਂ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵੱਲੋਂ ਵਿਕਸਤ ਕੀਤੀਆਂ ਵੱਖ-ਵੱਖ ਕਿਸਮਾਂ ਬਾਰੇ ਵੀ ਜਾਣਕਾਰੀ ਦਿੱਤੀ।

## ਨੌਜਵਾਨ ਦੇ ਕਾਤਲਾਂ ਦੀ ਗ੍ਰਿਫਤਾਰੀ ਨੂੰ ਲੈ ਕੇ ਪਰਿਵਾਰਿਕ ਮੈਂਬਰਾਂ ਤੇ ਪਿੰਡ ਵਾਸੀਆਂ ਵੱਲੋਂ ਰੋਡ ਜਾਮ



**ਮੋਰਿੰਡਾ, 4 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਬੀਤੇ ਦਿਨੀ ਪਿੰਡ ਮੁੰਡੀਆਂ ਤੇ ਢੋਲਣ ਮਾਜਰਾ ਰੋਡ ਤੇ ਹੋਏ ਝਗੜੇ ਦੌਰਾਨ ਗੋਲੀਆਂ ਮਾਰ ਕੇ ਮਾਰੇ ਗਏ ਸਰਹਾਣਾ ਨਿਵਾਸੀ ਅਜੇ ਕੁਮਾਰ ਦੇ ਪਰਿਵਾਰਕ ਮੈਂਬਰਾਂ ਅਤੇ ਪਿੰਡ ਵਾਸੀਆਂ ਵੱਲੋਂ ਦੋਸ਼ੀਆਂ ਦੀ ਗ੍ਰਿਫਤਾਰੀ ਨੂੰ ਲੈ ਕੇ ਸਰਹਾਣਾ ਵਿਖੇ ਮੋਰਿੰਡਾ ਸ੍ਰੀ ਚਮਕੌਰ ਸਾਹਿਬ ਰੋਡ ਜਾਮ ਕਰਕੇ ਰੋਸ ਦਾ ਪ੍ਰਦਰਸ਼ਨ ਕੀਤਾ ਗਿਆ।

ਇਸ ਮੌਕੇ ਪਹੁੰਚੇ ਭਾਰਤੀ ਜਨਤਾ ਪਾਰਟੀ ਐਸ ਸੀ ਵਿੰਗ ਜਿਲਾ ਰੂਪਨਗਰ ਦੀ ਪ੍ਰਧਾਨ ਮੇਜਰ ਅੰਜੂ ਬਾਲਾ ਸਿੰਘ ਨੇ ਕਿਹਾ ਕਿ ਪੰਜਾਬ ਪੁਲਿਸ ਦੋਸ਼ੀਆਂ ਨੂੰ ਗ੍ਰਿਫਤਾਰ ਨਾ ਕਰਕੇ ਮ੍ਰਿਤਕ ਪਰਿਵਾਰ ਦੇ ਜਖਮਾਂ ਤੇ ਲੂਣ ਛਿੜਕ ਰਹੀ ਹੈ ਜਦਕਿ ਪੁਲਿਸ ਪ੍ਰਸ਼ਾਸਨ ਨੂੰ ਚਾਹੀਦਾ ਸੀ ਕਿ ਪੁਲਿਸ ਮਾਮਲੇ ਵਿੱਚ ਨਾਮਜਦ ਨੌਜਵਾਨਾਂ ਨੂੰ ਗ੍ਰਿਫਤਾਰ ਕਰਕੇ ਇਸ ਮਾਮਲੇ ਵਿੱਚ ਸ਼ਾਮਿਲ ਹੋਰਨਾਂ ਨੌਜਵਾਨਾਂ ਦੀ ਤਫਦੀਸ਼ ਕਰਕੇ ਗ੍ਰਿਫਤਾਰ ਕੀਤਾ ਜਾਵੇ, ਉਹਨਾਂ ਕਿਹਾ ਹਲਕੇ ਵਿੱਚ ਚੋਰੀਆਂ ਫਰੌਤੀਆਂ ਅਤੇ ਲੜਾਈ ਝਗੜਿਆਂ ਵਿੱਚ ਲੋਕਾਂ ਨੂੰ ਨੁਕਸਾਨ ਪਹੁੰਚਾਉਣ ਵਾਲੇ ਸ਼ਰਾਰਤੀ ਅਨਸਰ ਬਿਲਕੁਲ ਬੇਖੌਫ ਹਨ , ਇਸ ਮੌਕੇ ਸਾਬਕਾ ਸਰਪੰਚ ਸਿਮਰਨਜੀਤ ਸਿੰਘ ਕੰਗ ਨੇ ਕਿਹਾ ਕਿ ਪੁਲਿਸ ਜਾਣ ਬੁਝ ਕੇ ਦੋਸ਼ੀਆਂ ਨੂੰ ਬਚਾਉਣ ਦਾ ਯਤਨ ਕਰ ਰਹੀ ਹੈ ਜਦਕਿ ਇਸ ਮਾਮਲੇ ਵਿੱਚ ਨਾਮਜਦ ਜਿਆਦਾਤਰ ਵਿਅਕਤੀਆਂ ਦੀ ਪਹਿਚਾਣ ਹੋ ਚੁੱਕੀ ਹੈ ਪ੍ਰੰਤੂ ਪੁਲਿਸ ਉਹਨਾਂ ਨੂੰ ਗ੍ਰਿਫਤਾਰ ਨਹੀਂ ਕਰ ਰਹੀ ਜੋ ਪੁਲਿਸ ਪ੍ਰਸ਼ਾਸਨ ਤੇ ਇੱਕ ਵੱਡਾ ਸਵਾਲੀਆ ਨਿਸ਼ਾਨ ਹੈ ਇਸ ਮੌਕੇ ਮ੍ਰਿਤਕ ਅਜੇ ਕੁਮਾਰ ਦੀ ਮਾਤਾ ਬੀਨਾ ਰਾਣੀ ਅਤੇ ਭੈਣ ਪੂਜਾ ਰਾਣੀ ਨੇ ਕਿਹਾ ਕਿ ਜਦੋਂ ਤੱਕ ਅਜੇ ਕੁਮਾਰ ਦੇ ਕਾਤਲਾਂ ਨੂੰ ਗ੍ਰਿਫਤਾਰ ਨਹੀਂ ਕੀਤਾ ਜਾਂਦਾ ਉਦੋਂ ਤੱਕ ਅਜੇ ਕੁਮਾਰ ਦੀ ਮ੍ਰਿਤਕ ਦੇਹ ਦਾ ਸੰਸਕਾਰ ਨਹੀਂ ਕੀਤਾ ਜਾਵੇਗਾ।

ਇਸ ਮੌਕੇ ਪਹੁੰਚੇ ਐਸਐਚਓ ਸਿਟੀ ਮੋਰਿੰਡਾ ਗਗਨਦੀਪ ਸਿੰਘ ਨੇ ਦੱਸਿਆ ਕਿ ਉਹਨਾਂ ਵੱਲੋਂ ਪਹਿਲਾਂ ਵੀ ਪ੍ਰਸ਼ਵਿੰਦਰ ਸਿੰਘ ਦੇ ਬਿਆਨ ਦੇ ਆਧਾਰ 'ਤੇ ਮਨੀ ਅਤੇ ਗਗਨ ਵਾਸੀਆਨ ਚੱਕਲਾਂ, ਮਿੰਦੀ ਡਾਕਟਰ ਵਾਸੀ ਲੁਠੇੜੀ, ਕਰਨ ਵਾਸੀ ਸ਼ਾਦੀਪੁਰ, ਹਰਿੰਦਰ ਸਿੰਘ ਉਰਫ਼ ਲੱਕੀ ਵਾਸੀ ਸਰਹਾਣਾ, ਨੱਟ ਵਾਸੀ ਦਤਾਰਪੁਰ ਅਤੇ 14-15 ਹੋਰ ਅਣਪਛਾਤੇ ਵਿਅਕਤੀਆਂ ਖ਼ਿਲਾਫ਼ ਮਾਮਲਾ ਦਰਜ ਕੀਤਾ ਕੀਤਾ ਗਿਆ ਸੀ।

## ਪੰਜਾਬ ਵਿੱਚ ਜਬਰ ਜਨਾਹ ਦੇ ਕੇਸ ਰ.ਫ਼ਾ-ਦ.ਫ਼ਾ ਕਰਨ ਦਾ ਮਾਮਲਾ: NHRC ਦੀ ਨੋਟਿਸ ਤੋਂ ਬਾਅਦ ਭਾਜਪਾ ਵੱਲੋਂ ਸੀਐੱਮ ਦ.ਫ਼ਤਰ ਘੇਰਿਆ

**ਨਵੀਂ ਦਿੱਲੀ, 4 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਭਾਰਤੀ ਜਨਤਾ ਪਾਰਟੀ (ਭਾਜਪਾ) ਨੇ ਵੀਰਵਾਰ ਨੂੰ ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ 'ਤੇ ਦੋਸ਼ ਲਾਇਆ ਕਿ ਪੈਸੇ ਲੈ ਕੇ ਜਬਰ ਜਨਾਹ ਦੇ ਕੇਸਾਂ ਨੂੰ ਵਾਪਸ ਲੈਣ ਜਾਂ ਕਮਜ਼ੋਰ ਕਰਨ ਲਈ ਵਿਚੋਲਿਆਂ ਦੇ ਇੱਕ ਨੈੱਟਵਰਕ ਦੀ ਵਰਤੋਂ ਕੀਤੀ ਜਾ ਰਹੀ ਹੈ। ਪਾਰਟੀ ਨੇ ਇਸ ਨੂੰ 5 ਕਰੋੜ ਰੁਪਏ ਦਾ ਭ੍ਰਿਸ਼ਟਾਚਾਰ ਸਿੰਡੀਕੇਟ ਕਰਾਰ ਦਿੰਦਿਆਂ ਇਸ ਦੀ ਆਜ਼ਾਦਾਨਾ ਜਾਂਚ ਦੀ ਮੰਗ ਕੀਤੀ ਹੈ, ਜਿਸ ਵਿੱਚ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੇ ਦਫ਼ਤਰ ਅਤੇ ਉਨ੍ਹਾਂ ਦੀ ਪਤਨੀ ਡਾ. ਗੁਰਪ੍ਰੀਤ ਕੌਰ ਮਾਨ ਦੇ ਸ਼ਾਮਲ ਹੋਣ ਦਾ ਦੋਸ਼ ਲਾਇਆ ਗਿਆ ਹੈ।

ਭਾਜਪਾ ਦੇ ਬੁਲਾਰੇ ਪ੍ਰਦੀਪ ਭੰਡਾਰੀ ਨੇ ਇੱਕ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਕਥਿਤ ਆਡੀਓ ਰਿਕਾਰਡਿੰਗਾਂ ਸੁਣਾਈਆਂ, ਜਿਨ੍ਹਾਂ ਬਾਰੇ ਉਨ੍ਹਾਂ ਦਾ ਦਾਅਵਾ ਸੀ ਕਿ ਉਨ੍ਹਾਂ ਵਿੱਚ ਇੱਕ ਵਿਚੋਲਾ ਇੱਕ ਮੁਲਜ਼ਮ ਦੇ ਰਿਸ਼ਤੇਦਾਰ ਨਾਲ ਜਬਰ ਜਨਾਹ ਦੇ ਕੇਸ ਬਾਰੇ ਗੱਲਬਾਤ ਕਰ ਰਿਹਾ ਹੈ ਅਤੇ ਮੁੱਖ ਮੰਤਰੀ ਤੇ ਉਨ੍ਹਾਂ ਦੇ ਦਫ਼ਤਰ ਦਾ ਹਵਾਲਾ ਦੇ ਰਿਹਾ ਹੈ। ਉਨ੍ਹਾਂ ਅੱਗੇ ਦਾਅਵਾ ਕੀਤਾ ਕਿ ਦੂਜੀ ਰਿਕਾਰਡਿੰਗ ਵਿੱਚ ਰਕਮ 'ਫਿਕਸ' ਹੋਣ ਦੀ ਗੱਲ ਕਹੀ ਗਈ ਹੈ, ਜਦੋਂ ਕਿ ਇੱਕ ਹੋਰ ਵਿੱਚ ਕਥਿਤ ਤੌਰ 'ਤੇ ਕਈ ਲੋਕਾਂ ਵਿੱਚ ਪੈਸੇ ਵੰਡਣ ਬਾਰੇ ਚਰਚਾ ਕੀਤੀ ਗਈ ਹੈ।

ਪ੍ਰੈੱਸ ਕਾਨਫਰੰਸ ਵਿੱਚ ਪੇਸ਼ ਕੀਤੀਆਂ ਗਈਆਂ ਰਿਕਾਰਡਿੰਗਾਂ ਤੋਂ ਇਨ੍ਹਾਂ ਦੋਸ਼ਾਂ ਦੀ ਸੁਤੰਤਰ ਤੌਰ 'ਤੇ ਪੁਸ਼ਟੀ ਨਹੀਂ ਹੋ ਸਕੀ। ਭੰਡਾਰੀ ਨੇ ਅਜਿਹਾ ਕੋਈ ਸਬੂਤ ਨਹੀਂ ਦਿੱਤਾ ਜਿਸ ਨਾਲ ਇਹ ਸਾਬਤ ਹੁੰਦਾ ਹੋਵੇ ਕਿ ਆਵਾਜ਼ਾਂ ਉਨ੍ਹਾਂ ਵਿਅਕਤੀਆਂ ਦੀਆਂ ਸਨ ਜਿਨ੍ਹਾਂ ਦੇ ਉਨ੍ਹਾਂ ਨਾਮ ਲਏ ਹਨ ਜਾਂ ਅਸਲ ਵਿੱਚ ਕੋਈ ਪੈਸਾ ਦਿੱਤਾ ਗਿਆ ਸੀ।

ਹਾਲਾਂਕਿ, ਇਹ ਦੋਸ਼ ਨੈਸ਼ਨਲ ਹਿਊਮਨ ਰਾਈਟਸ ਕਮਿਸ਼ਨ ਵੱਲੋਂ ਪੰਜਾਬ ਦੇ ਮੁੱਖ ਮੰਤਰੀ ਦੀ ਪਤਨੀ ਨਾਲ ਜੁੜੇ ਜਬਰ ਜਨਾਹ ਦੇ ਇੱਕ ਕੇਸ ਨੂੰ ਦਬਾਉਣ ਲਈ 5 ਕਰੋੜ ਰੁਪਏ ਦੀ ਕਥਿਤ ਮੰਗ ਨਾਲ ਸਬੰਧਤ ਸ਼ਿਕਾਇਤ 'ਤੇ ਚੱਲ ਰਹੀ ਪੜਤਾਲ ਦੇ ਪਿਛੋਕੜ ਵਿੱਚ ਸਾਹਮਣੇ ਆਏ ਹਨ। ਕੌਮੀ ਮਨੁੱਖੀ ਅਧਿਕਾਰ ਕਮਿਸ਼ਨ (ਐੱਨ.ਐੱਚ.ਆਰ.ਸੀ.) ਨੇ ਪੰਜਾਬ ਦੇ ਮੁੱਖ ਸਕੱਤਰ ਅਤੇ ਪੁਲੀਸ ਮਹਾਨਿਦੇਸ਼ਕ (ਡੀ.ਜੀ.ਪੀ.) ਨੂੰ ਨਿਰਦੇਸ਼ ਦਿੱਤੇ ਹਨ ਕਿ ਉਹ ਇਨ੍ਹਾਂ ਦੋਸ਼ਾਂ ਦੀ ਪੜਤਾਲ ਕਰਨ ਅਤੇ ਦੋ ਹਫ਼ਤਿਆਂ ਦੇ ਅੰਦਰ ਕਾਰਵਾਈ ਰਿਪੋਰਟ ਪੇਸ਼ ਕਰਨ। ਇਸ ਨੇ ਮਾਮਲੇ ਨੂੰ ਕੇਂਦਰੀ ਗ੍ਰਹਿ ਮੰਤਰਾਲੇ ਦੇ ਮਹਿਲਾ ਸੁਰੱਖਿਆ ਵਿਭਾਗ ਨੂੰ ਵੀ ਭੇਜ ਦਿੱਤਾ ਹੈ।

ਕਮਿਸ਼ਨ ਨੇ ਕਿਹਾ ਕਿ ਜੇਕਰ ਇਹ ਦੋਸ਼ ਸਾਬਤ ਹੋ ਜਾਂਦੇ ਹਨ ਤਾਂ ਇਹ ਪੀੜਤਾ ਦੀ ਮਾਣ-ਮਰਿਆਦਾ, ਸੁਰੱਖਿਆ, ਨਿਰਪੱਖ ਜਾਂਚ ਅਤੇ ਇਨਸਾਫ਼ ਤੱਕ ਪਹੁੰਚ ਬਾਰੇ ਚਿੰਤਾਵਾਂ ਪੈਦਾ ਕਰ ਸਕਦੇ ਹਨ।

ਮੁੱਖ ਮੰਤਰੀ ਦਫ਼ਤਰ ਅਨੁਸਾਰ, ਇਸ ਦੌਰਾਨ ਡਾ. ਗੁਰਪ੍ਰੀਤ ਕੌਰ ਮਾਨ ਨੇ ਪੰਜਾਬ ਦੇ ਸੇਵਾਮੁਕਤ ਜੱਜ ਰਣਜੀਤ ਸਿੰਘ ਨੂੰ ਕਾਨੂੰਨੀ ਨੋਟਿਸ ਭੇਜਿਆ ਹੈ, ਜਿਨ੍ਹਾਂ ਦੇ ਕਥਿਤ ਜਨਤਕ ਬਿਆਨਾਂ ਨੂੰ ਐੱਨ.ਐੱਚ.ਆਰ.ਸੀ. ਅਸਲ ਸ਼ਿਕਾਇਤ ਦਾ ਆਧਾਰ ਬਣਾਇਆ ਗਿਆ ਸੀ।

ਭੰਡਾਰੀ ਨੇ ਇਨ੍ਹਾਂ ਦੋਸ਼ਾਂ ਅਤੇ ਸਿਵਲ ਲਾਈਨਜ਼ ਪੁਲੀਸ ਸਟੇਸ਼ਨ ਵਿੱਚ ਐੱਫ.ਆਈ.ਆਰ. ਨੰਬਰ 77 ਵਜੋਂ ਦਰਜ ਇੱਕ ਮਾਮਲੇ ਵਿੱਚ ਜਬਰ ਜਨਾਹ ਦੇ ਮੁਲਜ਼ਮ ਦੀ ਗ੍ਰਿਫ਼ਤਾਰੀ ਅਤੇ ਬਾਅਦ ਵਿੱਚ ਜ਼ਮਾਨਤ 'ਤੇ ਰਿਹਾਈ ਵਿਚਕਾਰ ਸਬੰਧ ਜੋੜਨ ਦੀ ਕੋਸ਼ਿਸ਼ ਵੀ ਕੀਤੀ।

## ਸੀਟੀ ਯੂਨੀਵਰਸਿਟੀ ਵਿਖੇ 'ਕਹੀਂ ਗੁੰਮ ਨਾ ਹੋ ਜਾਏਂ-ਸੀਜ਼ਨ 9' ਦਾ ਪੰਜਾਬ ਸਟੇਟ ਫਿਨਾਲੇ ਸਫਲਤਾਪੂਰਵਕ ਸੰਪੰਨ



**ਲੁਧਿਆਣਾ, 4 ਸਤੰਬਰ**
**-ਜਗਮੇਲ ਸਿੰਘ ਢਿਲੋਂ-**

ਸੀਟੀ ਯੂਨੀਵਰਸਿਟੀ, ਵਿਖੇ 'ਕਹੀਂ ਗੁੰਮ ਨਾ ਹੋ ਜਾਏਂ-ਸੀਜ਼ਨ 9' ਦੇ ਪੰਜਾਬ ਸਟੇਟ ਲੈਵਲ ਫਿਨਾਲੇ ਦਾ ਸ਼ਾਨਦਾਰ ਆਯੋਜਨ ਕੀਤਾ ਗਿਆ। ਪੰਜਾਬ ਦੀ ਰਵਾਇਤੀ ਰਸੋਈ ਵਿਰਾਸਤ ਅਤੇ ਪੁਰਾਤਨ ਪਕਵਾਨਾਂ ਨੂੰ ਸੰਭਾਲਣ ਤੇ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਕਰਵਾਏ ਗਏ ਇਸ ਮੁਕਾਬਲੇ ਵਿੱਚ 35 ਪ੍ਰਤੀਯੋਗੀਆਂ ਨੇ ਉਤਸ਼ਾਹ ਨਾਲ ਭਾਗ ਲਿਆ।

ਬਠਿੰਡਾ ਦੀ ਜ਼ੈਨਬ, ਜੋ ਆਪਣਾ ਕਲਾਊਡ ਕਿਚਨ ਚਲਾਉਂਦੀ ਹੈ, ਨੂੰ ਪੰਜਾਬ ਸਟੇਟ ਵਿਨਰ ਐਲਾਨਿਆ ਗਿਆ। ਪੂਜਾ ਨਾਗਪਾਲ ਨੇ ਪਹਿਲਾ ਰਨਰ-ਅੱਪ ਅਤੇ ਪੂਨਮ ਮੱਕੜ ਨੇ ਦੂਜਾ ਰਨਰ-ਅੱਪ ਸਥਾਨ ਹਾਸਲ ਕੀਤਾ। ਜ਼ੈਨਬ ਅਤੇ ਪੂਜਾ ਨਾਗਪਾਲ ਹੁਣ ਪੰਜਾਬ ਦੀ ਨੁਮਾਇੰਦਗੀ NCR ਵਿਖੇ ਹੋਣ ਵਾਲੇ ਗ੍ਰੈਂਡ ਫਿਨਾਲੇ ਵਿੱਚ ਕਰਨਗੀਆਂ। ਇਸ ਮੌਕੇ ਲੁਧਿਆਣਾ ਦੇ ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ, IAS ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਉਨ੍ਹਾਂ ਨੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਮੁਕਾਬਲੇ ਭਾਰਤ ਦੀ ਰਵਾਇਤੀ ਖਾਣ-ਪੀਣ ਵਿਰਾਸਤ ਨੂੰ ਸੰਭਾਲਣ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਨੇ ਪ੍ਰਤੀਯੋਗੀਆਂ ਨੂੰ ਪੰਜਾਬ ਅਤੇ ਦੇਸ਼ ਦੀ ਅਮੀਰ ਖਾਣ-ਪੀਣ ਦੀ ਪਰੰਪਰਾ ਨੂੰ ਅੱਗੇ ਵਧਾਉਣ ਲਈ ਪ੍ਰੇਰਿਤ ਕੀਤਾ।

ਸੀ ਟੀ ਯੂਨੀਵਰਸਿਟੀ ਦੇ ਚਾਂਸਲਰ ਸ. ਚਰਨਜੀਤ ਸਿੰਘ ਚੰਨੀ ਨੇ ਕਿਹਾ ਕਿ ਯੂਨੀਵਰਸਿਟੀ ਲਈ ਇਹ ਮਾਣ ਵਾਲੀ ਗੱਲ ਹੈ ਕਿ ਉਹ ਭਾਰਤ ਦੀ ਅਮੀਰ ਰਸੋਈ ਵਿਰਾਸਤ ਨੂੰ ਸਮਰਪਿਤ ਇਸ ਉਪਰਾਲੇ ਦੀ ਮੇਜ਼ਬਾਨੀ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਅਜਿਹੇ ਮੰਚ ਪ੍ਰਤਿਭਾ ਨੂੰ ਪਛਾਣ ਦੇਣ ਦੇ ਨਾਲ-ਨਾਲ ਨੌਜਵਾਨ ਪੀੜ੍ਹੀ ਨੂੰ ਆਪਣੀਆਂ ਰਵਾਇਤੀ ਪਕਵਾਨਾਂ ਅਤੇ ਸੱਭਿਆਚਾਰਕ ਵਿਰਾਸਤ ਨਾਲ ਜੋੜਨ ਲਈ ਪ੍ਰੇਰਿਤ ਕਰਦੇ ਹਨ।

ਇਸ ਮੌਕੇ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਨਿਤਿਨ ਟੰਡਨ, ਐਡਮਿਸ਼ਨ ਹੈੱਡ ਡਾ. ਆਸ਼ੀਸ਼ ਰੈਨਾ, ਰਜਿਸਟਰਾਰ ਸੰਜੇ ਖੰਡੂਰੀ, ਡਾਇਰੈਕਟਰ ਇੰਜੀ. ਦਵਿੰਦਰ ਸਿੰਘ ਅਤੇ ਸਕੂਲ ਆਫ਼ ਹੋਟਲ ਮੈਨੇਜਮੈਂਟ ਐਂਡ ਏਅਰਲਾਈਨਜ਼ ਦੇ ਕੋਆਰਡੀਨੇਟਰ ਡਾ. ਗੌਰਵ ਬਾਠਲਾ ਸਮੇਤ ਹੋਰ ਅਧਿਕਾਰੀ ਅਤੇ ਪ੍ਰਬੰਧਕ ਮੌਜੂਦ ਰਹੇ। ਉਨ੍ਹਾਂ ਨੇ ਪ੍ਰਤੀਯੋਗੀਆਂ ਅਤੇ ਪ੍ਰਬੰਧਕਾਂ ਦਾ ਹੌਸਲਾ ਵਧਾਇਆ।

'LetÓs Give Back', ਇੱਕ ਰਜਿਸਟਰਡ NGO ਵੱਲੋਂ ਕਰਵਾਏ ਜਾ ਰਹੇ 'ਕਹੀਂ ਗੁੰਮ ਨਾ ਹੋ ਜਾਏਂ-ਸੀਜ਼ਨ 9' ਦਾ ਉਦੇਸ਼ ਭਾਰਤ ਦੇ ਰਵਾਇਤੀ ਪਕਵਾਨਾਂ ਅਤੇ ਰਸੋਈ ਵਿਰਾਸਤ ਨੂੰ ਸੰਭਾਲਣਾ ਤੇ ਪ੍ਰਚਾਰਿਤ ਕਰਨਾ ਹੈ। ਇਸ ਪਹਿਲ ਦੀ ਸ਼ੁਰੂਆਤ ਸਵਰਗਵਾਸੀ ਬਬੀਤਾ ਸਕਸੇਨਾ ਨੇ ਸਾਲ 2016 ਵਿੱਚ ਕੀਤੀ ਸੀ ਅਤੇ ਹੁਣ ਇਹ ਉਪਰਾਲਾ ਸਹਿ-ਸੰਸਥਾਪਕ ਰਿਟਾਇਰਡ ਕਰਨਲ ਅਤੁਲ ਸਕਸੇਨਾ ਦੀ ਅਗਵਾਈ ਹੇਠ ਜਾਰੀ ਹੈ।

## ਐਸ.ਆਈ.ਆਰ. 2026 ਦੀ ਪ੍ਰਕਿਰਿਆ ਨੂੰ ਪਾਰਦਰਸ਼ੀ ਤੇ ਨਿਰਪੱਖ ਢੰਗ ਨਾਲ ਨੇਪਰੇ ਚਾੜ੍ਹਨ ਲਈ ਰੋਲ ਆਬਜ਼ਰਵਰ ਗੁਰਪ੍ਰੀਤ ਸਿੰਘ ਖਹਿਰਾ ਆਈ.ਏ.ਐਸ. ਵੱਲੋਂ ਜ਼ਿਲਾ ਮਾਲੇਰਕੋਟਲਾ ਵਿੱਚ ਪਹਿਲਾ ਦੌਰਾ

**ਮਲੇਰਕੋਟਲਾ, 4 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**



ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਮੁੱਖ ਚੋਣ ਅਫਸਰ, ਪੰਜਾਬ ਵੱਲੋਂ ਸਪੈਸ਼ਲ ਇੰਟੈਂਸਿਵ ਰਿਵਿਜ਼ਨ (ਐਸ.ਆਈ.ਆਰ.)-2026 ਦੀ ਪ੍ਰਕਿਰਿਆ ਨੂੰ ਸੁਚੱਜੇ, ਪਾਰਦਰਸ਼ੀ ਅਤੇ ਨਿਰਪੱਖ ਢੰਗ ਨਾਲ ਨੇਪਰੇ ਚਾੜ੍ਹਨ ਲਈ ਗੁਰਪ੍ਰੀਤ ਸਿੰਘ ਖਹਿਰਾ, ਆਈ.ਏ.ਐਸ. ਨੂੰ ਮਾਲੇਰਕੋਟਲਾ ਜ਼ਿਲ੍ਹੇ ਲਈ ਰੋਲ ਆਬਜ਼ਰਵਰ ਨਿਯੁਕਤ ਕੀਤਾ ਗਿਆ ਹੈ। ਉਨ੍ਹਾਂ ਨੇ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਵਿਰਾਜ ਐਸ. ਤਿੜਕੇ, ਜ਼ਿਲ੍ਹੇ ਦੇ ਸਮੂਹ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰਾਂ (ਈ.ਆਰ.ਓਜ਼), 105-ਮਾਲੇਰਕੋਟਲਾ ਅਤੇ 106-ਅਮਰਗੜ੍ਹ ਵਿਧਾਨ ਸਭਾ ਹਲਕਿਆਂ ਦੇ ਲੋਕ ਪ੍ਰਤੀਨਿਧੀਆਂ ਅਤੇ ਵੱਖ-ਵੱਖ ਰਾਜਸੀ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਸਮੀਖਿਆ ਮੀਟਿੰਗ ਕੀਤੀ। ਮੀਟਿੰਗ ਦੌਰਾਨ ਰੋਲ ਆਬਜ਼ਰਵਰ ਨੇ ਐਸ.ਆਈ.ਆਰ.-2026 ਦੇ ਨੋਟਿਸ ਪੜਾਅ, ਪ੍ਰਾਪਤ ਦਾਅਵਿਆਂ ਅਤੇ ਇਤਰਾਜ਼ਾਂ, ਉਨ੍ਹਾਂ ਦੇ ਨਿਪਟਾਰੇ ਅਤੇ ਵੋਟਰ ਸੂਚੀਆਂ ਦੀ ਤਸਦੀਕ ਸਬੰਧੀ ਹੁਣ ਤੱਕ ਹੋਈ ਕਾਰਵਾਈ ਦਾ ਜਾਇਜ਼ਾ ਲਿਆ।

ਰੋਲ ਆਬਜਰਵਰ ਗੁਰਪ੍ਰੀਤ ਸਿੰਘ ਖਹਿਰਾ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਐਸ.ਆਈ.ਆਰ. ਦਾ ਮੁੱਖ ਮੰਤਵ ਸਹੀ, ਸ਼ੁੱਧ ਅਤੇ ਤਰੁੱਟੀ-ਰਹਿਤ ਵੋਟਰ ਸੂਚੀਆਂ ਤਿਆਰ ਕਰਨਾ ਹੈ। ਉਨ੍ਹਾਂ ਕਿਹਾ ਕਿ ਹਰ ਯੋਗ ਵੋਟਰ ਦਾ ਨਾਮ ਵੋਟਰ ਸੂਚੀ ਵਿੱਚ ਦਰਜ ਹੋਣਾ ਯਕੀਨੀ ਬਣਾਇਆ ਜਾਵੇ ਅਤੇ ਕਿਸੇ ਵੀ ਅਯੋਗ ਵਿਅਕਤੀ ਦਾ ਨਾਮ ਸੂਚੀ ਵਿੱਚ ਸ਼ਾਮਿਲ ਨਾ ਹੋਵੇ।

ਉਨ੍ਹਾਂ ਦੱਸਿਆ ਕਿ 6 ਸਤੰਬਰ 2026 ਨੂੰ ਜ਼ਿਲ੍ਹੇ ਦੇ ਸਮੂਹ 406 ਪੋਲਿੰਗ ਸਟੇਸ਼ਨਾਂ 'ਤੇ ਵਿਸ਼ੇਸ਼ ਕੈਂਪ ਲਗਾਏ ਜਾਣਗੇ। ਉਨ੍ਹਾਂ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ-ਆਪਣੇ ਬੀ.ਐਲ.ਏਜ਼ ਨੂੰ ਇਨ੍ਹਾਂ ਕੈਂਪਾਂ ਬਾਰੇ ਜਾਣੂ ਕਰਵਾਉਣ। ਇਸ ਦਿਨ ਸਾਰੇ ਬੀ.ਐਲ.ਓਜ਼ ਆਪਣੇ ਸਬੰਧਤ ਪੋਲਿੰਗ ਸਟੇਸ਼ਨਾਂ 'ਤੇ ਮੌਜੂਦ ਰਹਿ ਕੇ ਵੋਟਰਾਂ ਨੂੰ ਲੋੜੀਂਦੀ ਸਹਾਇਤਾ ਪ੍ਰਦਾਨ ਕਰਨਗੇ। ਗੁਰਪ੍ਰੀਤ ਸਿੰਘ ਖਹਿਰਾ ਨੇ ਕਿਹਾ ਕਿ ਵੋਟਰ ਕਾਰਡ, ਵੋਟਰ ਸੇਵਾਵਾਂ ਜਾਂ ਐਸ.ਆਈ.ਆਰ. ਪ੍ਰਕਿਰਿਆ ਸਬੰਧੀ ਕਿਸੇ ਵੀ ਜਾਣਕਾਰੀ ਜਾਂ ਸਹਾਇਤਾ ਲਈ ਜ਼ਿਲ੍ਹਾ ਅਤੇ ਵਿਧਾਨ ਸਭਾ ਹਲਕਾ ਪੱਧਰ 'ਤੇ ਸਥਾਪਤ ਹੈਲਪਡੈਸਕ ਤੋਂ ਇਲਾਵਾ ਵੋਟਰ ਹੈਲਪਲਾਈਨ ਨੰਬਰ 1950 'ਤੇ ਸੰਪਰਕ ਕੀਤਾ ਜਾ ਸਕਦਾ ਹੈ। ਉਨ੍ਹਾਂ ਦੱਸਿਆ ਕਿ 13 ਅਗਸਤ ਤੋਂ 31 ਅਗਸਤ 2026 ਤੱਕ ਵੱਖ-ਵੱਖ ਵਿਧਾਨ ਸਭਾ ਚੋਣ ਹਲਕਿਆਂ ਵਿੱਚ ਫਾਰਮ-6, ਫਾਰਮ-6ਏ, ਫਾਰਮ-7 ਅਤੇ ਫਾਰਮ-8 ਪ੍ਰਾਪਤ ਹੋਏ ਹਨ। ਉਨ੍ਹਾਂ ਕਿਹਾ ਕਿ 1 ਅਕਤੂਬਰ 2026 ਦੀ ਯੋਗਤਾ ਮਿਤੀ ਦੇ ਆਧਾਰ 'ਤੇ ਨਵੀਂ ਵੋਟ ਬਣਵਾਉਣ ਲਈ ਯੋਗ ਨਾਗਰਿਕ 12 ਸਤੰਬਰ ਤੱਕ ਫਾਰਮ-6 ਅਤੇ ਲੋੜੀਂਦੇ ਦਸਤਾਵੇਜ਼ ਜਮ੍ਹਾਂ ਕਰਵਾ ਸਕਦੇ ਹਨ। ਇਸੇ ਤਰ੍ਹਾਂ ਐਨ.ਆਰ.ਆਈ. ਵੋਟਰਾਂ ਲਈ ਫਾਰਮ-6ਏ, ਨਾਮ ਕਟਵਾਉਣ ਲਈ ਫਾਰਮ-7 ਅਤੇ ਵੋਟਰ ਸੂਚੀ ਵਿੱਚ ਸੋਧ ਜਾਂ ਪਤਾ ਬਦਲਣ ਲਈ ਫਾਰਮ-8 ਜਮ੍ਹਾਂ ਕਰਵਾਏ ਜਾ ਸਕਦੇ ਹਨ। ਇਹ ਫਾਰਮ ਆਨਲਾਈਨ voters.eci.gov.in ਅਤੇ 539©5" ਮੋਬਾਈਲ ਐਪ ਰਾਹੀਂ ਵੀ ਭਰੇ ਜਾ ਸਕਦੇ ਹਨ। ਉਨ੍ਹਾਂ ਦੱਸਿਆ ਕਿ ਦਾਅਵਿਆਂ ਅਤੇ ਇਤਰਾਜ਼ਾਂ ਦਾ ਨਿਪਟਾਰਾ 8 ਅਕਤੂਬਰ 2026 ਤੱਕ ਕੀਤਾ ਜਾਵੇਗਾ ਅਤੇ ਅੰਤਿਮ ਵੋਟਰ ਸੂਚੀ ਦੀ ਪ੍ਰਕਾਸ਼ਨਾ 12 ਅਕਤੂਬਰ 2026 ਨੂੰ ਕੀਤੀ ਜਾਵੇਗੀ। ਰੋਲ ਆਬਜ਼ਰਵਰ ਨੇ ਈ.ਆਰ.ਓਜ਼ ਨੂੰ ਹਦਾਇਤ ਕੀਤੀ ਕਿ ਬੀ.ਐਲ.ਓਜ਼ ਅਤੇ ਸੁਪਰਵਾਈਜ਼ਰੀ ਅਧਿਕਾਰੀਆਂ ਨੂੰ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਲੋੜੀਂਦੀ ਸਿਖਲਾਈ ਦਿੱਤੀ ਜਾਵੇ। ਉਨ੍ਹਾਂ ਫਾਰਮ-6 ਰਾਹੀਂ ਦਰਜ ਹੋਣ ਵਾਲੀਆਂ ਨਵੀਆਂ ਵੋਟਾਂ ਅਤੇ ਫਾਰਮ-7 ਰਾਹੀਂ ਹਟਾਏ ਜਾਣ ਵਾਲੇ ਨਾਮਾਂ ਦੀ ਪ੍ਰਤੀਸ਼ਤਤਾ 'ਤੇ ਵਿਸ਼ੇਸ਼ ਨਿਗਰਾਨੀ ਰੱਖਣ ਅਤੇ ਵੱਧ ਨਵੀਆਂ ਵੋਟਾਂ ਜਾਂ ਵੱਧ ਕਟੌਤੀਆਂ ਵਾਲੇ ਪੋਲਿੰਗ ਸਟੇਸ਼ਨਾਂ ਦੀ ਮੁੜ ਤਸਦੀਕ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਨੋਟਿਸ ਪੜਾਅ ਦੌਰਾਨ ਮੈਪਿੰਗ ਤੋਂ ਵਾਂਝੇ ਰਹੇ 7240 ਵੋਟਰਾਂ ਅਤੇ ਹੋਰ ਕਮੀਆਂ-ਪੇਸ਼ੀਆਂ ਵਾਲੇ 50264 ਵੋਟਰਾਂ ਸਬੰਧੀ ਜਾਰੀ ਕੀਤੇ ਜਾ ਰਹੇ ਕੁੱਲ 57503 ਨੋਟਿਸਾਂ ਦੀ ਕਾਰਵਾਈ ਦਾ ਵੀ ਜਾਇਜ਼ਾ ਲਿਆ। ਉਨ੍ਹਾਂ ਕਿਹਾ ਕਿ ਸਬੰਧਤ ਵੋਟਰਾਂ ਤੋਂ ਲੋੜੀਂਦੇ ਦਸਤਾਵੇਜ਼ ਪ੍ਰਾਪਤ ਕਰਕੇ ਨੋਟਿਸਾਂ ਦੀ ਸੁਣਵਾਈ ਅਤੇ ਨਿਪਟਾਰਾ ਨਿਰਧਾਰਤ ਸਮਾਂ-ਸੀਮਾ ਅੰਦਰ ਕੀਤਾ ਜਾਵੇ। ਇਸ ਮੌਕੇ ਡਿਪਟੀ ਕਮਿਸ਼ਨਰ ਵਿਰਾਜ ਐਸ. ਤਿੜਕੇ ਨੇ ਰੋਲ ਆਬਜ਼ਰਵਰ ਗੁਰਪ੍ਰੀਤ ਸਿੰਘ ਖਹਿਰਾ ਦਾ ਸਵਾਗਤ ਕਰਦਿਆਂ ਜ਼ਿਲ੍ਹੇ ਵਿੱਚ ਐਸ.ਆਈ. ਆਰ.-2026 ਤਹਿਤ ਚੱਲ ਰਹੀ ਕਾਰਵਾਈ ਦੀ ਵਿਸਥਾਰ ਪੂਰਵਕ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਐਸ.ਆਈ.ਆਰ. ਦੀ ਪ੍ਰਕਿਰਿਆ ਨੂੰ ਨਿਰਧਾਰਤ ਸਮਾਂ-ਸੀਮਾ ਅੰਦਰ ਪਾਰਦਰਸ਼ੀ ਅਤੇ ਸੁਚੱਜੇ ਢੰਗ ਨਾਲ ਮੁਕੰਮਲ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ।


SEA DESIGN COMPANY
Customized and Designer



- Wedding Invitations
- Shagan Envelop
- Wedding Boxes & Cards
- Sahi Chithi
(MDF/Acrylic/Foldable Boxes)

98881-88887, 93577-77786

Shaheed-e-Azam
PRINTING PRESS
WORLDWIDE SHIPPING SERVICE

★ Business Cards ★ Books & Note Books
★ Flyers & Broucher ★ Diaries
★ Poster ★ Carry Bags

Opp. Gurudwara Dukhniwaran Sahib Srihind Road, Patiala

# ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਾਲ ਭਰ ਦੇ ਸਮਾਗਮਾਂ ਨਾਲ ਸੰਗਤ ਵਿੱਚ ਸਕਾਰਾਤਮਕ ਤੇ ਅਧਿਆਤਮਿਕ ਮਾਹੌਲ ਪੈਦਾ ਹੋਇਆ : ਤਰੁਨਪ੍ਰੀਤ ਸਿੰਘ ਸੌਂਦ



**ਪਟਿਆਲਾ, 4 ਸਤੰਬਰ**
**-ਛਤਰਪਾਲ ਸਿੰਘ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਦੇ ਸੈਰ-ਸਪਾਟਾ ਤੇ ਸੱਭਿਆਚਾਰਕ ਮਾਮਲਿਆਂ ਬਾਰੇ ਮੰਤਰੀ ਸ. ਤਰੁਨਪ੍ਰੀਤ ਸਿੰਘ ਸੌਂਦ ਨੇ ਅੱਜ ਇੱਥੇ ਕਿਹਾ ਹੈ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਾਲ ਭਰ ਦੇ ਕਰਵਾਏ ਜਾ ਰਹੇ ਸਮਾਗਮਾਂ ਨਾਲ ਸੰਗਤ ਵਿੱਚ ਸਕਾਰਾਤਮਕ ਤੇ ਅਧਿਆਤਮਿਕ ਮਾਹੌਲ ਪੈਦਾ ਹੋਇਆ ਹੈ। ਉਨ੍ਹਾਂ ਕਿਹਾ ਕਿ ਇਸੇ ਲੜੀ ਤਹਿਤ ਸੂਬੇ ਭਰ ਵਿੱਚ 92 ਵਿਸ਼ੇਸ਼ ਡਰੋਨ ਸ਼ੋਅ ਕਰਵਾਏ ਜਾ ਰਹੇ ਹਨ ਅਤੇ 10 ਸਤੰਬਰ ਤੋਂ ਪਟਿਆਲਾ ਜ਼ਿਲ੍ਹੇ ਵਿਖੇ ਵੀ 500 ਤੋਂ ਵਧ ਡਰੋਨ ਹਵਾ ਵਿੱਚ ਉਡਦੇ ਹੋਏ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ ਤੇ ਬਾਣੀ ਨੂੰ ਦਰਸਾਉਣਗੇ।

ਕੈਬਨਿਟ ਮੰਤਰੀ ਸ. ਸੌਂਦ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਸਮੇਤ ਸੰਗਰੂਰ, ਬਰਨਾਲਾ ਤੇ ਮਾਲੇਰਕੋਟਲਾ ਜ਼ਿਲ੍ਹਿਆਂ ਦੇ ਸਿਵਲ ਤੇ ਪੁਲਿਸ ਅਧਿਕਾਰੀਆਂ ਨਾਲ ਇੱਕ ਉਚ ਪੱਧਰੀ ਬੈਠਕ ਕਰਕੇ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650 ਸਾਲਾ ਜਨਮ ਦਿਹਾੜੇ ਨੂੰ ਸਮਰਪਿਤ ਡਰੋਨ ਸ਼ੋਅ ਅਤੇ ਸ਼ੋਭਾ ਯਾਤਰਾ ਦੀਆਂ ਤਿਆਰੀਆਂ ਦਾ ਜਾਇਜ਼ਾ ਲਿਆ।ਉਨ੍ਹਾਂ ਨੇ ਇਨ੍ਹਾਂ ਸਮਾਗਮਾਂ ਦੀਆਂ ਸਮੇਂ ਸਿਰ ਤਿਆਰੀਆਂ ਮੁਕੰਮਲ ਕਰਨ ਅਤੇ ਇਹ ਕਾਰਜ ਸਫ਼ਲਤਾ ਪੂਰਵਕ ਕਰਵਾਉਣ ਲਈ ਹਦਾਇਤਾਂ ਜਾਰੀ ਕੀਤੀਆਂ।

ਇਸ ਮੌਕੇ ਪੰਜਾਬ ਟੂਰਿਜ਼ਮ ਐਂਡ ਹੈਰੀਟੇਜ ਪ੍ਰਮੋਸ਼ਨ ਬੋਰਡ ਦੇ ਸਲਾਹਕਾਰ ਸ਼੍ਰੀ ਦੀਪਕ ਬਾਲੀ, ਵਿਧਾਇਕ ਅਜੀਤਪਾਲ ਸਿੰਘ ਕੋਹਲੀ, ਪ੍ਰੋ. ਕੁਲਵੰਤ ਸਿੰਘ ਗੱਜਣਮਾਜਰਾ ਤੇ ਕੁਲਵੰਤ ਸਿੰਘ ਬਾਜੀਗਰ, ਆਮ ਆਦਮੀ ਪਾਰਟੀ ਦੇ ਐਸ.ਸੀ. ਵਿੰਗ ਦੇ ਸੂਬਾ ਪ੍ਰਧਾਨ ਗੁਰਪ੍ਰੀਤ ਸਿੰਘ ਜੀ.ਪੀ., ਸੂਬਾ ਜਨਰਲ ਸਕੱਤਰ ਬਲਜਿੰਦਰ ਸਿੰਘ ਚੌਂਦਾ ਤੇ ਹੋਰ ਅਧਿਕਾਰੀ ਮੌਜੂਦ ਸਨ।ਸ. ਸੌਂਦ ਨੇ ਡਿਪਟੀ ਕਮਿਸ਼ਨਰਾਂ ਨੂੰ ਹਦਾਇਤ ਕੀਤੀ ਕਿ ਡਰੋਨ ਸ਼ੋਅ ਦੇ ਸਾਰੇ ਪ੍ਰਬੰਧ ਸਮੇਂ ਸਿਰ ਮੁਕੰਮਲ ਕਰਕੇ ਵੱਧ ਤੋਂ ਵੱਧ ਸੰਗਤ ਦੀ ਸ਼ਮੂਲੀਅਤ ਯਕੀਨੀ ਬਣਾਈ ਜਾਵੇ। ਡੀਸੀ ਡਾ. ਹਿਮਾਂਸ਼ੂ ਅਗਰਵਾਲ ਨੇ ਵਿਸ਼ਵਾਸ਼ ਦਿਵਆਇਆ ਕਿ ਸਾਰੇ ਪ੍ਰਬੰਧ ਸਮੇਂ ਸਿਰ ਪੁਖ਼ਤਾ ਕਰਕੇ ਸਾਰੇ ਸਮਾਗਮ ਸਫ਼ਲਤਾਪੂਰਵਕ ਕਰਵਾਏ ਜਾਣਗੇ।

ਇਸ ਮੌਕੇ ਮੀਡੀਆ ਨਾਲ ਗੱਲਬਾਤ ਕਰਦਿਆਂ ਸ. ਤਰੁਨਪ੍ਰੀਤ ਸਿੰਘ ਸੌਂਦ ਨੇ ਕਿਹਾ ਕਿ ਸੰਤ-ਮਹਾਂਪੁਰਸ਼ਾਂ ਦੀਆਂ ਰਹਿਨੁਮਾਈ ਅਤੇ ਸੁਝਾਵਾਂ ਅਨੁਸਾਰ ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵੱਖ-ਵੱਖ ਧਾਰਮਿਕ, ਸੱਭਿਆਚਾਰਕ ਅਤੇ ਵਿੱਦਿਅਕ ਪ੍ਰੋਗਰਾਮ ਕਰਵਾਏ ਜਾ ਰਹੇ ਹਨ। ਇਨ੍ਹਾਂ ਤਹਿਤ ਕੀਰਤਨ ਦਰਬਾਰ, ਯੂਨੀਵਰਸਿਟੀਆਂ ਵਿੱਚ ਸੈਮੀਨਾਰ, ਸਕੂਲ ਪੱਧਰੀ ਮੁਕਾਬਲੇ ਅਤੇ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ, ਬਾਣੀ ਅਤੇ ਸਿੱਖਿਆਵਾਂ 'ਤੇ ਆਧਾਰਿਤ ਵਿਸ਼ੇਸ਼ ਦਸਤਾਵੇਜ਼ੀ ਫ਼ਿਲਮ ਦੀ ਸਕ੍ਰੀਨਿੰਗ ਸਾਰੇ ਪਿੰਡਾਂ ਵਿੱਚ ਕਰਵਾਈ ਜਾ ਰਹੀ ਹੈ।

ਉਨ੍ਹਾਂ ਨੇ ਸੰਗਰੂਰ ਵਿਖੇ 5 ਸਤੰਬਰ ਤੋਂ ਸੰਗਰੂਰ ਵਿਖੇ 10 ਸਤੰਬਰ ਤੋਂ ਪਟਿਆਲਾ ਜ਼ਿਲ੍ਹੇ ਵਿਖੇ, ਮਾਲੇਰਕੋਟਲਾ ਵਿਖੇ 24 ਸਤੰਬਰ ਤੋਂ ਅਤੇ ਬਰਨਾਲਾ ਵਿਖੇ 26 ਸਤੰਬਰ ਤੋਂ ਕਰਵਾਏ ਜਾਣ ਵਾਲੇ ਡਰੋਨ ਸ਼ੋਅ ਨੂੰ ਸਫ਼ਲਤਾ ਪੂਰਵਕ ਕਰਵਾਉਣ ਲਈ ਸਾਰੇ ਅਧਿਕਾਰੀਆਂ ਨੂੰ ਲੋੜੀਂਦੇ ਨਿਰਦੇਸ਼ ਜਾਰੀ ਕੀਤੇ। ਉਨ੍ਹਾਂ ਦੱਸਿਆ ਕਿ ਲਗਭਗ 25 ਤੋਂ 30 ਮਿੰਟਾਂ ਦੇ ਵਿਸ਼ੇਸ਼ ਤੌਰ 'ਤੇ ਤਿਆਰ ਕੀਤੇ ਗਏ ਡਰੋਨ ਸ਼ੋਅ ਵਿੱਚ 500 ਤੋਂ ਵੱਧ ਡਰੋਨ ਅਸਮਾਨ ਵਿੱਚ ਇੱਕੋ ਸਮੇਂ ਆਪਣੀ ਪੇਸ਼ਕਾਰੀ ਕਰਨਗੇ।

ਕੈਬਨਿਟ ਮੰਤਰੀ ਨੇ ਦੱਸਿਆ ਕਿ ਸ਼ੁਤਰਾਣਾ ਹਲਕੇ ਦਾ ਪਾਤੜਾਂ ਅਨਾਜ ਮੰਡੀ ਵਿਖੇ 9 ਸਤੰਬਰ ਨੂੰ, ਪਟਿਆਲਾ ਦਿਹਾਤੀ ਹਲਕੇ ਦਾ 10 ਸਤੰਬਰ ਨੂੰ ਅਨਾਜ ਮੰਡੀ ਸਰਹਿੰਦ ਰੋਡ ਵਿਖੇ, 11 ਸਤੰਬਰ ਨੂੰ ਪਟਿਆਲਾ ਸ਼ਹਿਰੀ ਹਲਕੇ ਦਾ ਪੋਲੋ ਗਰਾਊਂਡ ਵਿਖੇ, 12 ਸਤੰਬਰ ਨੂੰ ਨਾਭਾ ਹਲਕੇ ਦਾ ਰਿਪੁਦਮਨ ਕਾਲਜ ਵਿਖੇ ਅਤੇ 12 ਨੂੰ ਹੀ ਰਾਜਪੁਰਾ ਹਲਕੇ ਦਾ ਅਨਾਜ ਮੰਡੀ ਰਾਜਪੁਰਾ ਵਿਖੇ ਕਰਵਾਇਆ ਜਾਵੇਗਾ।

ਉਨ੍ਹਾਂ ਕਿਹਾ ਕਿ ਡਿਜੀਟਲ ਤਕਨੀਕ ਰਾਹੀਂ ਰਾਤ ਦੇ ਸਮੇਂ ਅਸਮਾਨ ਵਿੱਚ ਸ੍ਰੀ ਗੁਰੂ ਰਵਿਦਾਸ ਜੀ ਦੀ ਬਾਣੀ, ਜੀਵਨ ਅਤੇ ਸਿੱਖਿਆਵਾਂ ਨੂੰ ਦਰਸਾਇਆ ਜਾਵੇਗਾ, ਤਾਂ ਜੋ ਖ਼ਾਸ ਕਰਕੇ ਨੌਜਵਾਨ ਪੀੜ੍ਹੀ ਨੂੰ ਗੁਰੂ ਸਾਹਿਬ ਦੇ ਮਹਾਨ ਸੰਦੇਸ਼ ਨਾਲ ਜੋੜਿਆ ਜਾ ਸਕੇ।ਇਸ ਸ਼ੋਅ ਤੋਂ ਪਹਿਲਾਂ ਇੱਕ ਘੰਟਾ ਗੁਰਬਾਣੀ ਕੀਰਤਨ ਗਾਇਨ ਹੋਵੇਗਾ।

ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਲਈ ਇਹ ਮਾਣ ਅਤੇ ਸੁਭਾਗ ਦੀ ਗੱਲ ਹੈ ਕਿ ਮਹਾਨ ਗੁਰੂ ਸਾਹਿਬਾਨ ਅਤੇ ਸੰਤਾਂ-ਮਹਾਂਪੁਰਖਾਂ ਨਾਲ ਸਬੰਧਤ ਇਤਿਹਾਸਕ ਤੇ ਧਾਰਮਿਕ ਮੌਕਿਆਂ ਨੂੰ ਸਮਰਪਿਤ ਸਮਾਗਮ ਕਰਵਾਉਣ ਦੀ ਸੇਵਾ ਮਿਲ ਰਹੀ ਹੈ। ਉਨ੍ਹਾਂ ਕਿਹਾ ਕਿ ਇਸ ਤੋਂ ਪਹਿਲਾਂ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਵਸ ਨੂੰ ਸਮਰਪਿਤ ਸਮਾਗਮ ਕਰਵਾਏ ਗਏ ਸਨ ਅਤੇ ਹੁਣ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਾਲ ਭਰ ਦੇ ਸਮਾਗਮ ਕਰਵਾਏ ਜਾ ਰਹੇ ਹਨ।ਇਸ ਲਈ ਸੰਗਤ ਤੇ ਖਾਸ ਕਰਕੇ ਨੌਜਵਾਨ ਪੀੜ੍ਹੀ ਵਿੱਚ ਬਹੁਤ ਉਤਸ਼ਾਹ ਹੈ।

ਸ਼ੋਭਾ ਯਾਤਰਾਵਾਂ ਦੇ ਪ੍ਰਬੰਧਾਂ ਦਾ ਜਾਇਜ਼ਾ ਲੈਂਦਿਆਂ ਸ. ਸੌਂਦ ਨੇ ਦੱਸਿਆ ਕਿ ਨਵੰਬਰ ਮਹੀਨੇ ਵਿੱਚ ਵਾਰਾਨਸੀ, ਜੰਮੂ, ਬਠਿੰਡਾ ਅਤੇ ਫ਼ਰੀਦਕੋਟ ਤੋਂ ਚਾਰ ਸ਼ੋਭਾ ਯਾਤਰਾਵਾਂ ਕੱਢੀਆਂ ਜਾਣਗੀਆਂ, ਜੋ ਸ੍ਰੀ ਗੁਰੂ ਰਵਿਦਾਸ ਜੀ ਨਾਲ ਸਬੰਧਤ ਪਵਿੱਤਰ ਅਸਥਾਨ ਖੁਰਾਲਗੜ੍ਹ ਸਾਹਿਬ ਵਿਖੇ ਪਹੁੰਚ ਕੇ ਸਮਾਪਤ ਹੋਣਗੀਆਂ। ਉਨ੍ਹਾਂ ਦੱਸਿਆ ਕਿ ਬਠਿੰਡਾ ਤੋਂ ਸ਼ੁਰੂ ਹੋਣ ਵਾਲੀ ਸ਼ੋਭਾ ਯਾਤਰਾ ਪਟਿਆਲਾ ਵਿਖੇ ਰਾਤਰੀ ਪੜਾਅ ਦੌਰਾਨ ਠਹਿਰੇਗੀ।

ਸ. ਸੌਂਦ ਨੇ ਕਿਹਾ ਕਿ ਸਾਲ ਭਰ ਚੱਲਣ ਵਾਲੇ ਇਨ੍ਹਾਂ ਸਮਾਗਮਾਂ ਦੀ ਸਮਾਪਤੀ ਮੌਕੇ ਪੰਜਾਬ ਸਰਕਾਰ ਵੱਲੋਂ ਦਸੰਬਰ ਮਹੀਨੇ ਵਿੱਚ ਖੁਰਾਲਗੜ੍ਹ ਸਾਹਿਬ ਵਿਖੇ ਤਿੰਨ ਰੋਜ਼ਾ ਵਿਸ਼ੇਸ਼ ਸਮਾਗਮ ਕਰਵਾਇਆ ਜਾਵੇਗਾ।ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਦੇ ਪੈਰੋਕਾਰ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਇਨ੍ਹਾਂ ਉਪਰਾਲਿਆਂ ਤੋਂ ਖੁਸ਼ ਹਨ। ਉਨ੍ਹਾਂ ਕਿਹਾ ਕਿ ਸਮਾਗਮ ਸੰਤ ਸਮਾਜ ਦੀਆਂ ਰਹਿਨੁਮਾਈਆਂ ਅਤੇ ਸਲਾਹ-ਮਸ਼ਵਰੇ ਨਾਲ ਉਲੀਕੇ ਗਏ ਹਨ ਅਤੇ ਪੰਜਾਬ ਸਰਕਾਰ ਵੱਲੋਂ ਗੁਰੂ ਸਾਹਿਬ ਪ੍ਰਤੀ ਪੂਰਨ ਸ਼ਰਧਾ ਅਤੇ ਸਤਿਕਾਰ ਦਾ ਪ੍ਰਗਟਾਵਾ ਕੀਤਾ ਜਾ ਰਿਹਾ ਹੈ। ਬੈਠਕ ਮੌਕੇ ਹਾਜ਼ਰ ਗੁਰਪ੍ਰੀਤ ਸਿੰਘ ਜੀਪੀ ਸਮੇਤ ਬਾਕੀ ਵਿਧਾਇਕਾਂ ਨੇ ਵਿਚਾਰ-ਵਟਾਂਦਰੇ ਵਿੱਚ ਹਿੱਸਾ ਲੈਂਦਿਆਂ ਕਿਹਾ ਕਿ ਵਿੱਚ ਡਰੋਨ ਸ਼ੋਅ ਨੂੰ ਵੱਡੀ ਗਿਣਤੀ ਵਿੱਚ ਸੰਗਤ ਦੀ ਸ਼ਮੂਲੀਅਤ ਨਾਲ ਸਫ਼ਲਤਾਪੂਰਵਕ ਕਰਵਾਇਆ ਜਾਵੇਗਾ। ਪੰਜਾਬ ਟੂਰਿਜ਼ਮ ਐਂਡ ਹੈਰੀਟੇਜ ਪ੍ਰਮੋਸ਼ਨ ਬੋਰਡ ਦੇ ਸਲਾਹਕਾਰ ਸ਼੍ਰੀ ਦੀਪਕ ਬਾਲੀ ਨੇ ਕਿਹਾ ਕਿ ਇਹ ਆਧੁਨਿਕ ਅਤੇ ਪ੍ਰਭਾਵਸ਼ਾਲੀ ਡਰੋਨ ਸ਼ੋਅ ਸਮੁੱਚੀ ਸੰਗਤ ਖ਼ਾਸ ਤੌਰ 'ਤੇ ਨੌਜਵਾਨ ਪੀੜ੍ਹੀ ਨੂੰ ਸ੍ਰੀ ਗੁਰੂ ਰਵਿਦਾਸ ਜੀ ਦੀ ਬਾਣੀ ਅਤੇ ਸਿੱਖਿਆਵਾਂ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਣਗੇ।ਦੀਪਕ ਬਾਲੀ ਨੇ ਡਰੋਨ ਸ਼ੋਅ ਦੀ ਹੋਰ ਜਾਣਕਾਰੀ ਦਿੰਦਿਆਂ ਕੀਤੇ ਜਾਣ ਵਾਲੇ ਪ੍ਰਬੰਧਾਂ ਬਾਰੇ ਨਿਰਦੇਸ਼ ਜਾਰੀ ਕੀਤੇ।

ਇਸ ਮੌਕੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਵੱਲੋਂ ਕਰਨਲ ਜੇਵੀ ਸਿੰਘ, ਦਿਹਾਤੀ ਪ੍ਰਧਾਨ ਤੇ ਇੰਪਰੂਵਮੈਂਟ ਟਰਸਟ ਚੇਅਰਮੈਨ ਹਰਪਾਲ ਸਿੰਘ ਵਿਰਕ, ਅਮਰੀਕ ਸਿੰਘ ਬੰਗੜ, ਐਸਸੀ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਤੇ ਚੇਅਰਮੈਨ ਮਾਰਕੀਟ ਕਮੇਟੀ ਅਸ਼ੋਕ ਸਿਰਸਵਾਲ, ਸੰਗਰੂਰ ਦੇ ਪ੍ਰਧਾਨ ਲਾਭ ਸਿੰਘ ਧੂਰੀ, ਕਮਿਸ਼ਨਰ ਨਗਰ ਨਿਗਮ ਪੂਜਾ ਸਿਆਲ, ਏ.ਡੀ.ਸੀਜ ਦਮਨਜੀਤ ਸਿੰਘ ਮਾਨ, ਅਨੁ ?ਪ੍ਰਿਤਾ ਜੌਹਲ ਤੇ ਨਵਰੀਤ ਕੌਰ ਸੇਖੋਂ ਸਮੇਤ ਸੰਗਰੂਰ, ਬਰਨਾਲਾ ਤੇ ਮਾਲੇਰਕੋਟਲਾ ਦੇ ਏਡੀਸੀਜ ਤੇ ਹੋਰ ਅਧਿਕਾਰੀ ਵੀ ਹਾਜ਼ਰ ਸਨ।

# ਮਾਡਲ ਸਕੂਲ ਦੇ ਵਿਦਿਆਰਥੀਆਂ ਵੱਲੋਂ ਮਨਾਈ ਗਈ ਜਨਮ ਅਸ਼ਟਮੀ




**ਪਟਿਆਲਾ, 4 ਸਤੰਬਰ**
**-ਜੀ. ਐਸ. ਤੁੰਗ-**

ਸਵੇਰ ਦੀ ਸਭਾ ਵਿੱਚ ਮਾਡਲ ਸਕੂਲ ਦੇ ਵਿਦਿਆਰਥੀਆਂ ਵੱਲੋਂ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਬੜੀ ਧੂਮ ਧਾਮ ਨਾਲ ਮਨਾਈ ਗਈ। ਇਸ ਮੌਕੇ ਵਿਦਿਆਰਥੀਆਂ ਵੱਲੋਂ ਰੰਗਾਂ-ਰੰਗ ਪ੍ਰੋਗਰਾਮ ਪੇਸ਼ ਕੀਤੇ ਗਏ ਅਤੇ ਡਰਾਇੰਗ ਕੰਪੀਟੀਸ਼ਨ ਵੀ ਕਰਾਏ ਗਏ। ਸਕੂਲ ਵਿਦਿਆਰਥਣ ਗੁਰਜੋਤ ਕੌਰ, ਪ੍ਰੀਜਲਾ ਅਤੇ ਗੁਰਸ਼ਰਨ ਸਿੰਘ ਵੱਲੋਂ ਜਨਮ ਅਸ਼ਟਮੀ ਉੱਤੇ ਵਿਦਿਆਰਥੀਆਂ ਨੂੰ ਭਰਪੂਰ ਜਾਣਕਾਰੀ ਦਿੱਤੀ। ਇਹ ਰੰਗਾਂ-ਰੰਗ ਪ੍ਰੋਗਰਾਮ ਨੂੰ ਸਕੂਲ ਦੇ ਪੁਰਾਣੇ ਵਿਦਿਆਰਥਣ ਨਵਕੀਰਤ ਕੌਰ, ਨੈਨਸੀ ਅਤੇ ਉਹਨਾਂ ਦੀ ਟੀਮ ਵੱਲੋਂ ਤਿਆਰ ਕਰਵਾਇਆ ਗਿਆ। ਬੱਚਿਆਂ ਨੂੰ ਭਗਵਾਨ ਸ੍ਰੀ ਕ੍ਰਿਸ਼ਨ ਜੀ ਤੇ ਉੱਤੇ ਪ੍ਰੋਜੈਕਟਰ ਉੱਤੇ ਵੀਡਿਓ ਫਿਲਮ ਵੀ ਦਿਖਾਈ ਗਈ। ਸਕੂਲ ਵਿੱਚ ਟੀਚਿੰਗ ਪ੍ਰੈਕਟਿਸ ਤੇ ਆਏ ਹੋਏ ਵੱਖ-ਵੱਖ ਕਾਲਜਾਂ ਤੋਂ ਵਿਦਿਆਰਥੀਆਂ ਵੱਲੋਂ ਬੱਚਿਆਂ ਨੂੰ ਤੋਹਫੇ ਅਤੇ ਬਿਸਕੁਟ ਵੰਡੇ ਗਏ।

ਸਕੂਲ ਇੰਚਾਰਜ ਵੱਲੋਂ ਵਿਦਿਆਰਥੀਆਂ ਨੂੰ ਭਗਵਾਨ ਸ੍ਰੀ ਕ੍ਰਿਸ਼ਨ ਜੀ ਦੀਆਂ ਸਿੱਖਿਆਵਾਂ ਉੱਤੇ ਚੱਲਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਸਾਰਾ ਸਟਾਫ਼ ਹਾਜ਼ਰ ਸੀ।

# ਆਸ਼ਾ ਵਰਕਰ ਅਤੇ ਫੈਸਲੀਟੇਟਰ ਯੂਨੀਅਨ ਵੱਲੋਂ 11 ਦਿਨਾਂ ਦੀ ਕੰਮ ਛੋੜ ਹੜਤਾਲ



**ਮਲੇਰਕੋਟਲਾ, 4 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਕਿਰਨਦੀਪ ਕੌਰ ਪੰਜੋਲਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅੱਜ ਜਿਲਾ ਪ੍ਰਧਾਨ ਮਨਜੀਤ ਕੌਰ ਖਾਲਸਾ, ਜ਼ਿਲ੍ਹਾ ਸੀਨੀਅਰ ਪ੍ਰਧਾਨ ਭੋਲੀ ਦੀ ਅਗਵਾਈ ਵਿੱਚ ਐਸਐਮਓ ਸਾਹਿਬ ਨੂੰ ਮੰਗ ਪੱਤਰ ਦਿੱਤਾ ਗਿਆ ਜਿਲਾ ਪ੍ਰਧਾਨ ਮਨਜੀਤ ਕੌਰ ਖਾਲਸਾ ਨੇ ਚੋਣਵੇਂ ਪੱਤਰਕਾਰਾਂ ਨੂੰ ਜਾਣਕਾਰੀ ਦਿੰਦੇ ਦੱਸਿਆ ਕਿ ਮਿਤੀ 5/9/26 ਤੋਂ 15/9/26 ਤੱਕ ਆਸ਼ਾ ਵਰਕਰਾਂ ਅਤੇ ਫੈਸਿਲੀਟੇਟਰਾਂ ਵੱਲੋਂ ਕੰਮ ਛੋੜ ਹੜਤਾਲ ਕੀਤੀ ਜਾ ਰਹੀ ਹੈ ਇਸ ਹੜਤਾਲ ਦਾ ਅਸਰ ਸਭ ਤੋਂ ਜਿਆਦਾ ਹਾਈ ਰਿਸਕ ਗਰਭਵਤੀ ਔਰਤਾਂ ਜੱਚਾ ਬੱਚਾ ਦੇ ਟੀਕੇ ਕਰਨਾ ਅਤੇ ਜੱਚਾ ਬੱਚਾ ਦੀ ਦੇਖਭਾਲ ਅਤੇ ਟੀਵੀ ਦੇ ਮਰੀਜ਼ਾਂ ਤੇ ਗਹਿਰਾ ਅਸਰ ਪਵੇਗਾ ਇਸ ਹੜਤਾਲ ਤੋਂ ਉਪਜਣ ਵਾਲੇ ਨੁਕਸਾਨਾਂ ਦੀ ਜਿੰਮੇਵਾਰੀ ਪੰਜਾਬ ਸਰਕਾਰ ਅਤੇ ਡਿਪਾਰਟਮੈਂਟ ਦੀ ਹੋਵੇਗੀ ਕਿਉਂਕਿ ਸਾਡੀਆਂ ਲਮਕ ਅਵਸਥਾ ਦੇ ਵਿੱਚ ਪਈਆਂ ਮੰਗਾਂ ਦਾ ਹਜੇ ਤੱਕ ਕੋਈ ਨਿਪਟਾਰਾ ਨਹੀਂ ਕੀਤਾ ਗਿਆ

ਸਾਡੀਆਂ ਮੁੱਖ ਮੰਗਾਂ ਮਿਨੀਮਮ ਕਾਨੂੰਨ ਤਹਿਤ ਘੱਟੋ ਘੱਟ 24000 ਰੁਪਿਆ ਤਨਖਾਹ ਕੇਂਦਰ ਦੇ ਦਾਇਰੇ ਵਿੱਚ ਲਿਆ ਜਾਵੇ।2*ਆਸ਼ਾ ਵਰਕਰਾਂ ਅਤੇ ਫੈਸਿਲੀਟੇਟਰਾਂ ਆਨਰੇਰੀਅਮ 25 00/-ਮਾਣ ਭੱਤੇ ਵਿੱਚ ਤਿੰਨ ਗੁਣਾ ਵਾਧਾ (+ਇੰਕਰੀਮੈਂਟ)ਕੀਤਾ ਜਾਵੇ ਹਰਿਆਣਾ ਪੈਟਰਨ ਲਾਗੂ ਕੀਤਾ ਜਾਵੇ

3*ਫੈਸਲੀਟੇਟਰਾਂ ਦੇ ਟੂਰਾਂ ਵਿੱਚ ਹਰ ਸਾਲ ਵਾਧਾ ਕੀਤਾ ਜਾਵੇ ਅਤੇ ਪਰ ਟੂਰ 500 ਰੁਪਆ ਦਿੱਤਾ ਜਾਵੇ 4*ਆਸ਼ਾ ਵਰਕਰਾਂ ਦੇ ਇਨਸੈਂਟਿਵ ਵਿੱਚ ਹਰ ਸਾਲ ਵਾਧਾ ਕੀਤਾ ਜਾਵੇ ਅਤੇ ਇਨਸੈਂਟਿਵ ਡਬਲ ਕੀਤੇ ਜਾਣ

5*ਆਸ਼ਾ ਵਰਕਰਾਂ ਅਤੇ ਫੈਸਲੀਟੇਟਰਾਂ ਨੂੰ ਆਨਲਾਈਨ ਕੰਮ ਕਰਨ ਲਈ ਸਮਾਰਟਫੋਨ /ਟੈਬ ਦਿੱਤੇ ਜਾਣ

Mmsy ਕਾਰਡਾਂ ਦੀ ਜਨਵਰੀ ਤੋਂ ਪੇਮੈਂਟ ਕਰਵਾਈ ਜਾਵੇ ਆਦਿ ਇਸ ਤੋਂ ਇਲਾਵਾ ਹੋਰ ਮੰਗਾਂ ਦਾ ਹੱਲ ਨਾ ਹੋਇਆ ਤਾਂ ਹੋਇਆ ਤਾਂ ਸਤੰਬਰ ਦੇ ਲਾਸਟ ਹਫਤੇ ਮੁੱਖ ਮੰਤਰੀ ਅਤੇ ਫਾਨਸ ਮਨਿਸਟਰ ਦੇ ਹਲਕੇ ਵਿੱਚ ਰੋਸ ਪ੍ਰਦਰਸ਼ਨ ਕੀਤੇ ਜਾਣਗੇ ਇਸ ਮੌਕੇ ਜ਼ਿਲਾ /ਬਲਾਕ ਕਮੇਟੀ ਮੈਂਬਰ ਸਾਹਿਬਾਨ ਅਤੇ ਆਸ਼ਾ ਵਰਕਰ ਜਿਲਾ ਪ੍ਰਧਾਨ ਮਨਜੀਤ ਕੌਰ ਖਾਲਸਾ, ਸਰਬਜੀਤ ਕੌਰ ਲਾਗੜੀਆਂ, ਜਿਲਾ ਮੀਤ ਪ੍ਰਧਾਨ ਜਸਵੀਰ ਕੌਰ , ਬਲਜੀਤ ਕੌਰ,ਕਮਲਜੀਤ ਕੌਰ, ਗੁਰਪ੍ਰੀਤ ਕੌਰ ਚੋਂਦਾ, ਚਰਨਜੀਤ ਕੌਰ ਚੋਂਦਾ , ਰਾਣੀ, ਭਿੰਦਰ ਕੌਰ ਅਮਰਗੜ੍ਹ , ਪਰਮਜੀਤ ਕੌਰ, ਮਨਜੀਤ ਕੌਰ, ਰਾਜਵਿੰਦਰ ਕੌਰ, ਅਮਰਜੀਤ ਕੌਰ, ਮਨਪ੍ਰੀਤ ਸ਼ਰਮਾ, ਹਰਮੇਸ਼ ਕੌਰ, ਸੀਮਾ ਰਾਣੀ, ਬਲਵਿੰਦਰ ਕੌਰ, ਕੁਲਦੀਪ ਕੌਰ ਅਤੇ ਬਲਜੀਤ ਕੌਰ ਆਦੀ ਹਾਜ਼ਰ ਹੋਏ ਸਨ।

# ਵਿਸ਼ੇਸ਼ ਗਹਿਰਾਈ ਸੁਧਾਈ (ਐਸ ਆਈ ਆਰ )-2026 ਤਹਿਤ ਵੋਟਰ ਜਾਗਰੂਕਤਾ ਅਤੇ ਨਾਮ ਦਰਜ ਮੁਹਿੰਮ ਸਬੰਧੀ ਮੀਟਿੰਗ



**ਪਟਿਆਲਾ, 4 ਸਤੰਬਰ**
**-ਛਤਰਪਾਲ ਸਿੰਘ-**

ਵਿਸ਼ੇਸ਼ ਗਹਿਰਾਈ ਸੁਧਾਈ - 2026 ਤਹਿਤ ਨੌਜਵਾਨਾਂ ਅਤੇ ਯੋਗ ਨਾਗਰਿਕਾਂ ਨੂੰ ਵੋਟਰ ਵਜੋਂ ਰਜਿਸਟਰ ਕਰਨ, ਵੋਟਰ ਸੂਚੀਆਂ ਦੀ ਸ਼ੁੱਧਤਾ ਯਕੀਨੀ ਬਣਾਉਣ ਅਤੇ ਚੋਣ ਪ੍ਰਕਿਰਿਆ ਸਬੰਧੀ ਵੱਧ ਤੋਂ ਵੱਧ ਜਾਗਰੂਕਤਾ ਪੈਦਾ ਕਰਨ ਲਈ ਮਾਨਯੋਗ ਵਧੀਕ ਜ਼ਿਲ੍ਹਾ ਚੋਣ ਅਫਸਰ-ਕਮ- ਵਧੀਕ ਡਿਪਟੀ ਕਮਿਸ਼ਨਰ, ਪਟਿਆਲਾ ਜੀ ਦੇ ਹੁਕਮਾਂ ਦੀ ਪਾਲਣਾ ਹਿੱਤ ਸਵੀਪ ਨੋਡਲ ਅਫਸਰ, ਸ਼੍ਰੀ ਸਵਿੰਦਰ ਰੇਖੀ ਅਤੇ ਸ਼੍ਰੀ ਵਿਜੈ ਕੁਮਾਰ, ਚੋਣ ਤਹਿਸੀਲਦਾਰ ਪਟਿਆਲਾ ਜੀ ਅਗਵਾਈ ਹੇਠ (ਐਸ ਆਈ ਆਰ ) ਨੂੰ ਮੱਦੇਨਜ਼ਰ ਰੱਖਦਿਆਂ ਅੱਜ ਸਾਰੇ ਵਿਦਿਅਕ ਅਦਾਰਿਆਂ ਦੇ ਮੁਖੀਆਂ ਅਤੇ ਵਿਧਾਨ ਸਭਾ ਹਲਕਾ ਪੱਧਰੀ ਸਵੀਪ ਨੋਡਲ ਅਫ਼ਸਰਾਂ ਨਾਲ ਮੀਟਿੰਗ ਕੀਤੀ ਗਈ।

ਮੀਟਿੰਗ ਦੌਰਾਨ ਯੋਗਤਾ ਮਿਤੀ 01.10.2026 ਦੇ ਆਧਾਰ ਤੇ ਯੋਗ ਵੋਟਰਾਂ ਨੂੰ ਬਤੌਰ ਵੋਟਰ ਰਜਿਸਟਰੇਸ਼ਨ ਕਰਨ ਦੀ ਵਿਸ਼ੇਸ਼ ਮੁਹਿੰਮ ਚਲਾਉਣ ਸਬੰਧੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਮੁਹਿੰਮ ਦਾ ਮੁੱਖ ਉਦੇਸ਼ 18 ਸਾਲ ਜਾਂ ਇਸ ਤੋਂ ਵੱਧ ਉਮਰ ਦੇ ਯੋਗ ਵਿਦਿਆਰਥੀਆਂ ਅਤੇ ਨਾਗਰਿਕਾਂ ਨੂੰ ਨਵੇਂ ਵੋਟਰ ਵਜੋਂ ਰਜਿਸਟਰ ਹੋਣ ਲਈ ਉਤਸ਼ਾਹਿਤ ਕਰਨਾ ਹੈ।

ਮੀਟਿੰਗ ਦੌਰਾਨ ਵਿਦਿਅਕ ਅਦਾਰਿਆਂ ਨੂੰ ਹਦਾਇਤ ਕੀਤੀ ਗਈ ਕਿ 1 ਅਕਤੂਬਰ 2026 ਨੂੰ ਯੋਗਤਾ ਮਿਤੀ ਮੰਨਦੇ ਹੋਏ 18 ਸਾਲ ਜਾਂ ਇਸ ਤੋਂ ਵੱਧ ਉਮਰ ਦੇ ਯੋਗ ਵਿਦਿਆਰਥੀਆਂ ਦੇ ਫਾਰਮ-6 ਭਰਵਾਏ ਜਾਣ। ਫਾਰਮ-6 ਸਬੰਧੀ ਹਫ਼ਤਾਵਾਰੀ ਇਕੱਠੀ ਰਿਪੋਰਟ ਹਰ ਸੋਮਵਾਰ ਦਫ਼ਤਰ ਨੂੰ ਭੇਜਣ ਲਈ ਕਿਹਾ ਗਿਆ।

ਇਸ ਤੋਂ ਇਲਾਵਾ ਵਿਦਿਅਕ ਅਦਾਰਿਆਂ ਵਿੱਚ ਇਲੈਕਟਰਾਲ ਲਿਟਰੇਸੀ ਕਲੱਬ ਦੀਆਂ ਗਤੀਵਿਧੀਆਂ ਨੂੰ ਸਰਗਰਮ ਕਰਨ, (ਈ ਐਲ ਸੀ) ਦੇ ਸੋਸ਼ਲ ਮੀਡੀਆ ਖਾਤੇ ਬਣਾਉਣ ਅਤੇ ਵੋਟਰ ਜਾਗਰੂਕਤਾ ਨਾਲ ਸਬੰਧਤ ਗਤੀਵਿਧੀਆਂ ਨੂੰ ਸੋਸ਼ਲ ਮੀਡੀਆ 'ਤੇ ਸਾਂਝਾ ਕਰਨ ਲਈ ਕਿਹਾ ਗਿਆ।

ਵਿਦਿਆਰਥੀਆਂ ਵਿੱਚ ਚੋਣ ਸਾਖਰਤਾ ਵਧਾਉਣ ਲਈ ਓਨ ਲਾਈਨ × ਆਫ ਲਾਈਨ ਕੁਇਜ਼ , ਵਾਦ-ਵਿਵਾਦ, ਪੋਸਟਰ ਮੇਕਿੰਗ, ਨਾਅਰਾ ਲੇਖਣ, ਲੇਖ ਮੁਕਾਬਲੇ ਅਤੇ ਜਾਗਰੂਕਤਾ ਸੈਸ਼ਨ ਆਦਿ ਕਰਵਾਉਣ 'ਤੇ ਵੀ ਜ਼ੋਰ ਦਿੱਤਾ ਗਿਆ। ਨਵੇਂ ਯੋਗ ਵੋਟਰਾਂ ਨੂੰ ਵੋਟਰ ਵਜੋਂ ਰਜਿਸਟਰ ਹੋਣ ਲਈ ਪ੍ਰੇਰਿਤ ਕਰਨ ਅਤੇ ਈ ਐਲ ਸੀ ਮੈਂਬਰਾਂ ਨੂੰ ਆਪਣੇ ਸਾਥੀਆਂ ਅਤੇ ਭਾਈਚਾਰੇ ਵਿੱਚ ਚੋਣ ਸਾਖਰਤਾ ਦੇ ਨੁਮਾਇੰਦੇ ਵਜੋਂ ਕੰਮ ਕਰਨ ਲਈ ਉਤਸ਼ਾਹਿਤ ਕਰਨ ਲਈ ਪ੍ਰੇਰਿਤ ਕੀਤਾ ਗਿਆ।

ਐਸ ਆਈ ਆਰ -2026 ਸਬੰਧੀ ਜ਼ਿਲ੍ਹਾ ਪੱਧਰ 'ਤੇ ਪ੍ਰਿੰਟ, ਇਲੈਕਟ੍ਰਾਨਿਕ ਅਤੇ ਸੋਸ਼ਲ ਮੀਡੀਆ ਰਾਹੀਂ ਵਿਆਪਕ ਜਾਗਰੂਕਤਾ ਮੁਹਿੰਮ ਚਲਾਈ ਜਾਵੇਗੀ। ਸਥਾਨਕ ਐੱਫ ਐੱਮ ਰੇਡੀਓ ਚੈਨਲਾਂ, ਅਖ਼ਬਾਰਾਂ ਅਤੇ ਨਿਊਜ਼ ਪੋਰਟਲਾਂ ਰਾਹੀਂ ਵੋਟਰ ਜਾਗਰੂਕਤਾ ਸੰਦੇਸ਼ ਪ੍ਰਸਾਰਿਤ ਕਰਨ ਲਈ ਕਿਹਾ ਗਿਆ।

ਇਸ ਦੇ ਨਾਲ ਹੀ ਪ੍ਰਮੁੱਖ ਜਨਤਕ ਥਾਵਾਂ 'ਤੇ ਬੈਨਰ, ਹੋਰਡਿੰਗ, ਪੋਸਟਰ ਅਤੇ ਫਲੈਕਸ ਬੋਰਡ ਲਗਾ ਕੇ ਐਸ ਆਈ ਆਰ -2026, ਵੋਟਰ ਰਜਿਸਟ੍ਰੇਸ਼ਨ, ਵੋਟਰ ਵੇਰੀਫਿਕੇਸ਼ਨ ਅਤੇ ਵੋਟਰ ਸੇਵਾਵਾਂ ਸਬੰਧੀ ਜਾਣਕਾਰੀ ਲੋਕਾਂ ਤੱਕ ਪਹੁੰਚਾਉਣ ਲਈ ਪ੍ਰੇਰਿਤ ਕੀਤਾ ਗਿਆ।

ਖੇਡਾਂ, ਕਲਾ, ਸਿੱਖਿਆ ਅਤੇ ਸਮਾਜਿਕ ਖੇਤਰ ਨਾਲ ਜੁੜੀਆਂ ਪ੍ਰਮੁੱਖ ਸ਼ਖ਼ਸੀਅਤਾਂ ਦੇ ਵੋਟਰ ਜਾਗਰੂਕਤਾ ਸੰਦੇਸ਼ ਰਿਕਾਰਡ ਕਰਵਾ ਕੇ ਅਧਿਕਾਰਤ ਸੋਸ਼ਲ ਮੀਡੀਆ ਪਲੇਟਫਾਰਮਾਂ 'ਤੇ ਰਾਹੀਂ ਲੋਕਾਂ ਨੂੰ ਜਾਗਰੂਕ ਕਰਨ ਲਈ ਕਿਹਾ ਗਿਆ। ਮੀਟਿੰਗ ਵਿੱਚ ਕਿਹਾ ਗਿਆ ਕਿ ਸਮੂਹ ਵਿਧਾਨ ਸਭਾ ਹਲਕਾ ਪੱਧਰ 'ਤੇ ਪੋਲਿੰਗ ਸਟੇਸ਼ਨਾਂ ਅਤੇ ਹੋਰ ਨਿਰਧਾਰਤ ਸਥਾਨਾਂ 'ਤੇ ਵੋਟਰ ਜਾਗਰੂਕਤਾ ਕੈਂਪ ਲਗਾਏ ਜਾਣ, ਬੀ ਐਲ ਓਜ਼ ਅਤੇ ਬੀ ਐਲ ਏਜ਼ ਰਾਹੀਂ ਘਰ-ਘਰ ਜਾਗਰੂਕਤਾ ਮੁਹਿੰਮ ਚਲਾਈ ਜਾਵੇ ਅਤੇ ਵੋਟਰ ਰਜਿਸਟ੍ਰੇਸ਼ਨ, ਸੋਧ, ਤਸਦੀਕ ਅਤੇ ਹੋਰ ਵੋਟਰ ਸੇਵਾਵਾਂ ਸਬੰਧੀ ਸਹਾਇਤਾ ਪ੍ਰਦਾਨ ਕੀਤੀ ਜਾਵੇ। ਪਿੰਡਾਂ, ਵਾਰਡਾਂ, ਰੈਜ਼ੀਡੈਂਟ ਵੈਲਫੇਅਰ ਐਸੋਸੀਏਸ਼ਨਾਂ ਅਤੇ ਗ੍ਰਾਮ ਪੰਚਾਇਤਾਂ ਵਿੱਚ ਜਾਗਰੂਕਤਾ ਮੀਟਿੰਗਾਂ ਕਰਵਾਈਆਂ ਜਾਣ ਅਤੇ ਵੋਟਰ ਜਾਗਰੂਕਤਾ ਪੈਂਫਲਿਟ, ਪੋਸਟਰ ਅਤੇ ਆਈ ਈ ਸੀ ਸਮੱਗਰੀ ਵੰਡੀ ਜਾਵੇ ਅਤੇ ਸਥਾਨਕ ਜਨਤਕ ਐਲਾਨ ਪ੍ਰਣਾਲੀ ਰਾਹੀਂ ਵੀ ਲੋਕਾਂ ਨੂੰ ਜਾਗਰੂਕ ਕੀਤਾ ਜਾਵੇ। ਹਰੇਕ ਵਿਧਾਨ ਸਭਾ ਹਲਕੇ ਵਿੱਚ ਖੇਡਾਂ, ਕਲਾ, ਸਿੱਖਿਆ ਅਤੇ ਸਮਾਜਿਕ ਖੇਤਰ ਨਾਲ ਸਬੰਧਤ ਇੱਕ ਪ੍ਰਮੁੱਖ ਸ਼ਖ਼ਸੀਅਤ ਦੀ ਪਛਾਣ ਕਰਕੇ ਉਸ ਨੂੰ ਜਿਲ੍ਹਾ ਸਵੀਪ ਆਈ ਕੌਨ ਵਜੋਂ ਨਿਯੁਕਤ ਕਰਨ ਲਈ ਪ੍ਰਸਤਾਵ ਭੇਜਣ ਸਬੰਧੀ ਵੀ ਹਦਾਇਤਾਂ ਦਿੱਤੀਆ ਗਈਆਂ। ਇਸ ਸ਼ਖ਼ਸੀਅਤ ਦਾ ਕਿਸੇ ਵੀ ਰਾਜਨੀਤਿਕ ਪਾਰਟੀ ਦੇ ਹੱਕ ਜਾਂ ਵਿਰੋਧ ਵਿੱਚ ਸਿੱਧੇ ਜਾਂ ਅਸਿੱਧੇ ਤੌਰ 'ਤੇ ਪ੍ਰਚਾਰ ਨਹੀਂ ਹੋਣਾ ਚਾਹੀਦਾ।

ਇਸ ਤੋਂ ਇਲਾਵਾ ਕਿਸੇ ਵੋਟਰ ਵੱਲੋਂ ਵੋਟ ਕਟਵਾਉਣ ਲਈ ਫਾਰਮ ਨੰ. 7 ਅਤੇ ਦਰੁਸਤੀ ਲਈ ਫਾਰਮ ਨੰ. 8 ਭਰਿਆ ਜਾ ਸਕਦਾ ਹੈ। ਇਹ ਸਾਰੇ ਫਾਰਮ ਸਬੰਧਤ ਬੀ.ਐਲ.ਓ. ਰਾਹੀਂ ਜਾਂ ਆੱਨਲਾਈਨ http:voters.eci.gov.in/ ਪੋਰਟਲ ਤੇ ਅਪਲਾਈ ਕੀਤੇ ਜਾ ਸਕਦੇ ਹਨ। ਜ਼ਿਲ੍ਹਾ ਪਟਿਆਲਾ ਦੇ ਅੱਠ ਵਿਧਾਨ ਸਭਾ ਚੋਣ ਹਲਕਿਆਂ ਵਿੱਚ ਨਿਯੁਕਤ ਬੂਥ ਲੈਵਲ ਅਫਸਰਾਂ ਵੱਲੋਂ ਮਿਤੀ: 06.09.2026 ਐਤਵਾਰ ਨੂੰ ਆਪਣੇ ਆਪਣੇ ਨਿਰਧਾਰਿਤ ਪੋਲਿੰਗ ਸਟੇਸ਼ਨਾਂ ਤੇ ਕੈਂਪ ਵੀ ਲਗਾਏ ਜਾਣੇ ਹਨ।

ਉਸ ਸਬੰਧੀ ਆਮ ਜਨਤਾ/ਵੋਟਰਾਂ ਨੂੰ ਵਿਸ਼ੇਸ਼ ਤੌਰ ਤੇ ਅਪੀਲ ਕੀਤੀ ਜਾਂਦੀ ਹੈ ਕਿ ਉਹ ਭਾਰਤ ਚੋਣ ਕਮਿਸ਼ਨ ਵੱਲੋਂ ਸ਼ੁਰੂ ਕੀਤੀ ਗਈ ਇਸ ਵਿਸ਼ੇਸ਼ ਮੁਹਿੰਮ ਦਾ ਫਾਇਦਾ ਉਠਾਉਣ ਅਤੇ ਵੋਟਰ ਸੂਚੀ ਵਿੱਚ ਆਪਣਾ ਨਾਮ ਸ਼ਾਮਲ ਕਰਵਾਉਣ/ਕਟਵਾਉਣ ਜਾਂ ਕਿਸੇ ਤਰ੍ਹਾਂ ਦੀ ਸੋਧ ਕਰਨ ਲਈ ਉਕਤ ਅਨੁਸਾਰ ਸਬੰਧਤ ਫਾਰਮ ਭਰ ਕੇ ਜ਼ਰੂਰ ਜਮ੍ਹਾਂ ਕਰਵਾਉਣ, ਤਾਂ ਜੋ ਕੋਈ ਵੀ ਯੋਗ ਵਿਅਕਤੀ ਆਪਣੀ ਵੋਟ ਬਣਾਉਣ ਤੋਂ ਵਾਂਝਾ ਨਾ ਰਹਿ ਜਾਵੇ।

# ਕਾਂਗਰਸ ਵਿੱਚ ਕਲੇਸ਼ ਦੌਰਾਨ ਪੰਜਾਬ ਆਉਣਗੇ ਰਾਹੁਲ ਗਾਂਧੀ



**ਚੰਡੀਗੜ੍ਹ, 4 ਸਤੰਬਰ**
**-ਸੰਜੀਵ ਸ਼ਰਮਾ-**

ਪੰਜਾਬ ਵਿੱਚ ਵਿਧਾਨ ਸਭਾ ਚੋਣਾਂ ਨੇੜੇ ਆ ਗਈਆਂ ਹਨ, ਪਰ ਕਾਂਗਰਸ ਵਿੱਚ ਅੰਦਰੂਨੀ ਕਲੇਸ਼ ਖ਼ਤਮ ਹੋਣ ਦਾ ਨਾਮ ਨਹੀਂ ਲੈ ਰਿਹਾ। ਇਸੇ ਦੌਰਾਨ ਅਗਲੇ ਹਫ਼ਤੇ ਤੋਂ 10 ਦਿਨਾਂ ਵਿਚਕਾਰ ਰਾਹੁਲ ਗਾਂਧੀ ਪੰਜਾਬ ਦੌਰੇ 'ਤੇ ਆਉਣਗੇ। ਇੱਥੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਆਲ ਇੰਡੀਆ ਕਾਂਗਰਸ ਕਮੇਟੀ ਦੇ ਕੌਮੀ ਮੀਡੀਆ ਇੰਚਾਰਜ ਹਰੀ ਸ਼ੰਕਰ ਗੁਪਤਾ ਨੇ ਕਿਹਾ ਕਿ ਰਾਹੁਲ ਗਾਂਧੀ ਦੇ ਪੰਜਾਬ ਦੌਰੇ ਲਈ ਸਮੁੱਚਾ ਪ੍ਰੋਗਰਾਮ ਤਿਆਰ ਕਰ ਲਿਆ ਗਿਆ ਹੈ। ਉਹ ਜਲਦ ਹੀ ਪੰਜਾਬ ਵਿੱਚ ਦੌਰੇ 'ਤੇ ਆਉਣਗੇ। ਇਸ ਤੋਂ ਬਾਅਦ ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ, ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ, ਵਿਰੋਧੀ ਧਿਰ ਦੇ ਆਗੂ ਪ੍ਰਤਾਪ ਸਿੰਘ ਬਾਜਵਾ ਅਤੇ ਪੰਜਾਬ ਕਾਂਗਰਸ ਦੇ ਇੰਚਾਰਜ ਭੁਪੇਸ਼ ਬਘੇਲ ਇੱਕੋ ਮੰਚ ਤੋਂ ਪੂਰੀ ਤਾਕਤ ਨਾਲ ਸਾਂਝੀ ਚੋਣ ਮੁਹਿੰਮ ਚਲਾਉਣਗੇ।

ਇਸ ਤੋਂ ਪਹਿਲਾਂ ਆਲ ਇੰਡੀਆ ਕਾਂਗਰਸ ਦੀ ਕੌਮੀ ਮੀਡੀਆ ਵਿਭਾਗ ਦੀ ਟੀਮ ਨੇ ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨਾਲ ਮੁਲਾਕਾਤ ਕੀਤੀ ਅਤੇ ਜ਼ਮੀਨੀ ਪੱਧਰ ਦੀ ਯੋਜਨਾਬੰਦੀ ਨੂੰ ਸੁਚਾਰੂ ਬਣਾਉਣ ਬਾਰੇ ਵਿਚਾਰ-ਵਟਾਂਦਰਾ ਕੀਤਾ। ਵੜਿੰਗ ਨੇ ਕੇਂਦਰੀ ਟੀਮ ਦਾ ਸਵਾਗਤ ਕਰਦਿਆਂ ਸੂਬੇ ਦੇ ਹਰ ਵਿਧਾਨ ਸਭਾ ਹਲਕੇ ਵਿੱਚ ਪੂਰੀ ਤਰ੍ਹਾਂ ਨਾਲ ਜਥੇਬੰਦਕ ਤੇ ਜ਼ਮੀਨੀ ਪੱਧਰ ਦੀ ਸਹਾਇਤਾ ਯਕੀਨੀ ਬਣਾਉਣ ਦਾ ਭਰੋਸਾ ਦਿੱਤਾ। ਗੁਪਤਾ ਨੇ ਕਿਹਾ ਕਿ ਕਾਂਗਰਸ ਨੇ ਪੰਜਾਬ ਨੂੰ ਤਿੰਨ ਮੁੱਖ ਜ਼ੋਨਾਂ ਵਿੱਚ ਵੰਡਿਆ ਹੈ। ਇਸ ਦੌਰਾਨ ਵਿੰਗ ਕਮਾਂਡਰ ਅਨੁਮਾ ਆਚਾਰਿਆ ਨੂੰ ਮਾਝਾ ਖੇਤਰ, ਈਸ਼ਾਨ ਤਿਆਗੀ ਨੂੰ ਦੁਆਬਾ ਅਤੇ ਹਰਨਾਮ ਸਿੰਘ ਨੂੰ ਮਾਲਵਾ-1 ਅਤੇ ਵਿਕਰਮ ਲੋਹੀਆ ਨੂੰ ਮਾਲਵਾ-2 ਦੀ ਜ਼ਿੰਮੇਵਾਰੀ ਦਿੱਤੀ ਗਈ ਹੈ।

ਇਸ ਦੌਰਾਨ ਗੁਪਤਾ ਨੇ 'ਆਪ' 'ਤੇ ਹਮਲਾ ਕਰਦਿਆਂ ਕਿਹਾ ਕਿ 'ਆਪ' ਵੱਲੋਂ ਪਹਿਲਾਂ ਦਿੱਲੀ ਅਤੇ ਹੁਣ ਪੰਜਾਬ ਵਿੱਚ ਲੋਕਾਂ ਦੇ ਟੈਕਸ ਦੇ ਰੁਪਏ ਨੂੰ ਬਰਬਾਦ ਕੀਤਾ ਜਾ ਰਿਹਾ ਹੈ, ਜਦੋਂ ਕਿ ਸੂਬੇ ਦੇ ਸਕੂਲ, ਹਸਪਤਾਲ, ਬੁਨਿਆਦੀ ਢਾਂਚਾ, ਕਾਨੂੰਨ ਵਿਵਸਥਾ ਦੀ ਹਾਲਤ ਲਗਾਤਾਰ ਵਿਗੜਦੀ ਜਾ ਰਹੀ ਹੈ।

# ਬਾਲ ਵਿਆਹ ਵਿਰੁੱਧ ਪੰਜਾਬ ਸਰਕਾਰ ਦੀ ਸਖ਼ਤ ਕਾਰਵਾਈ: 5 ਬਾਲ ਵਿਆਹ ਸਮੇਂ ਸਿਰ ਰੋਕ ਕੇ ਬੱਚਿਆਂ ਦਾ ਭਵਿੱਖ ਸੁਰੱਖਿਅਤ ਕੀਤਾ : ਡਾ. ਬਲਜੀਤ ਕੌਰ

**ਚੰਡੀਗੜ੍ਹ, 4 ਸਤੰਬਰ**
**-ਹਰਮਨਪ੍ਰੀਤ ਕੌਰ-**

ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਵਿੱਚੋਂ ਬਾਲ ਵਿਆਹ ਵਰਗੀ ਸਮਾਜਿਕ ਕੁਰੀਤੀ ਦਾ ਪੂਰਨ ਖਾਤਮਾ ਕਰਨ ਲਈ ਦ੍ਰਿੜ੍ਹ ਸੰਕਲਪ ਨਾਲ ਨਤੀਜਾ-ਕੇਂਦਰਿਤ ਕਦਮ ਚੁੱਕ ਰਹੀ ਹੈ। ਇਸੇ ਲੜੀ ਤਹਿਤ ਸਮੇਂ ਸਿਰ ਕੀਤੀ ਗਈ ਪ੍ਰਭਾਵਸ਼ਾਲੀ ਕਾਰਵਾਈ ਸਦਕਾ ਸੂਬੇ ਵਿੱਚ 5 ਬਾਲ ਵਿਆਹਾਂ ਨੂੰ ਸਫਲਤਾਪੂਰਵਕ ਰੋਕਿਆ ਗਿਆ ਹੈ। ਇਹ ਪ੍ਰਗਟਾਵਾ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕੀਤਾ।

ਕੈਬਨਿਟ ਮੰਤਰੀ ਨੇ ਦੱਸਿਆ ਕਿ ਇਹ ਸਫਲਤਾ ਸੂਬਾ ਸਰਕਾਰ ਦੀ ਬਾਲ ਅਧਿਕਾਰਾਂ ਦੀ ਸੁਰੱਖਿਆ ਪ੍ਰਤੀ ਵਚਨਬੱਧਤਾ ਅਤੇ ਤੁਰੰਤ ਕਾਰਵਾਈ ਪ੍ਰਣਾਲੀ ਦਾ ਸਪੱਸ਼ਟ ਪ੍ਰਮਾਣ ਹੈ। ਉਨ੍ਹਾਂ ਕਿਹਾ ਕਿ ਬੱਚਿਆਂ ਦੇ ਅਧਿਕਾਰਾਂ ਨਾਲ ਕਿਸੇ ਵੀ ਤਰ੍ਹਾਂ ਦਾ ਸਮਝੌਤਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਅਤੇ ਬਾਲ ਵਿਆਹ ਵਰਗੀ ਗੈਰ-ਕਾਨੂੰਨੀ ਪ੍ਰਥਾ ਨੂੰ ਕਿਸੇ ਵੀ ਕੀਮਤ 'ਤੇ ਪਨਪਣ ਨਹੀਂ ਦਿੱਤਾ ਜਾਵੇਗਾ।

ਡਾ. ਬਲਜੀਤ ਕੌਰ ਨੇ ਕਿਹਾ ਕਿ ਬਾਲ ਵਿਆਹਾਂ ਦੀ ਰੋਕਥਾਮ ਲਈ ਪੰਜਾਬ ਸਰਕਾਰ ਵੱਲੋਂ ਸੂਬੇ ਭਰ ਵਿੱਚ ਲਗਾਤਾਰ ਜਾਗਰੂਕਤਾ ਮੁਹਿੰਮਾਂ ਚਲਾਈਆਂ ਜਾ ਰਹੀਆਂ ਹਨ। ਇਸ ਤਹਿਤ ਹੁਣ ਤੱਕ 172 ਜਾਗਰੂਕਤਾ ਮੁਹਿੰਮਾਂ ਆਯੋਜਿਤ ਕੀਤੀਆਂ ਗਈਆਂ ਹਨ, ਜਿਨ੍ਹਾਂ ਰਾਹੀਂ ਮਾਪਿਆਂ, ਪੰਚਾਇਤਾਂ, ਸਕੂਲਾਂ, ਸਮਾਜਿਕ ਸੰਸਥਾਵਾਂ ਅਤੇ ਆਮ ਲੋਕਾਂ ਨੂੰ ਬਾਲ ਵਿਆਹ ਦੇ ਸਮਾਜਿਕ ਅਤੇ ਸਿਹਤ ਸੰਬੰਧੀ ਮਾੜੇ ਪ੍ਰਭਾਵਾਂ ਦੇ ਨਾਲ-ਨਾਲ



ਇਸ ਸਬੰਧੀ ਕਾਨੂੰਨੀ ਪ੍ਰਾਵਧਾਨਾਂ ਬਾਰੇ ਵੀ ਜਾਣੂ ਕਰਵਾਇਆ ਗਿਆ ਹੈ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਬੱਚਿਆਂ ਨਾਲ ਸਬੰਧਤ ਹਰ ਮਾਮਲੇ ਵਿੱਚ ਜ਼ੀਰੋ ਟੋਲਰੈਂਸ ਨੀਤੀ 'ਤੇ ਅਮਲ ਕਰ ਰਹੀ ਹੈ। ਇਸ ਮੰਤਵ ਲਈ ਜ਼ਿਲ੍ਹਾ ਪ੍ਰਸ਼ਾਸਨ, ਪੁਲਿਸ, ਚਾਈਲਡ ਵੈਲਫੇਅਰ ਕਮੇਟੀਆਂ, ਬਾਲ ਵਿਆਹ ਰੋਕਥਾਮ ਅਧਿਕਾਰੀਆਂ ਅਤੇ ਹੋਰ ਸਬੰਧਤ ਵਿਭਾਗਾਂ ਵਿਚਾਲੇ ਆਪਸੀ ਤਾਲਮੇਲ ਨੂੰ ਹੋਰ ਮਜ਼ਬੂਤ ਕੀਤਾ ਗਿਆ ਹੈ ਤਾਂ ਜੋ ਕਿਸੇ ਵੀ ਸ਼ਿਕਾਇਤ 'ਤੇ ਤੁਰੰਤ, ਪ੍ਰਭਾਵਸ਼ਾਲੀ ਅਤੇ ਕਾਨੂੰਨ ਅਨੁਸਾਰ ਕਾਰਵਾਈ ਯਕੀਨੀ ਬਣਾਈ ਜਾ ਸਕੇ।

ਡਾ. ਬਲਜੀਤ ਕੌਰ ਨੇ ਕਿਹਾ ਕਿ ਬਾਲ ਵਿਆਹ ਨੂੰ ਰੋਕਣਾ ਕੇਵਲ ਸਰਕਾਰ ਦੀ ਹੀ ਨਹੀਂ, ਸਗੋਂ ਸਮੁੱਚੇ ਸਮਾਜ ਦੀ ਸਾਂਝੀ ਜ਼ਿੰਮੇਵਾਰੀ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਜੇਕਰ ਉਨ੍ਹਾਂ ਨੂੰ ਆਪਣੇ ਆਲੇ-ਦੁਆਲੇ ਕਿਤੇ ਵੀ ਬਾਲ ਵਿਆਹ ਹੋਣ ਦੀ ਜਾਣਕਾਰੀ ਮਿਲਦੀ ਹੈ ਤਾਂ ਉਹ ਤੁਰੰਤ ਚਾਈਲਡ ਹੈਲਪਲਾਈਨ 1098 'ਤੇ ਸੂਚਨਾ ਦੇਣ ਜਾਂ ਆਪਣੇ ਨੇੜਲੇ ਬਾਲ ਵਿਆਹ ਰੋਕਥਾਮ ਅਫਸਰ ਨਾਲ ਸੰਪਰਕ ਕਰਨ, ਤਾਂ ਜੋ ਸਮੇਂ ਸਿਰ ਦਖ਼ਲ ਦੇ ਕੇ ਕਿਸੇ ਬੱਚੇ ਦਾ ਭਵਿੱਖ ਸੁਰੱਖਿਅਤ ਕੀਤਾ ਜਾ ਸਕੇ। ਜ਼ਿਕਰਯੋਗ ਹੈ ਕਿ ਸੂਬੇ ਭਰ ਵਿੱਚ 2076 ਅਫਸਰ ਬਾਲ ਵਿਆਹ ਰੋਕਥਾਮ ਅਫਸਰ ਵੱਜੋਂ ਨਾਮਜ਼ਦ ਹਨ। ਜਿਸ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲਾਂ ਦੇ ਪ੍ਰਿੰਸੀਪਲ, ਅਤੇ ਬਾਲ ਵਿਕਾਸ ਪ੍ਰੋਜੈਕਟ ਅਫਸਰ (ਸੀ.ਡੀ.ਪੀ.ਓਜ਼) ਬਤੌਰ ਬਾਲ ਵਿਆਹ ਰੋਕਥਾਮ ਅਫਸਰ ਵਜੋਂ ਕੰਮ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਬੱਚਿਆਂ ਦੇ ਸੁਰੱਖਿਅਤ, ਸਨਮਾਨਜਨਕ ਅਤੇ ਅਧਿਕਾਰ-ਅਧਾਰਿਤ ਬਚਪਨ ਨੂੰ ਯਕੀਨੀ ਬਣਾਉਣ ਲਈ ਪੂਰੀ ਵਚਨਬੱਧਤਾ ਨਾਲ ਕੰਮ ਕਰ ਰਹੀ ਹੈ ਅਤੇ ਸੂਬੇ ਨੂੰ ਬਾਲ ਵਿਆਹ ਮੁਕਤ ਪੰਜਾਬ ਬਣਾਉਣ ਲਈ ਹਰ ਸੰਭਵ ਯਤਨ ਜਾਰੀ ਰਹਿਣਗੇ।

# ਨਗਰ ਕੌਂਸਲ ਪਾਤੜਾਂ ਤੇ ਨਗਰ ਪੰਚਾਇਤ ਘੱਗਾ ਵਿਖੇ ਮਿਸ਼ਨ ਕਲੀਨ ਪੰਜਾਬ ਤਹਿਤ ਸਫ਼ਾਈ ਮੁਹਿੰਮ




**ਪਾਤੜਾਂ/ਘੱਗਾ, 4 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਦੇ ਮੁੱਖ ਮੰਤਰੀ ਸ੍ਰ ਭਗਵੰਤ ਸਿੰਘ ਮਾਨ ਅਤੇ ਸਥਾਨਕ ਸਰਕਾਰ ਮੰਤਰੀ ਸ੍ਰੀ ਹਰਜੋਤ ਸਿੰਘ ਬੈਂਸ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸੂਬੇ ਭਰ ਵਿੱਚ ਚਲਾਏ ਜਾ ਰਹੇ 10 ਦਿਨਾਂ ਸਫਾਈ ਮਹਾ ਅਭਿਆਨ ਤਹਿਤ ਨਗਰ ਕੌਂਸਲ ਪਾਤੜਾਂ ਅਤੇ ਨਗਰ ਪੰਚਾਇਤ ਘੱਗਾ ਵੱਲੋਂ ਵੱਖ-ਵੱਖ ਸਥਾਨਾਂ 'ਤੇ ਵਿਸ਼ੇਸ਼ ਸਫਾਈ ਮੁਹਿੰਮ ਚਲਾਈ ਗਈ।

ਨਗਰ ਕੌਂਸਲ ਪਾਤੜਾਂ ਦੇ ਪ੍ਰਧਾਨ ਸ੍ਰੀ ਅੰਮ੍ਰਿਤਪਾਲ ਸਿੰਘ, ਡੀ.ਟੀ.ਓ. ਕਰਨ ਸਿੰਘ, ਸੀਨੀਅਰ ਵਾਈਸ ਪ੍ਰਧਾਨ ਸ੍ਰੀਮਤੀ ਪ੍ਰੀਤੀ ਜੈਨ ਅਤੇ ਕਾਰਜ ਸਾਧਕ ਅਫਸਰ ਸ੍ਰੀ ਬਲਜਿੰਦਰ ਸਿੰਘ ਦੀ ਅਗਵਾਈ ਹੇਠ ਪੁਰਾਣਾ ਭਗਤ ਸਿੰਘ ਚੌਕ ਤੋਂ ਨਰਵਾਣਾ ਰੋਡ ਤੱਕ ਸਫਾਈ ਕਰਵਾਈ ਗਈ। ਇਸ ਮੌਕੇ ਅਨੁਵਿੰਦਰ ਸਿੰਘ, ਅਜੈਪਾਲ ਸਿੰਘ, ਨਿੱਕਾ ਜੀ ਸਾਬਕਾ ਕੌਂਸਲਰ ਸਮੇਤ ਨਗਰ ਕੌਂਸਲ ਦਾ ਸਮੂਹ ਸਟਾਫ ਅਤੇ ਸਫਾਈ ਸੇਵਕ ਮੌਜੂਦ ਰਹੇ।

ਇਸੇ ਤਰ੍ਹਾਂ ਨਗਰ ਪੰਚਾਇਤ ਘੱਗਾ ਦੇ ਪ੍ਰਧਾਨ ਸ੍ਰੀ ਮਿੱਠੂ ਸਿੰਘ ਦੀ ਰਹਿਨੁਮਾਈ ਹੇਠ ਸਬ-ਸੈਂਟਰ, ਆਮ ਆਦਮੀ ਕਲੀਨਿਕ, ਫਿਰਨੀ ਰੋਡ ਅਤੇ ਨਗਰ ਖੇੜਾ ਰੋਡ ਵਿਖੇ ਸਫਾਈ ਮੁਹਿੰਮ ਚਲਾਈ ਗਈ। ਇਸ ਦੌਰਾਨ ਸਫਾਈ ਕਰਮਚਾਰੀਆਂ ਵੱਲੋਂ ਸੜਕਾਂ ਅਤੇ ਆਸ-ਪਾਸ ਦੇ ਖੇਤਰਾਂ ਦੀ ਸਫਾਈ ਕਰਕੇ ਕੂੜਾ ਹਟਾਇਆ ਗਿਆ।

ਇਸ ਮੌਕੇ ਮਨਜੀਤ ਸਿੰਘ, ਮਨਪ੍ਰੀਤ ਸਿੰਘ ਸੀ.ਐੱਫ., ਜਗਤਾਰ ਸਿੰਘ ਪੈਸਕੋ ਸੁਪਰਵਾਈਜ਼ਰ, ਰਸ਼ਪਾਲ ਸਿੰਘ, ਕੁਲਦੀਪ ਸਿੰਘ ਮੋਟੀਵੇਟਰ, ਤਰਵਿੰਦਰ ਸਿੰਘ ਐੱਮ.ਸੀ., ਅਮਨਦੀਪ ਸਿੰਘ ਐੱਮ.ਸੀ., ਨਿਰਮਲ ਸਿੰਘ, ਆਪ ਆਗੂ ਟਿੰਕੂ ਵਰਮਾ, ਜਸਪਾਲ ਸਿੰਘ ਸਮੇਤ ਸਮੂਹ ਐੱਮ.ਸੀ. ਸਾਹਿਬਾਨ, ਨਗਰ ਪੰਚਾਇਤ ਘੱਗਾ ਦਾ ਸਮੂਹ ਸਟਾਫ ਅਤੇ ਸਫਾਈ ਸੇਵਕ ਮੌਜੂਦ ਸਨ। ਅਧਿਕਾਰੀਆਂ ਨੇ ਕਿਹਾ ਕਿ ਸਫਾਈ ਮਹਾ ਅਭਿਆਨ ਦਾ ਮੁੱਖ ਉਦੇਸ਼ ਸ਼ਹਿਰਾਂ ਅਤੇ ਕਸਬਿਆਂ ਨੂੰ ਸਾਫ-ਸੁਥਰਾ ਬਣਾਉਣਾ ਅਤੇ ਲੋਕਾਂ ਨੂੰ ਸਫਾਈ ਪ੍ਰਤੀ ਜਾਗਰੂਕ ਕਰਨਾ ਹੈ। ਉਨ੍ਹਾਂ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਉਹ ਆਪਣੇ ਆਲੇ-ਦੁਆਲੇ ਸਫਾਈ ਬਣਾਈ ਰੱਖਣ ਅਤੇ ਕੂੜਾ ਨਿਰਧਾਰਤ ਸਥਾਨਾਂ 'ਤੇ ਹੀ ਸੁੱਟਣ।

# ਐੱਸ.ਆਈ.ਆਰ : ਜ਼ਿਲ੍ਹੇ ਦੇ ਸਾਰੇ ਪੋਲਿੰਗ ਸਟੇਸ਼ਨਾਂ ਤੇ ਲਗਾਏ ਜਾਣਗੇ 6 ਸਤੰਬਰ ਨੂੰ ਵਿਸ਼ੇਸ਼ ਕੈਂਪ

**ਬਠਿੰਡਾ, 4 ਸਤੰਬਰ**
**-ਗੁਰਤੇਜ ਅਤਲਾ-**

ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਪੰਜਾਬ ਰਾਜ ਵਿੱਚ ਸਪੈਸ਼ਲ ਰਿਵੀਜ਼ਨ ਇੰਟੈਂਸਿਵ ਰਿਵੀਜ਼ਨ ਦਾ ਮਹੱਤਵਪੂਰਨ ਕੰਮ ਚੱਲ ਰਿਹਾ ਹੈ। ਜਿਸ ਸਬੰਧੀ ਜਾਰੀ ਸ਼ਡਿਊਲ ਅਨੁਸਾਰ ਮਿਤੀ 13.08.2026 ਨੂੰ ਫੋਟੋ ਵੋਟਰ ਸੂਚੀ ਦੀ ਮੁੱਢਲੀ ਪ੍ਰਕਾਸ਼ਨਾ ਕੀਤੀ ਗਈ ਹੈ। ਮਿਤੀ 13.08.2026 ਤੋਂ 12.09.2026 ਤੱਕ ਵੋਟਰਾਂ ਵਲੋਂ ਦਾਅਵੇ ਅਤੇ ਇਤਰਾਜ ਸਬੰਧੀ ਫਾਰਮ ਨੰਬਰ 6, 6-ਏ, 7 ਅਤੇ 8 ਆਨਲਾਈਨ www. voters .eci. gov.in ਅਤੇ ਵੋਟਰ ਹੈਲਪਲਾਈਨ ਐਪ ਰਾਹੀਂ ਜਾਂ ਆਫਲਾਈਨ ਸਬੰਧਤ ਚੋਣਕਾਰ ਰਜਿਸਟ੍ਰੇਸ਼ਨ ਅਫਸਰ ਦਫ਼ਤਰ ਅਤੇ ਬੀ.ਐਲ.ਓ. ਕੋਲ ਭਰੇ ਜਾ ਸਕਦੇ। ਇਹ ਜਾਣਕਾਰੀ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਸ੍ਰੀ ਰਾਜੇਸ਼ ਧੀਮਾਨ ਨੇ ਸਾਂਝੀ ਕੀਤੀ। ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਆਮ ਜਨਤਾ ਅਤੇ ਵੋਟਰਾਂ ਵਲੋਂ ਦਾਅਵੇ ਅਤੇ ਇਤਰਾਜ ਪ੍ਰਾਪਤ ਕਰਨ ਲਈ ਜਿਲ੍ਹੇ ਦੇ ਸਮੂਹ 3031 ਪੋਲਿੰਗ ਸਟੇਸ਼ਨਾਂ ਤੇ ਬੀ.ਐਲ.ਓਜ਼. ਦੁਆਰਾ 6 ਸਤੰਬਰ (ਐਤਵਾਰ) ਨੂੰ ਸਵੇਰੇ 10:00 ਵਜੇ ਤੋਂ ਸ਼ਾਮ 04:00 ਵਜੇ ਤੱਕ ਵਿਸ਼ੇਸ਼ ਕੈਂਪ ਲਗਾਇਆ ਜਾ ਰਿਹਾ ਹੈ। ਕੈਂਪ ਦੌਰਾਨ ਸਮੂਹ ਬੀ.ਐਲ.ਓਜ਼. ਆਪਣੇ ਪੋਲਿੰਗ ਬੂਥਾਂ ਤੇ ਹਾਜ਼ਰ ਰਹਿਣਗੇ ਅਤੇ ਵੋਟਰਾਂ ਨੂੰ ਨੋਟਿਸ ਫਾਰਮ ਅਤੇ ਦਾਅਵੇ-ਇਤਰਾਜ ਭਰਨ ਸਬੰਧੀ ਲੋੜੀਂਦੀ ਜਾਣਕਾਰੀ ਮੁਹੱਈਆ ਕਰਵਾਉਣਗੇ।

ਸਪੈਸ਼ਲ ਕੈਂਪ ਦੌਰਾਨ ਜਿਲ੍ਹੇ ਦੀਆਂ ਸਮੂਹ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਵਲੋਂ ਨਿਯੁਕਤ ਕੀਤੇ ਗਏ ਬੂਥ ਲੈਵਲ ਏਜੰਟ ਦਾਅਵੇ ਅਤੇ ਇਤਰਾਜਾਂ ਦੇ ਕੰਮ ਸਬੰਧੀ ਬੀ.ਐਲ.ਓਜ਼. ਨੂੰ ਸਹਿਯੋਗ ਦੇਣਗੇ ਅਤੇ ਆਪਣੇ ਪਾਰਟੀ ਵਰਕਰਾਂ ਰਾਹੀਂ ਵੱਧ ਤੋਂ ਵੱਧ ਵੋਟਰ ਰਜਿਸਟ੍ਰੇਸ਼ਨ ਕਰਵਾਉਣਾ ਯਕੀਨੀ ਬਣਾਉਣਗੇ। ਜ਼ਿਲ੍ਹਾ ਚੋਣ ਅਫ਼ਸਰ ਨੇ ਜਿਲ੍ਹੇ ਦੇ ਸਮੂਹ ਵੋਟਰਾਂ ਨੂੰ ਅਪੀਲ ਕੀਤੀ ਕਿ ਯੋਗਤਾ ਮਿਤੀ 01.10.2026 ਦੇ ਆਧਾਰ ਤੇ ਜਿਸ ਨਾਗਰਿਕ ਦੀ ਉਮਰ 18 ਸਾਲ ਜਾਂ ਇਸ ਤੋਂ ਵੱਧ ਹੈ, ਉਹ ਆਪਣਾ ਨਾਮ ਵੋਟਰ ਸੂਚੀ ਵਿੱਚ ਸ਼ਾਮਿਲ ਕਰਨ ਲਈ ਫਾਰਮ ਨੰਬਰ 6 ਅਤੇ ਵੋਟਰ ਕਾਰਡ ਵਿੱਚ ਦਰਜ ਵੇਰਵਿਆਂ ਵਿੱਚ ਦਰੁਸਤੀ ਕਰਵਾਉਣ ਲਈ ਫਾਰਮ ਨੰਬਰ 8 ਭਰ ਕੇ ਪੋਲਿੰਗ ਬੂਥਾਂ ਤੇ ਮੌਜੂਦ ਬੀ.ਐਲ.ਓਜ਼ ਨੂੰ ਦੇਣ ਲਈ ਇਸ ਕੈਂਪ ਦਾ ਲਾਭ ਲੈ ਸਕਦੇ ਹਨ।



# ਹਰਿਆਣਾ ਖ਼ਬਰਨਾਮਾ



## ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਸੀਨੀਅਰ ਪ੍ਰਚਾਰਕ ਅਤੇ ਸਮਾਜ ਸੇਵੀ ਜਗਦੀਸ਼ ਮਿੱਤਲ ਦੇ ਦੇਹਾਂਤ 'ਤੇ ਪ੍ਰਗਟਾਇਆ ਸ਼ੋਕ

**ਚੰਡੀਗੜ੍ਹ 4 ਸਤੰਬਰ**
**-ਛਤਰਪਾਲ ਸਿੰਘ-**

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਸ਼ੁੱਕਰਵਾਰ ਨੂੰ ਜਗਾਧਰੀ ਪਹੁੰਚੇ ਅਤੇ ਪ੍ਰਸਿੱਧ ਸਮਾਜ ਸੇਵੀ ਅਤੇ ਰਾਸ਼ਟਰੀ ਸਵੈਮਸੇਵਕ ਸੰਘ ਦੇ ਸੀਨੀਅਰ ਪ੍ਰਚਾਰਕ ਸਵ. ਜਗਦੀਸ਼ ਮਿੱਤਲ ਦੇ ਦੇਹਾਂਤ 'ਤੇ ਸ਼ੋਕ ਦਾ ਪ੍ਰਗਟਾਵਾ ਕੀਤਾ। ਮੁੱਖ ਮੰਤਰੀ ਨੇ ਸਵ. ਜਗਦੀਸ਼ ਮਿੱਤਲ ਦੀ ਮ੍ਰਿਤਕ ਦੇਹ 'ਤੇ ਫੁੱਲ ਭੇਟ ਕਰਕੇ ਉਨ੍ਹਾਂ ਨੂੰ ਸ਼ਰਧਾਂਜਲੀ ਦਿੱਤੀ ਅਤੇ ਦੁੱਖੀ ਪਰਿਵਾਰ ਨੂੰ ਮਿਲ ਕੇ ਹਮਦਰਦੀ ਪ੍ਰਗਟਾਈ।

ਸਵ. ਜਗਦੀਸ਼ ਮਿੱਤਲ ਦਾ ਵੀਰਵਾਰ ਨੂੰ ਦੇਹਾਂਤ ਹੋ ਗਿਆ ਸੀ। ਅੱਜ ਗਮਗੀਨ ਮਾਹੌਲ ਵਿੱਚ ਉਨ੍ਹਾਂ ਦਾ ਅੰਤਿਮ ਸੰਸਕਾਰ ਕੀਤਾ ਗਿਆ। ਉਨ੍ਹਾਂ ਦੇ ਦੇਹਾਂਤ ਨਾਲ ਇਲਾਕੇ ਵਿੱਚ ਸੋਗ ਦੀ ਲਹਿਰ ਦੌੜ ਗਈ। ਮੁੱਖ ਮੰਤਰੀ ਨੇ ਕਿਹਾ ਕਿ ਸਵ. ਜਗਦੀਸ਼ ਮਿੱਤਲ ਦਾ ਦੇਹਾਂਤ ਸਮਾਜ ਅਤੇ ਵੱਖ-ਵੱਖ ਸਮਾਜਿਕ ਅਤੇ ਵਿਦਿਅਕ ਸੰਸਥਾਵਾਂ ਲਈ ਨਾ ਪੂਰਾ ਹੋਣ ਵਾਲਾ ਘਾਟਾ ਹੈ। ਉਨ੍ਹਾਂ ਨੇ ਆਪਣੇ ਜੀਵਨ ਵਿੱਚ ਸਮਾਜ ਸੇਵਾ, ਸਿੱਖਿਆ ਅਤੇ ਰਾਸ਼ਟਰ ਨਿਰਮਾਣ ਦੇ ਖੇਤਰ ਵਿੱਚ ਅਹਿਮ ਯੋਗਦਾਨ ਪਾਇਆ।

ਇਸ ਮੌਕੇ ਕੈਬਨਿਟ ਮੰਤਰੀ ਸ੍ਰੀ ਅਨਿਲ ਵਿਜ, ਵਿਧਾਇਕ ਸ੍ਰੀ ਘਣਸ਼ਿਆਮ ਦਾਸ ਅਰੋੜਾ, ਅਨੁਸੂਚਿਤ ਜਾਤੀ ਕਮਿਸ਼ਨ ਦੀ ਚੇਅਰਪਰਸਨ ਸ੍ਰੀਮਤੀ ਬੰਤੋ ਕਟਾਰੀਆ, ਹਰਿਆਣਾ ਬਿਜਲੀ ਰੈਗੂਲੇਟਰੀ ਕਮਿਸ਼ਨ (HERC) ਦੇ ਚੇਅਰਮੈਨ ਮੁਕੇਸ਼ ਗਰਗ, ਸਾਬਕਾ ਕੈਬਨਿਟ ਮੰਤਰੀ ਸ੍ਰੀ ਕੰਵਰ ਪਾਲ ਗੁੱਜਰ, ਮੇਅਰ ਸ੍ਰੀਮਤੀ ਸੁਮਨ ਬਹਮਣੀ, ਚੇਅਰਮੈਨ ਸ੍ਰੀ ਰਾਕੇਸ਼ ਤਿਆਗੀ, ਮੁੱਖ ਮੰਤਰੀ ਦੇ ਓ.ਐਸ.ਡੀ. ਸ੍ਰੀ ਭੋਪਾਲ ਖਦਰੀ ਸਮੇਤ ਵੱਡੀ ਗਿਣਤੀ ਵਿੱਚ ਪਤਵੰਤੇ ਲੋਕ ਹਾਜ਼ਰ ਸਨ।



## ਮੁਨੀਮਪੁਰ ਘਟਨਾ ਵਿੱਚ ਪੀੜਤ ਪਰਿਵਾਰਾਂ ਨਾਲ ਮਜ਼ਬੂਤੀ ਨਾਲ ਖੜ੍ਹੀ ਹੈ ਹਰਿਆਣਾ ਸਰਕਾਰ : ਡਾ. ਅਰਵਿੰਦ ਸ਼ਰਮਾ

**ਚੰਡੀਗੜ੍ਹ, 4 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਹਰਿਆਣਾ ਵਿਧਾਨ ਸਭਾ ਦੇ ਮਾਨਸੂਨ ਸੈਸ਼ਨ ਦੌਰਾਨ ਸਹਿਕਾਰਤਾ, ਸੈਰ-ਸਪਾਟਾ ਅਤੇ ਵਿਰਾਸਤ ਮੰਤਰੀ ਡਾ. ਅਰਵਿੰਦ ਸ਼ਰਮਾ ਨੇ ਝੱਜਰ ਜ਼ਿਲ੍ਹੇ ਦੇ ਮੁਨੀਮਪੁਰ ਪਿੰਡ ਵਿੱਚ ਗਊ ਰੱਖਿਅਕਾਂ ਦੀ ਮੌਤ ਦੀ ਦੁਖਦ ਘਟਨਾ ਉੱਤੇ ਸਰਕਾਰ ਦਾ ਪੱਖ ਰੱਖਦਿਆਂ ਕਿਹਾ ਕਿ ਹਰਿਆਣਾ ਸਰਕਾਰ ਪੀੜਤ ਪਰਿਵਾਰਾਂ ਦੇ ਨਾਲ ਪੂਰੀ ਮਜ਼ਬੂਤੀ ਨਾਲ ਖੜ੍ਹੀ ਹੈ ਅਤੇ ਉਨ੍ਹਾਂ ਨੂੰ ਹਰਸੰਭਵ ਸਹਾਇਤਾ ਮੁਹੱਈਆ ਕਰਵਾਈ ਗਈ ਹੈ।

ਬਾਦਲੀ ਦੇ ਵਿਧਾਇਕ ਕੁਲਦੀਪ ਵਤਸ ਵੱਲੋਂ ਵਿਧਾਨ ਸਭਾ ਵਿੱਚ ਮੁਨੀਮਪੁਰ ਪਿੰਡ ਦੀ ਘਟਨਾ ਵਿੱਚ ਚਾਰ ਨੌਜਵਾਨਾਂ ਦੀ ਮੌਤ ਦਾ ਮੁੱਦਾ ਚੁੱਕੇ ਜਾਣ ਉੱਤੇ ਡਾ. ਅਰਵਿੰਦ ਸ਼ਰਮਾ ਨੇ ਕਿਹਾ ਕਿ ਸਰਕਾਰ ਇਸ ਮਾਮਲੇ ਨੂੰ ਲੈ ਕੇ ਪੂਰੀ ਤਰ੍ਹਾਂ ਗੰਭੀਰ ਹੈ। ਉਨ੍ਹਾਂ ਕਿਹਾ ਕਿ ਘਟਨਾ ਦੀ ਸੂਚਨਾ ਪ੍ਰਸ਼ਾਸਨ ਨੂੰ ਦੇਰ ਨਾਲ ਮਿਲੀ, ਜਿਸ ਕਾਰਨ ਸਮੇਂ ਸਿਰ ਲੋੜੀਂਦੀ ਸਹਾਇਤਾ ਪਹੁੰਚਾਉਣ ਵਿੱਚ ਮੁਸ਼ਕਲ ਆਈ ਅਤੇ ਚਾਰ ਨੌਜਵਾਨਾਂ ਦੀ ਦੁਖਦ ਮੌਤ ਹੋ ਗਈ।

ਕੈਬਨਿਟ ਮੰਤਰੀ ਨੇ ਕਿਹਾ ਕਿ ਜਿਵੇਂ ਹੀ ਪ੍ਰਸ਼ਾਸਨ ਨੂੰ ਘਟਨਾ ਦੀ ਜਾਣਕਾਰੀ ਮਿਲੀ, ਰਾਹਤ ਅਤੇ ਸਹਾਇਤਾ ਲਈ ਤੁਰੰਤ ਕਾਰਵਾਈ ਕੀਤੀ ਗਈ। ਹਰਿਆਣਾ ਸਰਕਾਰ ਨੇ ਪੀੜਤ ਪਰਿਵਾਰਾਂ ਨੂੰ ਵਿੱਤੀ ਸਹਾਇਤਾ ਵੀ ਪ੍ਰਦਾਨ ਕੀਤੀ ਹੈ ਅਤੇ ਸਰਕਾਰ ਅੱਗੇ ਵੀ ਉਨ੍ਹਾਂ ਦੇ ਨਾਲ ਖੜ੍ਹੀ ਰਹੇਗੀ।

## ਸੀ.ਜੇ.ਪੀ. ਵੱਲੋਂ ਸੰਸਦ ਮਾਰਗ ਥਾਣੇ ਬਾਹਰ ਪ੍ਰਦਰਸ਼ਨ; ਕਾਰਕੁੰਨ ਦੇ ਪਿਤਾ 'ਤੇ ਹਮਲੇ ਵਿਰੁੱਧ ਇਨਸਾਫ਼ ਦੀ ਮੰਗ

**ਨਵੀਂ ਦਿੱਲੀ, 4 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਕੌਕਰੇਚ ਜਨਤਾ ਪਾਰਟੀ ਦੇ ਮੈਂਬਰਾਂ ਨੇ ਸ਼ੁੱਕਰਵਾਰ ਨੂੰ ਜੰਤਰ-ਮੰਤਰ ਦੇ ਪ੍ਰਦਰਸ਼ਨਕਾਰੀ ਨਿਸ਼ੂ ਆਜ਼ਾਦ ਦੇ ਪਿਤਾ ਸੰਜੇ ਕੁਮਾਰ ਨੂੰ ਇਨਸਾਫ਼ ਦਿਵਾਉਣ ਦੀ ਮੰਗ ਨੂੰ ਲੈ ਕੇ ਦਿੱਲੀ ਦੇ ਸੰਸਦ ਮਾਰਗ ਪੁਲੀਸ ਸਟੇਸ਼ਨ ਵਿਖੇ ਪ੍ਰਦਰਸ਼ਨ ਕੀਤਾ। ਇਹ ਪ੍ਰਦਰਸ਼ਨ ਸਵਤੰਤਰ ਭਾਰਦਵਾਜ ਨਾਮਕ ਨੌਜਵਾਨ ਵੱਲੋਂ ਸੰਜੇ ਕੁਮਾਰ 'ਤੇ ਕਥਿਤ ਹਮਲੇ ਅਤੇ ਪੁਲੀਸ ਵੱਲੋਂ ਗੰਭੀਰ ਲਾਪਰਵਾਹੀ ਵਰਤੇ ਜਾਣ ਦੇ ਸੀ.ਜੇ.ਪੀ. ਦੇ ਦੋਸ਼ਾਂ ਕਾਰਨ ਭੜਕਿਆ ਸੀ।

ਸੀ.ਜੇ.ਪੀ. ਆਗੂ ਸੌਰਭ ਦਾਸ ਦੀ ਅਗਵਾਈ ਹੇਠ ਪ੍ਰਦਰਸ਼ਨਕਾਰੀ ਪੁਲੀਸ ਸਟੇਸ਼ਨ ਵਿੱਚ ਇਕੱਠੇ ਹੋਏ, ਜਦੋਂ ਕਿ ਨਿਸ਼ੂ, ਚੰਦਰਸ਼ੇਖਰ ਆਜ਼ਾਦ, ਸੌਰਭ ਦਾਸ ਅਤੇ ਆਸ਼ੂਤੋਸ਼ ਰੰਕਾ 'ਤੇ ਆਧਾਰਿਤ ਇੱਕ ਵਫ਼ਦ ਨੇ ਵੱਖਰੇ ਤੌਰ 'ਤੇ ਡੀ.ਸੀ.ਪੀ. ਦਫ਼ਤਰ ਨਾਲ ਮੁਲਾਕਾਤ ਕੀਤੀ।

ਇਹ ਮਾਮਲਾ ਉਸ ਸਮੇਂ ਭਖ ਗਿਆ ਜਦੋਂ ਮੁਲਜ਼ਮ ਸਵਤੰਤਰ ਭਾਰਦਵਾਜ ਨੇ ਇੱਕ ਪੋਡਕਾਸਟ ਵਿੱਚ ਹਮਲੇ ਬਾਰੇ ਖੁੱਲ੍ਹ ਕੇ ਕਬੂਲ ਕੀਤਾ ਅਤੇ ਦਾਅਵਾ ਕੀਤਾ ਕਿ ਉਸ ਦੇ ਸਿਆਸੀ ਸਬੰਧਾਂ ਕਾਰਨ ਉਹ ਜੇਲ੍ਹ ਤੋਂ ਬਾਹਰ ਹੈ। ਜਨਤਕ ਵਿਰੋਧ ਤੋਂ ਬਾਅਦ ਭਾਰਦਵਾਜ ਨੇ ਇੱਕ ਸਪੱਸ਼ਟੀਕਰਨ ਜਾਰੀ ਕਰਦਿਆਂ ਕਿਹਾ ਕਿ ਉਸ ਦੀਆਂ ਪੋਡਕਾਸਟ ਵਾਲੀਆਂ ਟਿੱਪਣੀਆਂ ਨੂੰ ਗਲਤ ਢੰਗ ਨਾਲ ਪੇਸ਼ ਕੀਤਾ ਗਿਆ ਸੀ ਅਤੇ ਉਸ ਨੇ ਸਿਰਫ਼ ਆਤਮ-ਰੱਖਿਆ ਵਿੱਚ ਕਾਰਵਾਈ ਕੀਤੀ ਸੀ।



ਨਿਸ਼ੂ ਵੱਲੋਂ ਮਦਦ ਦੀ ਅਪੀਲ ਕਰਦੀ ਵੀਡੀਓ ਪੋਸਟ ਕਰਨ ਤੋਂ ਬਾਅਦ, ਰਾਹੁਲ ਗਾਂਧੀ ਨੇ ਉਸ ਨੂੰ ਪੂਰੇ ਸਮਰਥਨ ਦਾ ਭਰੋਸਾ ਦਿੱਤਾ। ਗਾਂਧੀ ਨੇ 'ਐਕਸ' 'ਤੇ ਲਿਖਿਆ, ਨਿਸ਼ੂ, ਘਬਰਾਉਣ ਦੀ ਕੋਈ ਲੋੜ ਨਹੀਂ ਹੈ। ਮੈਂ ਤੁਹਾਡੇ ਨਾਲ ਹਾਂ। ਇਹ ਸਪੱਸ਼ਟ ਹੈ ਕਿ ਤੁਹਾਨੂੰ ਨਿਸ਼ਾਨਾ ਬਣਾਇਆ ਗਿਆ ਹੈ ਕਿਉਂਕਿ ਤੁਸੀਂ ਆਪਣੇ ਭਾਈਚਾਰੇ ਅਤੇ ਵਿਦਿਆਰਥੀਆਂ ਦੀ ਆਵਾਜ਼ ਉਠਾਉਂਦੇ ਹੋ। ਇੱਕ ਪਾਸੇ ਅਮਿਤ ਸ਼ਾਹ ਦੀ ਦਿੱਲੀ ਪੁਲੀਸ ਵਿਦਿਆਰਥੀਆਂ 'ਤੇ ਅਣਮਨੁੱਖੀ ਜ਼ੁਲਮ ਕਰਦੀ ਹੈ। ਦੂਜੇ ਪਾਸੇ, ਇੱਕ ਅਪਰਾਧੀ ਜਿਸ ਨੇ ਦਲਿਤ ਲੜਕੀ ਦੇ ਪਿਤਾ ਦਾ ਸਿਰ ਪਾੜ ਦਿੱਤਾ, ਉਹ ਖੁੱਲ੍ਹੇਆਮ ਘੁੰਮ ਰਿਹਾ ਹੈ।

ਗਾਂਧੀ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਗ੍ਰਿਹਿ ਮੰਤਰੀ ਅਮਿਤਾਸ਼ ਸ਼ਾਹ ਨੂੰ ਸਿੱਧੇ ਤੌਰ 'ਤੇ ਸਵਾਲ ਕਰਦਿਆਂ ਪੁੱਛਿਆ ਕਿ ਅਪਰਾਧੀ ਨੂੰ ਸਿਆਸੀ ਸੁਰੱਖਿਆ ਕਿਉਂ ਮਿਲ ਰਹੀ ਹੈ ਅਤੇ ਦਾਅਵਾ ਕੀਤਾ ਕਿ ਜਦੋਂ ਤੱਕ ਇਨਸਾਫ਼ ਨਹੀਂ ਮਿਲਦਾ ਇਹ ਲੜਾਈ ਨਹੀਂ ਰੁਕੇਗੀ।

ਪੁਲੀਸ ਨੇ ਇੱਕ ਬਿਆਨ ਵਿੱਚ ਕਿਹਾ ਕਿ 23 ਜੂਨ ਨੂੰ ਜੰਤਰ-ਮੰਤਰ ਵਿਖੇ ਸੀ.ਜੇ.ਪੀ. ਦੇ ਪ੍ਰਦਰਸ਼ਨ ਦੌਰਾਨ, ਗਾਜ਼ੀਆਬਾਦ ਦੇ ਰਹਿਣ ਵਾਲੇ ਸੰਜੇ ਕੁਮਾਰ (38) ਦੇ ਸਿਰ ਵਿੱਚ ਹੱਥੋਪਾਈ ਦੌਰਾਨ ਕਿਸੇ ਪ੍ਰਦਰਸ਼ਨਕਾਰੀ ਵੱਲੋਂ ਪਾਏ ਗਏ ਕੜੇ ਕਾਰਨ ਸੱਟ ਲੱਗ ਗਈ ਸੀ। ਬਿਆਨ ਵਿੱਚ ਪੜ੍ਹਿਆ ਗਿਆ, ਆਰ.ਐੱਮ.ਐੱਲ. ਹਸਪਤਾਲ ਦੇ ਡਾਕਟਰਾਂ ਦੁਆਰਾ ਉਸਦਾ ਡਾਕਟਰੀ ਮੁਆਇਨਾ ਕੀਤਾ ਗਿਆ ਸੀ ਅਤੇ ਸੱਟਾਂ ਨੂੰ ਮਾਮੂਲੀ ਕਿਸਮ ਦੀਆਂ ਦੱਸਿਆ ਗਿਆ ਸੀ। ਸੱਟਾਂ ਕੜੇ ਨਾਲ ਲੱਗੀਆਂ ਸਨ ਨਾ ਕਿ ਕਿਸੇ ਹਥਿਆਰ ਨਾਲ। ਖੋਪੜੀ ਵਿੱਚ ਫ੍ਰੈਕਚਰ ਹੋਣ ਬਾਰੇ ਗਲਤ ਜਾਣਕਾਰੀ ਤੱਥਾਂ/ਐੱਮ.ਐੱਲ.ਸੀ. ਦੁਆਰਾ ਸਮਰਥਿਤ ਨਹੀਂ ਹੈ ਅਤੇ ਪੂਰੀ ਤਰ੍ਹਾਂ ਬੇਬੁਨਿਆਦ ਹੈ।

ਇਸ ਵਿੱਚ ਅੱਗੇ ਕਿਹਾ ਗਿਆ ਹੈ ਕਿ ਪੀੜਤ ਦੇ ਬਿਆਨ 'ਤੇ, ਭਾਰਤੀ ਨਿਆ ਸੰਹਿਤਾ ਦੇ ਤਹਿਤ ਸੰਸਦ ਮਾਰਗ ਪੁਲੀਸ ਸਟੇਸ਼ਨ ਵਿੱਚ ਇੱਕ ਕੇਸ ਦਰਜ ਕੀਤਾ ਗਿਆ ਸੀ। ਉਨ੍ਹਾਂ ਨੂੰ ਮੌਕੇ ਤੋਂ ਹਿਰਾਸਤ ਵਿੱਚ ਲਿਆ ਗਿਆ ਸੀ ਅਤੇ ਜਾਂਚ ਦੌਰਾਨ ਸੂਰਜ ਕੁਮਾਰ (24) ਅਤੇ ਸਵਤੰਤਰ ਭਾਰਦਵਾਜ (21) ਨੂੰ ਨਿਯਮਾਂ ਅਨੁਸਾਰ ਨੋਟਿਸ ਜਾਰੀ ਕੀਤੇ ਗਏ ਸਨ ਅਤੇ ਉਨ੍ਹਾਂ ਤੋਂ ਪੁੱਛਗਿੱਛ ਕੀਤੀ ਗਈ ਸੀ।

## ਸੂਬੇ ਵਿੱਚ ਇਸ ਸਾਲ ਅਜੇ ਤੱਕ ਲੰਪੀ ਰੋਗ ਦਾ ਕੋਈ ਵੀ ਮਾਮਲਾ ਸਾਹਮਣੇ ਨਹੀਂ ਆਇਆ

**ਚੰਡੀਗੜ੍ਹ, 4 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਹਰਿਆਣਾ ਦੇ ਪਸ਼ੂ ਪਾਲਣ ਅਤੇ ਡੇਅਰੀ ਮੰਤਰੀ ਸ੍ਰੀ ਸ਼ਿਆਮ ਸਿੰਘ ਰਾਣਾ ਨੇ ਦੱਸਿਆ ਕਿ ਸੂਬੇ ਵਿੱਚ ਇਸ ਸਾਲ ਅਜੇ ਤੱਕ ਲੰਪੀ ਰੋਗ ਦਾ ਕੋਈ ਵੀ ਮਾਮਲਾ ਸਾਹਮਣੇ ਨਹੀਂ ਆਇਆ ਹੈ। ਗਊਵੰਸ਼ ਨੂੰ ਲੰਪੀ ਰੋਗ ਤੋਂ ਬਚਾਅ ਲਈ 25 ਜੁਲਾਈ ਤੋਂ 30 ਅਗਸਤ 2026 ਤੱਕ ਟੀਕਾਕਰਨ ਦੀ ਮੁਹਿੰਮ ਵੀ ਚਲਾਈ ਗਈ ਹੈ।

ਪਸ਼ੂ ਪਾਲਣ ਅਤੇ ਡੇਅਰੀ ਮੰਤਰੀ ਅੱਜ ਹਰਿਆਣਾ ਵਿਧਾਨ ਸਭਾ ਦੇ ਮਾਨਸੂਨ ਸੈਸ਼ਨ ਦੌਰਾਨ ਸਦਨ ਦੇ ਇੱਕ ਮੈਂਬਰ ਵੱਲੋਂ ਪੁੱਛੇ ਗਏ ਸਵਾਲ ਦਾ ਜਵਾਬ ਦੇ ਰਹੇ ਸਨ।

ਸ੍ਰੀ ਰਾਣਾ ਨੇ ਅੱਗੇ ਦੱਸਿਆ ਕਿ ਰਾਜ ਵਿੱਚ ਕੁਰੂਕਸ਼ੇਤਰ, ਪੰਚਕੂਲਾ, ਰੇਵਾੜੀ ਅਤੇ ਯਮੁਨਾਨਗਰ ਜ਼ਿਲ੍ਹਿਆਂ ਵਿੱਚ ਡਾਕਟਰੀ ਤੌਰ 'ਤੇ ਕੁੱਲ 1356 ਸ਼ੱਕੀ ਮਾਮਲੇ ਰਿਪੋਰਟ ਹੋਏ ਹਨ। ਰੋਗ ਦੀ ਜਾਂਚ ਅਤੇ ਪੁਸ਼ਟੀ ਲਈ ਜ਼ਿਲ੍ਹਾ ਭਵਾਨੀ, ਹਿਸਾਰ, ਝੱਜਰ, ਕੁਰੂਕਸ਼ੇਤਰ, ਪੰਚਕੂਲਾ, ਰੇਵਾੜੀ, ਰੋਹਤਕ ਤਥਾ ਸਿਰਸਾ ਤੋਂ ਪਸ਼ੂਆਂ ਤੋਂ 99 ਨੈਦਾਨਿਕ ਨਮੂਨੇ ਲੈ ਕੇ ਲਾਲਾ ਲਾਜਪਤ ਰਾਏ ਪਸ਼ੂ ਚਿਕਿਤਸਾ ਅਤੇ ਪਸ਼ੂ ਵਿਗਿਆਨ ਯੂਨੀਵਰਸਿਟੀ, ਹਿਸਾਰ (ਲੁਵਾਸ) ਭੇਜੇ ਗਏ ਹਨ। ਲੁਵਾਸ ਵਿੱਚ ਲੰਪੀ ਰੋਗ ਲਈ ਜਾਂਚ ਕੀਤੇ ਗਏ ਦੋ ਨਮੂਨੇ ਨਕਾਰਾਤਮਕ ਪਾਏ ਗਏ ਹਨ। ਇਸ ਪ੍ਰਕਾਰ ਪ੍ਰਦੇਸ਼ ਵਿੱਚ ਇਸ ਸਾਲ ਵਿੱਚ ਅਜੇ ਤੱਕ ਲੰਪੀ ਰੋਗ ਦਾ ਕੋਈ ਪੁਸ਼ਟ ਮਾਮਲਾ ਨਹੀਂ ਹੈ।



ਉਨ੍ਹਾਂ ਅੱਗੇ ਦੱਸਿਆ ਕਿ ਪਸ਼ੂ ਪਾਲਣ ਵਿਭਾਗ ਵੱਲੋਂ ਇਸ ਸਾਲ ਦੌਰਾਨ ਲੰਪੀ ਰੋਗ ਤੋਂ ਬਚਾਅ ਲਈ 25 ਜੁਲਾਈ 2026 ਤੋਂ 30 ਅਗਸਤ 2026 ਤੱਕ ਰਾਜ ਦੀ ਸੰਪੂਰਨ ਪਾਤਰ ਗਊਵੰਸ਼ੀ ਆਬਾਦੀ (4 ਮਹੀਨੇ ਤੋਂ ਵੱਧ ਉਮਰ ਦੇ ਸਿਹਤਮੰਦ ਗਊਵੰਸ਼ੀ ਪਸ਼ੂ) ਨੂੰ ਗੋਟ ਪਾਕਸ ਵੈਕਸੀਨ (7♦੭, ਉੱਤਰਕਾਸ਼ੀ ਸਟ੍ਰੇਨ) ਨਾਲ ਟੀਕਾਕਰਨ ਦੀ ਮੁਹਿੰਮ ਚਲਾਈ ਜਾ ਰਹੀ ਹੈ। ਵਿਭਾਗ ਵੱਲੋਂ ਸ਼ੱਕੀ ਪਸ਼ੂਆਂ ਨੂੰ ਲੱਛਣਾਤਮਕ ਉਪਚਾਰ ਉਪਲਬਧ ਕਰਵਾਇਆ ਜਾ ਰਿਹਾ ਹੈ ਤਥਾ ਕਿਸਾਨਾਂ ਨੂੰ ਰੋਗ ਦੀ ਰੋਕਥਾਮ ਸਬੰਧੀ ਉਪਾਵਾਂ ਬਾਰੇ ਜ਼ਰੂਰੀ ਸਲਾਹ ਵੀ ਦਿੱਤੀ ਜਾ ਰਹੀ ਹੈ।

ਉਨ੍ਹਾਂ ਅੱਗੇ ਜਾਣਕਾਰੀ ਦਿੱਤੀ ਕਿ ਇਸ ਸਾਲ ਹੁਣ ਤੱਕ ਰਾਜ ਵਿੱਚ 14,61,922 ਗਊਵੰਸ਼ੀ ਪਸ਼ੂਆਂ ਦਾ ਟੀਕਾਕਰਨ ਕੀਤਾ ਜਾ ਚੁੱਕਾ ਹੈ ਜਿਨ੍ਹਾਂ ਵਿੱਚੋਂ 1,14,655 ਪਸ਼ੂਆਂ ਦਾ ਗਊਸ਼ਾਲਾਵਾਂ ਵਿੱਚ ਟੀਕਾਕਰਨ ਕੀਤਾ ਗਿਆ ਹੈ।

## ਆਦਮਪੁਰ-ਨਲਵਾ ਵਿੱਚ ਨਹਿਰਾਂ ਲਈ ਤੈਅ ਰੋਟੇਸ਼ਨ ਦੇ ਅਨੁਸਾਰ ਮਿਲ ਰਿਹਾ ਹੈ ਸਿੰਚਾਈ ਦਾ ਪਾਣੀ : ਸ਼ਰੁਤੀ ਚੌਧਰੀ

**ਚੰਡੀਗੜ੍ਹ, 4 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਹਰਿਆਣਾ ਦੀ ਸਿੰਚਾਈ ਅਤੇ ਜਲ ਸਰੋਤ ਮੰਤਰੀ ਸ਼੍ਰੀਮਤੀ ਸ਼ਰੁਤੀ ਚੌਧਰੀ ਨੇ ਦੱਸਿਆ ਕਿ ਆਦਮਪੁਰ ਵ ਨਲਵਾ ਵਿਧਾਨ ਸਭਾ ਖੇਤਰਾਂ ਵਿੱਚ ਨਹਿਰਾਂ ਤੋਂ ਪਿਛਲੇ ਦੋ ਸਾਲਾਂ ਦੌਰਾਨ ਨਿਰਧਾਰਤ ਰੋਟੇਸ਼ਨ ਪ੍ਰੋਗਰਾਮ ਦੇ ਅਨੁਸਾਰ ਸਿੰਚਾਈ ਦੇ ਪਾਣੀ ਦੀ ਸਪਲਾਈ ਯਕੀਨੀ ਬਣਾਈ ਗਈ ਹੈ।

ਸ਼੍ਰੀਮਤੀ ਚੌਧਰੀ ਹਰਿਆਣਾ ਵਿਧਾਨ ਸਭਾ ਦੌਰਾਨ ਸਦਨ ਦੇ ਇੱਕ ਮੈਂਬਰ ਵੱਲੋਂ ਪੁੱਛੇ ਗਏ ਸਵਾਲ ਦਾ ਜਵਾਬ ਦੇ ਰਹੀ ਸੀ। ਸਿੰਚਾਈ ਮੰਤਰੀ ਨੇ ਦੱਸਿਆ ਕਿ ਆਦਮਪੁਰ ਅਤੇ ਨਲਵਾ ਵਿਧਾਨ ਸਭਾ ਖੇਤਰਾਂ ਵਿੱਚ ਲਗਭਗ 48 ਨਹਿਰਾਂ/ਚੈਨਲ ਆਉਂਦੇ ਹਨ। ਇਨ੍ਹਾਂ ਵਿੱਚੋਂ ਬਸਰਾ ਸਬ ਮਾਈਨਰ ਨੰਬਰ-99, ਜਿਸ ਦੇ ਪੁਨਰ ਨਿਰਮਾਣ ਨੂੰ ਸਰਕਾਰ ਵੱਲੋਂ ਪ੍ਰਵਾਨਗੀ ਪ੍ਰਦਾਨ ਕੀਤੀ ਜਾ ਚੁੱਕੀ ਹੈ, ਉਸ ਨੂੰ ਛੱਡ ਕੇ ਬਾਕੀ 47 ਚੈਨਲਾਂ ਦੇ ਅੰਤਿਮ ਛੋਰ ਤੱਕ ਪ੍ਰਵਾਨਿਤ ਰੋਟੇਸ਼ਨ ਪ੍ਰੋਗਰਾਮ ਦੇ ਅਨੁਸਾਰ ਨਿਰਧਾਰਤ ਜਲ ਸਪਲਾਈ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਨਲਵਾ ਖੇਤਰ ਵਿੱਚ ਆਉਣ ਵਾਲੇ 17 ਚੈਨਲ ਤੇ ਦੋਵਾਂ ਵਿਧਾਨ ਸਭਾ ਖੇਤਰਾਂ ਵਿੱਚ ਸਾਂਝੇ 4 ਚੈਨਲ ਪ੍ਰਵਾਨਿਤ ਰੋਟੇਸ਼ਨ ਪ੍ਰੋਗਰਾਮ ਦੇ ਅਨੁਸਾਰ 8 ਦਿਨ ਚੱਲਣ ਤੋਂ ਬਾਅਦ 16 ਦਿਨ ਦੀ ਨਹਿਰ-ਬੰਦੀ ਦੇ ਆਧਾਰ 'ਤੇ ਸੰਚਾਲਿਤ ਕੀਤੇ ਜਾ ਰਹੇ ਹਨ। ਜਦੋਂ ਕਿ ਆਦਮਪੁਰ ਖੇਤਰ ਵਿੱਚ 27 ਚੈਨਲ ਪਾਣੀ ਦੀ ਉਪਲਬਧਤਾ ਦੇ ਆਧਾਰ 'ਤੇ 2/3 ਗਰੁੱਪ ਪ੍ਰਣਾਲੀ ਦੇ ਤਹਿਤ ਸੰਚਾਲਿਤ ਕੀਤੇ ਜਾ ਰਹੇ ਹਨ। ਇਸ ਵਿਵਸਥਾ ਵਿੱਚ ਚੈਨਲਾਂ ਨੂੰ 16/8 ਦਿਨ ਚੱਲਣ ਤੋਂ ਬਾਅਦ 16 ਦਿਨ ਦੀ ਨਹਿਰ-ਬੰਦੀ ਦੀ ਮਿਆਦ ਦੇ ਨਾਲ ਸੰਚਾਲਿਤ ਕੀਤਾ ਜਾਂਦਾ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਸਰਕਾਰ ਵੱਲੋਂ ਉਪਲਬਧ ਜਲ ਸਰੋਤਾਂ ਦੇ ਅਨੁਸਾਰ ਪ੍ਰਵਾਨਿਤ ਰੋਟੇਸ਼ਨ ਪ੍ਰੋਗਰਾਮ ਰਾਹੀਂ ਨਹਿਰਾਂ ਦੇ ਅੰਤਿਮ ਛੋਰ ਤੱਕ ਨਿਰਧਾਰਤ ਜਲ ਸਪਲਾਈ ਬਣਾਏ ਰੱਖਣ ਦਾ ਯਤਨ ਕੀਤਾ ਜਾ ਰਿਹਾ ਹੈ।

## ਹਰਿਆਣਾ ਸਰਕਾਰ ਨੇ ਗੰਨੇ ਦੇ ਕਿਸਾਨਾਂ ਲਈ ਸਬਸਿਡੀ ਯੋਜਨਾਵਾਂ ਦਾ ਕੀਤਾ ਐਲਾਨ

**ਚੰਡੀਗੜ੍ਹ, 4 ਸਤੰਬਰ**
**-ਮਨੋਜ ਵਰਮਾ-**

ਹਰਿਆਣਾ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਸਾਲ 2026-27 ਲਈ 'ਗੰਨਾ ਤਕਨੀਕੀ ਉਦੇਸ਼ ਪਰਿਯੋਜਨਾ' ਤਹਿਤ ਕਿਸਾਨਾਂ ਦੇ ਹਿੱਤ ਵਿੱਚ ਇੱਕ ਮਹੱਤਵਪੂਰਨ ਪਹਿਲ ਸ਼ੁਰੂ ਕੀਤੀ ਗਈ ਹੈ। ਇਸ ਯੋਜਨਾ ਤਹਿਤ ਰਾਜ ਦੇ ਪ੍ਰਮੁੱਖ ਗੰਨਾ ਉਤਪਾਦਕ ਖੇਤਰਾਂ—ਯਮੁਨਾਨਗਰ, ਨਾਰਾਇਣਗੜ੍ਹ, ਸ਼ਾਹਾਬਾਦ, ਕਰਨਾਲ, ਅਸੰਧ, ਭਾਦਸੋਂ, ਪਾਣੀਪਤ, ਕੈਥਲ, ਰੋਹਤਕ, ਸੋਨੀਪਤ, ਜੀਂਦ, ਪਲਵਲ, ਭੂਨਾ, ਗੋਹਾਣਾ ਅਤੇ ਮਹਿਮ ਦੇ ਸਹਾਇਕ ਗੰਨਾ ਵਿਕਾਸ ਅਧਿਕਾਰੀਆਂ ਦੇ ਅਧਿਕਾਰ ਖੇਤਰ ਵਿੱਚ ਆਉਣ ਵਾਲੇ ਕਿਸਾਨਾਂ ਨੂੰ ਗ੍ਰਾਂਟ ਰਾਸ਼ੀ ਪ੍ਰਦਾਨ ਕੀਤੀ ਜਾਵੇਗੀ।

ਵਿਭਾਗ ਦੇ ਬੁਲਾਰੇ ਨੇ ਇਸ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਗ੍ਰਾਂਟ ਰਾਸ਼ੀ ਗੰਨੇ ਦੀਆਂ ਸੂਚਿਤ ਅਤੇ ਸਿਫ਼ਾਰਸ਼ ਕੀਤੀਆਂ ਕਿਸਮਾਂ ਦੀ ਬਿਜਾਈ ਆਧੁਨਿਕ ਵੀਧੀਆਂ, ਜਿਵੇਂ ਕਿ ਪ੍ਰਮੋਸ਼ਨ ਆਫ਼ ਵਾਈਡ ਰੋ ਸਪੇਸਿੰਗ (4 ਫੁੱਟ), ਸਿੰਗਲ-ਬਡ, ਬਡ-ਚਿੱਪ ਵਿਧੀ, ਫਾਊਂਡੇਸ਼ਨ ਸੀਡ ਨਰਸਰੀ/ਬੀਜ ਉਪਚਾਰ, ਅਤੇ 4 ਫੁੱਟ ਦੀ ਚੌੜੀ ਕਤਾਰ ਦੀ ਦੂਰੀ ਵਿੱਚ ਪੇੜੀ-ਪ੍ਰਬੰਧਨ (Ratoon Management) ਰਾਹੀਂ ਪ੍ਰਦਰਸ਼ਨ-ਪਲਾਟ ਲਗਾਉਣ 'ਤੇ ਦਿੱਤੀ ਜਾਵੇਗੀ। ਬੁਲਾਰੇ ਨੇ ਅਰਜ਼ੀਆਂ ਦੀ ਸਮਾਂ-ਸੀਮਾ ਦੀ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਜਿਹੜੇ ਕਿਸਾਨ ਭਰਾਵਾਂ ਨੇ ਆਪਣਾ ਗੰਨਾ ਬਸੰਤ ਜਾਂ ਗਰਮੀ ਦੀ ਰੁੱਤ (ਅਪ੍ਰੈਲ ਤੋਂ ਬਾਅਦ) ਵਿੱਚ ਲਗਾਇਆ ਹੈ, ਉਹ ਇਸ ਯੋਜਨਾ ਦਾ ਲਾਭ ਲੈਣ ਲਈ 30 ਸਤੰਬਰ 2026 ਤੱਕ ਆਪਣੀ ਰਜਿਸਟ੍ਰੇਸ਼ਨ ਕਰਵਾ ਸਕਦੇ ਹਨ। ਉੱਥੇ ਹੀ, ਜੋ ਕਿਸਾਨ ਸਰਦੀ ਦੀ ਰੁੱਤ (ਆਗਾਮੀ ਅਕਤੂਬਰ-ਨਵੰਬਰ) ਵਿੱਚ ਗੰਨੇ ਦੀ ਬਿਜਾਈ ਕਰਨ ਵਾਲੇ ਹਨ, ਉਨ੍ਹਾਂ ਲਈ ਅਰਜ਼ੀ ਦੀ ਮਿਤੀ 1 ਅਕਤੂਬਰ 2026 ਤੋਂ 31 ਦਸੰਬਰ 2026 ਤੱਕ ਨਿਰਧਾਰਤ ਕੀਤੀ ਗਈ ਹੈ। ਇੱਛੁਕ ਕਿਸਾਨ ਵਿਭਾਗ ਦੀ ਅਧਿਕਾਰਤ ਵੈੱਬਸਾਈਟ www.agriharyana.gov.in 'ਤੇ ਜਾ ਕੇ ਆਪਣੀ ਆਨਲਾਈਨ ਅਰਜ਼ੀ ਪੇਸ਼ ਕਰ ਸਕਦੇ ਹਨ।

ਇਸ ਤੋਂ ਇਲਾਵਾ, ਰਾਜ ਸਰਕਾਰ ਖੇਤੀਬਾੜੀ ਖੇਤਰ ਵਿੱਚ ਮਸ਼ੀਨੀਕਰਨ ਨੂੰ ਉਤਸ਼ਾਹਤ ਕਰਨ ਲਈ Mechanization in Sugarcane Implements ਯੋਜਨਾ ਤਹਿਤ ਵੀ ਵੱਖ-ਵੱਖ ਖੇਤੀਬਾੜੀ ਯੰਤਰਾਂ 'ਤੇ ਸਬਸਿਡੀ ਦੇ ਰਹੀ ਹੈ।

ਬੁਲਾਰੇ ਨੇ ਅੱਗੇ ਦੱਸਿਆ ਕਿ ਪਾਵਰ ਆਪਰੇਟਿਡ ਗੰਨਾ ਸੈੱਟ ਟ੍ਰੀਟਮੈਂਟ ਡਿਵਾਈਸ (30-120 ਲੀਟਰ ਸਮਰੱਥਾ), ਪਾਵਰ ਵੀਡਰ (ਇੰਜਣ ਦੁਆਰਾ ਸੰਚਾਲਿਤ 5 ਤੋਂ 7.5 BHP ਤੱਕ), ਗੰਨਾ ਰਟੂਨ ਮੈਨੇਜਰ, ਵਾਈਡ-ਰੋ ਰਿਜ/ਰਿਜ, ਰੋਟਾਵੇਟਰ (4 ਫੁੱਟ), ਟਰੈਕਟਰ ਦੁਆਰਾ ਸੰਚਾਲਿਤ ਸਪ੍ਰੇਅਰ, ਸਬ-ਸੋਇਲਰ/ਚਿਸਲਰ, ਗੰਨਾ ਕਟਰ/ਸਟ੍ਰਿਪਰ/ਪਲਾਂਟਰ ਅਤੇ ਮਿੰਨੀ ਟਰੈਕਟਰ ਵਰਗੇ ਆਧੁਨਿਕ ਖੇਤੀਬਾੜੀ ਯੰਤਰਾਂ ਦਾ ਲਾਭ ਲੈਣ ਲਈ ਵੀ ਕਿਸਾਨ 30 ਸਤੰਬਰ 2026 ਦੇ ਵਿਚਕਾਰ ਖੇਤੀਬਾੜੀ ਵਿਭਾਗ ਦੀ ਵੈੱਬਸਾਈਟ 'ਤੇ ਆਨਲਾਈਨ ਅਰਜ਼ੀ ਦੇ ਸਕਦੇ ਹਨ। ਯੋਜਨਾ ਨਾਲ ਸਬੰਧਤ ਵਿਸਤ੍ਰਿਤ ਜਾਣਕਾਰੀ ਅਤੇ ਜ਼ਰੂਰੀ ਦਿਸ਼ਾ-ਨਿਰਦੇਸ਼ ਵੀ ਵਿਭਾਗ ਦੀ ਅਧਿਕਾਰਤ ਵੈੱਬਸਾਈਟ 'ਤੇ ਉਪਲਬਧ ਕਰਵਾ ਦਿੱਤੇ ਗਏ ਹਨ।

## ਹਰਿਆਣਾ ਸਰਕਾਰ ਨੇ ਸ਼ੁਰੂ ਕੀਤੀ ਬਾਗਬਾਨੀ ਦੀ ਮੁਫ਼ਤ ਸਿਖਲਾਈ ਯੋਜਨਾ; 'ਪਹਿਲਾਂ ਆਓ, ਪਹਿਲਾਂ ਪਾਓ' ਦੇ ਆਧਾਰ 'ਤੇ ਕਿਸਾਨਾਂ ਨੂੰ ਮਿਲੇਗਾ ਹੁਨਰ ਵਿਕਾਸ ਦਾ ਮੌਕਾ

**ਚੰਡੀਗੜ੍ਹ, 4 ਸਤੰਬਰ**
**-ਸੰਜੀਵ ਸਿਗਲਾ-**

ਹਰਿਆਣਾ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼੍ਰੀ ਸ਼ਿਆਮ ਸਿੰਘ ਰਾਣਾ ਨੇ ਰਾਜ ਦੇ ਕਿਸਾਨਾਂ ਨੂੰ ਆਧੁਨਿਕ ਅਤੇ ਵਿਗਿਆਨਕ ਖੇਤੀ ਨਾਲ ਜੋੜਨ ਲਈ ਇੱਕ ਮਹੱਤਵਪੂਰਨ ਪਹਿਲ ਦਾ ਐਲਾਨ ਕੀਤਾ ਹੈ। ਉਨ੍ਹਾਂ ਦੱਸਿਆ ਕਿ ਬਾਗਬਾਨੀ ਵਿਭਾਗ ਵੱਲੋਂ ਸਾਲ 2026-27 ਦੌਰਾਨ 'ਏਕੀਕ੍ਰਿਤ ਬਾਗਬਾਨੀ ਵਿਕਾਸ ਕੇਂਦਰ, ਸੁੰਦਰਹ, ਮਹਿੰਦਰਗੜ੍ਹ' ਵਿੱਚ ਰਾਜ ਭਰ ਦੇ ਕਿਸਾਨਾਂ ਲਈ ਵੱਖ-ਵੱਖ ਕਿਸਮ ਦੀਆਂ ਬਾਗਬਾਨੀ ਤਕਨੀਕਾਂ ਦਾ ਮੁਫ਼ਤ 05 ਦਿਨਾਂ ਸਿਖਲਾਈ ਪ੍ਰੋਗਰਾਮ ਆਯੋਜਿਤ ਕੀਤਾ ਜਾ ਰਿਹਾ ਹੈ।

ਸ਼੍ਰੀ ਰਾਣਾ ਨੇ ਕਿਹਾ ਕਿ ਸਰਕਾਰ ਦਾ ਮੁੱਖ ਟੀਚਾ ਕਿਸਾਨਾਂ ਨੂੰ ਰਵਾਇਤੀ ਫਸਲਾਂ ਦੇ ਨਾਲ-ਨਾਲ ਉੱਚ ਮੁੱਲ ਵਾਲੀਆਂ ਬਾਗਬਾਨੀ ਫਸਲਾਂ, ਜੈਵਿਕ ਖੇਤੀ ਅਤੇ ਸੁਰੱਖਿਅਤ ਖੇਤੀ ਵੱਲ ਉਤਸ਼ਾਹਤ ਕਰਨਾ ਹੈ ਤਾਂ ਜੋ ਉਨ੍ਹਾਂ ਦੀ ਆਮਦਨ ਵਿੱਚ ਸਥਾਈ ਵਾਧਾ ਹੋ ਸਕੇ।




ਖੇਤੀਬਾੜੀ ਮੰਤਰੀ ਨੇ ਸਿਖਲਾਈ ਪ੍ਰੋਗਰਾਮਾਂ ਦੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਸੁੰਦਰਹ ਸਥਿਤ ਕੇਂਦਰ ਵਿੱਚ ਵੱਖ-ਵੱਖ ਵਿਸ਼ਿਆਂ 'ਤੇ ਵਿਸ਼ੇਸ਼ ਸਿਖਲਾਈ ਸੈਸ਼ਨ ਆਯੋਜਿਤ ਕੀਤੇ ਜਾਣਗੇ। ਇਨ੍ਹਾਂ ਵਿੱਚ 7 ਸਤੰਬਰ ਤੋਂ 11 ਸਤੰਬਰ 2026 ਅਤੇ 14 ਦਸੰਬਰ ਤੋਂ 18 ਦਸੰਬਰ 2026 ਤੱਕ ਸਬਜ਼ੀਆਂ ਦੀ ਸੁਰੱਖਿਅਤ ਖੇਤੀ 'ਤੇ ਸਿਖਲਾਈ ਦਿੱਤੀ ਜਾਵੇਗੀ।

ਇਸ ਤੋਂ ਇਲਾਵਾ 14 ਸਤੰਬਰ ਤੋਂ 18 ਸਤੰਬਰ 2026, 5 ਅਕਤੂਬਰ ਤੋਂ 9 ਅਕਤੂਬਰ 2026 ਅਤੇ 2 ਨਵੰਬਰ ਤੋਂ 6 ਨਵੰਬਰ 2026 ਦੌਰਾਨ ਮਸ਼ਰੂਮ ਉਤਪਾਦਨ ਅਤੇ ਤਕਨੀਕਾਂ 'ਤੇ ਡੂੰਘੀ ਵਿਹਾਰਕ ਸਿਖਲਾਈ ਪ੍ਰਦਾਨ ਕੀਤੀ ਜਾਵੇਗੀ। ਉੱਥੇ ਹੀ, 12 ਅਕਤੂਬਰ ਤੋਂ 16 ਅਕਤੂਬਰ 2026 ਤੱਕ ਬਾਗਬਾਨੀ ਫਸਲਾਂ ਦੀ ਜੈਵਿਕ ਖੇਤੀ 'ਤੇ ਸੈਸ਼ਨ ਦਾ ਆਯੋਜਨ ਹੋਵੇਗਾ, ਅਤੇ 16 ਨਵੰਬਰ ਤੋਂ 20 ਨਵੰਬਰ 2026 ਅਤੇ 7 ਦਸੰਬਰ ਤੋਂ 11 ਦਸੰਬਰ 2026 ਤੱਕ ਖੁੱਲ੍ਹੇ ਖੇਤ ਵਿੱਚ ਬਾਗਬਾਨੀ ਫਸਲਾਂ ਦੇ ਉਤਪਾਦਨ ਦੀ ਸਿਖਲਾਈ ਮਿਲੇਗੀ।

ਸ਼੍ਰੀ ਸ਼ਿਆਮ ਸਿੰਘ ਰਾਣਾ ਨੇ ਅੱਗੇ ਦੱਸਿਆ ਕਿ ਪ੍ਰਦੇਸ਼ ਦੇ ਨੌਜਵਾਨਾਂ ਅਤੇ ਕਿਸਾਨਾਂ ਨੂੰ ਨਰਸਰੀ ਪ੍ਰਬੰਧਨ ਵਿੱਚ ਆਤਮਨਿਰਭਰ ਬਣਾਉਣ ਲਈ 'ਹਰਿਆਣਾ ਬਾਗਬਾਨੀ ਨਰਸਰੀ ਨਿਯਮ 2026' ਤਹਿਤ ਵਿਸ਼ੇਸ਼ ਸਿਖਲਾਈ ਮੋਡੀਊਲ ਤਿਆਰ ਕੀਤੇ ਗਏ ਹਨ, ਜਿਨ੍ਹਾਂ ਦਾ ਆਯੋਜਨ 30 ਨਵੰਬਰ ਤੋਂ 04 ਦਸੰਬਰ 2026, 28 ਦਸੰਬਰ 2026 ਤੋਂ 1 ਜਨਵਰੀ 2027, 18 ਜਨਵਰੀ ਤੋਂ 22 ਜਨਵਰੀ 2027, 1 ਫਰਵਰੀ ਤੋਂ 05 ਫਰਵਰੀ 2027 ਅਤੇ 15 ਫਰਵਰੀ ਤੋਂ 19 ਫਰਵਰੀ 2027 ਤੱਕ ਕੀਤਾ ਜਾਵੇਗਾ।

ਇਸ ਤੋਂ ਇਲਾਵਾ, ਨਵੇਂ ਬਾਗਾਂ ਦੇ ਬੂਟੇ ਲਗਾਉਣ ਅਤੇ ਫਲ ਉਤਪਾਦਨ ਤਕਨੀਕਾਂ 'ਤੇ 4 ਜਨਵਰੀ ਤੋਂ 8 ਜਨਵਰੀ 2027 ਤੱਕ 5 ਦਿਨਾਂ ਸਿਖਲਾਈ ਆਯੋਜਿਤ ਹੋਵੇਗੀ।

ਇੱਕ ਸਰਕਾਰੀ ਬੁਲਾਰੇ ਨੇ ਅੱਗੇ ਦੱਸਿਆ ਕਿ ਹਰਿਆਣਾ ਦੇ ਸਾਰੇ ਜ਼ਿਲ੍ਹਿਆਂ ਦੇ 18 ਤੋਂ 60 ਸਾਲ ਦੀ ਉਮਰ ਦੇ ਕਿਸਾਨ ਬਾਗਬਾਨੀ ਵਿਭਾਗ ਦੇ ਪੋਰਟਲ kaushal.hortharyana.gov.in ਦੇ ਮਾਧਿਅਮ ਨਾਲ ਆਪਣੀ ਆਨਲਾਈਨ ਅਰਜ਼ੀ ਦੇ ਸਕਦੇ ਹਨ। ਹਰੇਕ ਸਿਖਲਾਈ ਬੈਚ ਲਈ 20 ਸੀਟਾਂ ਨਿਰਧਾਰਤ ਕੀਤੀਆਂ ਗਈਆਂ ਹਨ, ਅਤੇ ਉਮੀਦਵਾਰਾਂ ਦੀ ਚੋਣ ਪਹਿਲਾਂ ਆਓ, ਪਹਿਲਾਂ ਪਾਓ ਦੇ ਆਧਾਰ 'ਤੇ ਕੀਤੀ ਜਾਵੇਗੀ। ਸਿਖਲਾਈ ਦੌਰਾਨ ਰਾਤ ਦੇ ਠਹਿਰਾਅ ਦੀ ਵਿਵਸਥਾ ਨਹੀਂ ਹੋਵੇਗੀ ਅਤੇ ਚੁਣੇ ਗਏ ਉਮੀਦਵਾਰਾਂ ਨੂੰ ਪਹਿਲੇ ਦਿਨ ਆਪਣਾ ਆਧਾਰ ਕਾਰਡ ਅਤੇ ਪਰਿਵਾਰ ਪਛਾਣ ਪੱਤਰ (PPP) ਦੀ ਫੋਟੋਕਾਪੀ ਪੇਸ਼ ਕਰਨੀ ਪਵੇਗੀ।

ਉਨ੍ਹਾਂ ਇੱਛੁਕ ਕਿਸਾਨਾਂ ਨੂੰ ਅਪੀਲ ਕੀਤੀ ਕਿ ਵਧੇਰੇ ਜਾਣਕਾਰੀ ਲਈ ਸਿਖਲਾਈ ਇੰਚਾਰਜ ਡਾ. ਮੁਕੇਸ਼ ਸ਼ਿਵਰਾਣ (9983414484, 8076830135) ਨਾਲ ਸੰਪਰਕ ਕਰਕੇ ਇਸ ਸਰਕਾਰੀ ਯੋਜਨਾ ਦਾ ਸਮੇਂ ਸਿਰ ਲਾਭ ਉਠਾਓ।

